ਕੇਂਦਰ ਸਰਕਾਰ,
ਪੰਜਾਬ ਸਰਕਾਰ,
ਹਰਿਆਣਾ ਸਰਕਾਰ
ਤੋਂ ਹਰ ਤਰ੍ਹਾਂ ਦੇ ਸਰਕਾਰੀ
ਇਸ਼ਤਿਹਾਰਾਂ ਲਈ ਮਨਜ਼ੂਰ।
ਇਸ਼ਤਿਹਾਰ ਪ੍ਰਕਾਸ਼ਿਤ
ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 35ਵਾਂ ਸਾਲ
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes
ਪੰਜਾਬ ਐਡੀਸ਼ਨ
PUNJAB EDITION
ਸਾਹਿਬਜ਼ਾਦਾ ਅਜੀਤ ਸਿੰਘ ਨਗਰ



ਮੋਗਾ ਤੇ ਕੋਟ ਈਸੇਖਾਂ ਨਗਰ ਕੌਂਸਲ, ਨਗਰ ਪੰਚਾਇਤ ਚੋਣਾਂ ਅਮਨ ਅਮਾਨ ਨਾਲ ਹੋਈਆਂ 07

ਸਾਲ 36, ਅੰਕ 146 Ph (Mohali Office) : 0160-2990739; (M) : +91-98156-16078 ਬੁੱਧਵਾਰ, 27 ਮਈ 2026 ( 13 ਜੇਠ, ਨਾਨਕਸ਼ਾਹੀ ਸੰਮਤ 558 ) RNI NO. PBPUN/25/RAA36(51354/90) ਸਫ਼ੇ - 8 ਮੁੱਲ : ₹ 2

## ਪੰਜਾਬ ਨਗਰ ਨਿਗਮ ਚੋਣਾਂ 2026 : ਹਿੰਸਾ ਦੀਆਂ ਕਈ ਥਾਂਈ ਘਟਨਾਵਾਂ ਦੌਰਾਨ ਪੰਜਾਬ ਵਿੱਚ ਵੋਟਿੰਗ ਸਮਾਪਤ; ਮਾਹੌਲ ਤਣਾਅਪੂਰਨ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ ਨਗਰ ਨਿਗਮ ਚੋਣਾਂ ਲਈ ਵੋਟਿੰਗ ਹਿੰਸਾ ਅਤੇ ਪੱਥਰਬਾਜ਼ੀ ਦੀਆਂ ਛੋਟੀਆਂ-ਛੋਟੀਆਂ ਘਟਨਾਵਾਂ ਵਿਚਕਾਰ ਸਮਾਪਤ ਹੋਈ। ਇਸ ਦੌਰਾਨ ਕਈ ਥਾਵਾਂ ਤੋਂ ਪੱਥਰਬਾਜ਼ੀ ਅਤੇ ਝੜਪਾਂ ਦੀਆਂ ਰਿਪੋਰਟਾਂ ਸਾਹਮਣੇ ਆਈਆਂ।

ਜਲੰਧਰ : ਪੰਜਾਬ 'ਚ ਨਗਰ ਨਿਗਮਾਂ ਅਤੇ ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਵੋਟਾਂ ਪੈਣ ਦਾ ਕੰਮ ਖ਼ਤਮ ਹੋ ਚੁੱਕਾ ਹੈ। ਇਹ ਵੋਟਿੰਗ ਸਵੇਰੇ 8 ਵਜੇ ਤੋਂ ਸ਼ੁਰੂ ਹੋਈ ਸੀ, ਜੋ ਕਿ ਸ਼ਾਮ ਦੇ 5 ਵਜੇ ਤੱਕ ਚੱਲੀ। ਵੋਟਾਂ ਪਾਉਣ ਨੂੰ ਲੈ ਕੇ ਤਪਦੀ ਗਰਮੀ ਦੇ ਬਾਵਜੂਦ ਵੀ ਵੋਟਰਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਮਿਲਿਆ। ਲੋਕ ਸਵੇਰ ਤੋਂ ਹੀ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪੋਲਿੰਗ ਬੂਥਾਂ 'ਤੇ ਪੁੱਜਣਾ ਸ਼ੁਰੂ ਹੋ ਗਏ ਸਨ। ਤਿੱਖੀ ਗਰਮੀ ਦੇ ਬਾਵਜੂਦ ਵੋਟਰਾਂ ਦੇ ਹੌਸਲੇ 'ਚ ਕੋਈ ਕਮੀ ਨਹੀਂ ਦਿਖਾਈ ਦਿੱਤੀ ਅਤੇ ਔਰਤਾਂ, ਨੌਜਵਾਨਾਂ ਤੇ ਬਜ਼ੁਰਗ ਵੀ ਵੱਡੀ ਗਿਣਤੀ 'ਚ ਵੋਟਿੰਗ




ਵਿੱਚ ਹਿੱਸਾ ਲਿਆ। ਹਾਲਾਂਕਿ ਕਈ ਥਾਵਾਂ 'ਤੇ ਝੜਪਾਂ ਵੀ ਹੋਈਆਂ ਅਤੇ ਕਈ ਇਲਾਕਿਆਂ 'ਚ ਜਾਅਲੀ ਵੋਟਾਂ ਨੂੰ ਲੈ ਕੇ ਵੀ ਸਵਾਲ ਉੱਠੇ। ਇਸ ਦੇ ਬਾਵਜੂਦ ਪੰਜਾਬ ਭਰ 'ਚ ਵੋਟਿੰਗ ਪ੍ਰਕਿਰਿਆ ਦਾ ਕੰਮ ਅਮਨ-ਸ਼ਾਂਤੀ ਨਾਲ ਨਿੱਬੜ ਗਿਆ। ਇਨ੍ਹਾਂ ਵੋਟਾਂ ਦੀ ਗਿਣਤੀ 29 ਮਈ ਨੂੰ ਕੀਤੀ ਜਾਵੇਗੀ।

ਦੁਪਹਿਰ 2 ਵਜੇ ਤੱਕ 45.60 ਫ਼ੀਸਦੀ ਹੋਈ ਵੋਟਿੰਗ

ਰਾਏਕੋਟ ਵਿੱਚ ਵੋਟਿੰਗ ਹਿੰਸਕ ਢੰਗ ਨਾਲ ਸ਼ੁਰੂ ਹੋਈ। ਸਵੇਰੇ ਤੜਕੇ, ਵਾਰਡ ਨੰਬਰ 4 ਤੋਂ ਕਾਂਗਰਸ ਦੇ ਉਮੀਦਵਾਰ ਜਗਦੇਵ ਸਿੰਘ ਜੱਗਾ 'ਤੇ ਇੱਕ ਪੋਲਿੰਗ ਬੂਥ ਦੇ ਅੰਦਰ ਜਾਨਲੇਵਾ ਹਮਲਾ ਕੀਤਾ ਗਿਆ। ਹਮਲਾਵਰਾਂ 'ਤੇ ਆਮ ਆਦਮੀ ਪਾਰਟੀ (ਆਪ) ਦੇ ਮੈਂਬਰ ਹੋਣ ਦਾ ਦੋਸ਼ ਹੈ। ਜੱਗਾ ਨੂੰ ਪਹਿਲਾਂ ਸਿਵਲ ਹਸਪਤਾਲ ਲਿਜਾਇਆ ਗਿਆ ਅਤੇ ਬਾਅਦ ਵਿੱਚ ਸ਼ਹਿਰ ਦੇ ਸਭ ਤੋਂ ਵੱਡੇ ਨਿੱਜੀ ਹਸਪਤਾਲ ਵਿੱਚ ਤਬਦੀਲ ਕਰ ਦਿੱਤਾ ਗਿਆ। ਰਿਪੋਰਟਾਂ ਤੋਂ ਪਤਾ ਚੱਲਦਾ ਹੈ ਕਿ ਜੱਗਾ ਦੇ ਸਿਰ ਵਿੱਚ ਗੰਭੀਰ ਸੱਟਾਂ ਲੱਗੀਆਂ ਹਨ ਅਤੇ ਉਸਨੂੰ ਅਗਲੇ ਇਲਾਜ ਲਈ ਚੰਡੀਗੜ੍ਹ ਦੇ ਪੀਜੀਆਈ (ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ) ਰੈਫਰ ਕੀਤਾ ਜਾ ਰਿਹਾ ਹੈ।

ਰਾਏਕੋਟ ਵਿੱਚ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਸਮਰਥਕਾਂ ਵਿਚਕਾਰ ਸੋਮਵਾਰ ਦੁਪਹਿਰ ਨੂੰ ਸ਼ੁਰੂ ਹੋਇਆ ਝਗੜਾ ਰਾਤ ਨੂੰ ਖੂਨੀ ਝੜਪ ਬਾਕੀ ਸਫ਼ਾ 7 'ਤੇ

## ਕੁਲਜੀਤ ਸਿੰਘ ਬੇਦੀ ਨੇ ਵੱਖ-ਵੱਖ ਵਾਰਡਾਂ ਦੇ ਬੂਥਾਂ ਦਾ ਕੀਤਾ ਦੌਰਾ ਕਿਹਾ - ਮੋਹਾਲੀ ਨਗਰ ਨਿਗਮ 'ਚ ਕਾਂਗਰਸ ਦੀ ਵਾਪਸੀ ਤੈਅ

**ਦੇਸ਼ ਪ੍ਰਦੇਸ਼** ਸ਼ਸ਼ੀ ਪਾਲ ਜੈਨ ਮੋਹਾਲੀ 26 ਮਈ : ਮੋਹਾਲੀ ਨਗਰ ਨਿਗਮ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ ਅਤੇ ਹਰ ਪਾਰਟੀ ਆਪਣੇ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਪੂਰੀ ਤਾਕਤ ਲਾ ਰਹੀ ਹੈ। ਇਸੇ ਕੜੀ ਤਹਿਤ ਮੋਹਾਲੀ ਨਗਰ ਨਿਗਮ ਦੇ ਸਾਬਕਾ ਡਿਪਟੀ ਮੇਅਰ ਅਤੇ ਸੀਨੀਅਰ ਕਾਂਗਰਸੀ ਆਗੂ ਕੁਲਜੀਤ ਸਿੰਘ ਬੇਦੀ ਨੇ ਅੱਜ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਪਹੁੰਚ ਕੇ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਦੇ ਬੂਥਾਂ ਦਾ ਦੌਰਾ ਕੀਤਾ ਅਤੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲੈਂਦੇ ਹੋਏ ਵਰਕਰਾਂ ਅਤੇ ਸਮਰਥਕਾਂ ਦਾ ਹੌਸਲਾ ਵਧਾਇਆ। ਇਸ ਦੌਰਾਨ ਕੁਲਜੀਤ ਸਿੰਘ ਬੇਦੀ ਦਾ ਕਈ ਥਾਵਾਂ 'ਤੇ ਪਾਰਟੀ ਵਰਕਰਾਂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਬੂਥਾਂ 'ਤੇ ਮੌਜੂਦ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸਮਰਥਕਾਂ ਨੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਨਾਅਰੇਬਾਜ਼ੀ ਵੀ ਕੀਤੀ। ਬੇਦੀ ਨੇ ਕਿਹਾ ਕਿ ਮੋਹਾਲੀ ਦੀ ਜਨਤਾ ਇਸ ਵਾਰ ਨਗਰ ਨਿਗਮ ਵਿੱਚ ਮੁੜ ਕਾਂਗਰਸ ਪਾਰਟੀ ਨੂੰ ਲਿਆਉਣ ਦਾ ਮਨ ਬਣਾ ਚੁੱਕੀ ਹੈ ਅਤੇ ਲੋਕ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਸਮਰਥਨ ਦੇ ਰਹੇ ਹਨ।




ਉਹਨਾਂ ਕਿਹਾ ਕਿ ਜਿੱਥੇ ਜਿੱਥੇ ਵੀ ਉਹ ਚੋਣ ਪ੍ਰਚਾਰ ਜਾਂ ਬੂਥ ਦੌਰਿਆਂ ਲਈ ਗਏ ਹਨ, ਉਥੇ ਲੋਕਾਂ ਵਿੱਚ ਕਾਂਗਰਸ ਪਾਰਟੀ ਲਈ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ ਹੈ। ਲੋਕ ਮੌਜੂਦਾ ਹਾਲਾਤਾਂ ਤੋਂ ਨਿਰਾਸ਼ ਹਨ ਅਤੇ ਆਮ ਆਦਮੀ ਪਾਰਟੀ ਦੇ ਝੂਠੇ ਵਾਅਦਿਆਂ, ਅਧੂਰੇ ਕੰਮਾਂ ਅਤੇ ਲੋਕਾਂ ਨਾਲ ਕੀਤੇ ਗਏ ਲਾਰਿਆਂ ਤੋਂ ਤੰਗ ਆ ਚੁੱਕੇ ਹਨ। ਉਹਨਾਂ ਕਿਹਾ ਕਿ ਚੋਣਾਂ ਦੌਰਾਨ ਲੋਕਾਂ ਦਾ ਰੁਝਾਨ ਸਾਫ ਦੱਸ ਰਿਹਾ ਹੈ ਕਿ ਮੋਹਾਲੀ ਵਿੱਚ ਇਸ ਵਾਰ ਕਾਂਗਰਸ ਪਾਰਟੀ ਦੀ ਮਜ਼ਬੂਤ ਵਾਪਸੀ ਹੋਣ ਜਾ ਰਹੀ ਹੈ। ਕੁਲਜੀਤ ਸਿੰਘ ਬੇਦੀ ਨੇ ਦਾਅਵਾ ਕੀਤਾ ਕਿ ਖਾਸ ਤੌਰ 'ਤੇ ਮੁਲਾਜ਼ਮ ਵਰਗ ਵਿੱਚ ਆਮ ਆਦਮੀ ਪਾਰਟੀ ਪ੍ਰਤੀ ਭਾਰੀ ਨਾਰਾਜ਼ਗੀ ਹੈ। ਉਹਨਾਂ ਕਿਹਾ ਕਿ ਸਰਕਾਰੀ ਕਰਮਚਾਰੀਆਂ, ਪੈਨਸ਼ਨਰਾਂ ਅਤੇ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਨੇ ਪਿਛਲੇ ਸਮੇਂ ਦੌਰਾਨ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਅਤੇ ਰੈਲੀਆਂ ਤੱਕ ਕੱਢੀਆਂ, ਜਿਸ ਨਾਲ ਸਾਫ ਹੈ ਕਿ ਕਰਮਚਾਰੀ ਵਰਗ ਸਰਕਾਰ ਦੀ ਕਾਰਗੁਜ਼ਾਰੀ ਤੋਂ ਸੰਤੁਸ਼ਟ ਨਹੀਂ ਹੈ। ਮੋਹਾਲੀ ਵਿੱਚ ਵੱਡੀ ਗਿਣਤੀ ਵਿੱਚ ਰਹਿੰਦਾ ਮੁਲਾਜ਼ਮ ਵਰਗ ਇਸ ਵਾਰ ਵੋਟਾਂ ਰਾਹੀਂ ਆਪਣਾ ਗੁੱਸਾ ਜ਼ਾਹਿਰ ਕਰਨ ਲਈ ਤਿਆਰ ਬੈਠਾ ਹੈ। ਉਹਨਾਂ ਕਿਹਾ ਕਿ ਸਿਰਫ ਕਰਮਚਾਰੀ ਹੀ ਨਹੀਂ, ਸਗੋਂ ਕਿਸਾਨ, ਵਪਾਰੀ, ਮਹਿਲਾਵਾਂ ਅਤੇ ਨੌਜਵਾਨ ਵਰਗ ਵੀ ਕਾਂਗਰਸ ਪਾਰਟੀ ਦੇ ਹੱਕ ਵਿੱਚ ਖੁੱਲ੍ਹ ਕੇ ਸਾਹਮਣੇ ਆ ਰਿਹਾ ਹੈ। ਹਰ ਵਰਗ ਨੂੰ ਇਹ ਯਕੀਨ ਹੈ ਕਿ ਸਿਰਫ ਕਾਂਗਰਸ ਪਾਰਟੀ ਹੀ ਮੋਹਾਲੀ ਦੇ ਵਿਕਾਸ ਨੂੰ ਬਾਕੀ ਸਫ਼ਾ 7 'ਤੇ

## ਸਰਹੱਦੀ ਖੇਤਰ 'ਚ 50 ਕਿਲੋਮੀਟਰ ਦੇ ਅੰਦਰ ਦੀ ਸੁਰੱਖਿਆ 'ਤੇ ਨਜ਼ਰ ਰੱਖਣ ਦੇ ਬੀਐਸਐਫ ਜਵਾਨਾਂ ਨੂੰ ਅਮਿਤ ਸ਼ਾਹ ਦੇ ਨਿਰਦੇਸ਼



**ਦੇਸ਼ ਪ੍ਰਦੇਸ਼** ਬੀਕਾਨੇਰ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਆਪਣੇ ਬੀਕਾਨੇਰ ਦੌਰੇ ਦੌਰਾਨ ਮੰਗਲਵਾਰ ਨੂੰ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਸਥਿਤ ਸਾਂਚ ਪੋਸਟ ਪਹੁੰਚੇ। ਉੱਥੇ ਉਨ੍ਹਾਂ ਨੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨੂੰ ਸੰਬੋਧਨ ਕਰਦਿਆਂ ਸਰਹੱਦੀ ਸੁਰੱਖਿਆ ਦੇ ਘੇਰੇ ਨੂੰ ਵਧਾਉਣ ਅਤੇ ਨਵੀਆਂ ਚੁਣੌਤੀਆਂ ਨਾਲ ਨਜਿੱਠਣ ਲਈ ਇੱਕ ਨਵਾਂ ਦਿਸ਼ਾ-ਨਿਰਦੇਸ਼ ਦਿੱਤਾ। ਇਸ ਦੌਰਾਨ ਗ੍ਰਹਿ ਮੰਤਰੀ ਨੇ 'ਪ੍ਰਹਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ ਸਪੱਸ਼ਟ ਕੀਤਾ ਕਿ ਬੀ.ਐਸ.ਐਫ. ਦੀ ਜ਼ਿੰਮੇਵਾਰੀ ਸਿਰਫ਼ ਸਰਹੱਦ ਦੀ ਲਕੀਰ ਤੱਕ ਸੀਮਤ ਨਹੀਂ ਹੈ, ਬਲਕਿ ਉਨ੍ਹਾਂ ਨੂੰ ਸਰਹੱਦ ਤੋਂ 50 ਕਿਲੋਮੀਟਰ ਅੰਦਰ ਤੱਕ ਦੇ ਖੇਤਰ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਸੰਭਾਲਣੀ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਦਾਇਰੇ ਵਿੱਚ ਹੋਣ ਵਾਲੇ ਕਿਸੇ ਵੀ ਗੈਰ-ਕਾਨੂੰਨੀ ਉਸਾਰੀ ਦੀ ਜਾਣਕਾਰੀ ਤੁਰੰਤ ਸਥਾਨਕ ਪੁਲਸ ਅਤੇ ਪ੍ਰਸ਼ਾਸਨ ਨੂੰ ਦਿੱਤੀ ਜਾਣੀ ਚਾਹੀਦੀ ਹੈ। ਇਸ ਤੋਂ ਇਲਾਵਾ ਜੇਕਰ ਸਰਹੱਦੀ ਪਿੰਡਾਂ ਦੀ ਆਬਾਦੀ ਵਿੱਚ ਕੋਈ ਅਸਾਧਾਰਨ ਬਦਲਾਅ ਨਜ਼ਰ ਆਉਂਦਾ ਹੈ, ਤਾਂ ਸੂਬਾ ਸਰਕਾਰ ਨੂੰ ਤੁਰੰਤ ਸੁਚੇਤ ਕੀਤਾ ਜਾਵੇ। ਅਮਿਤ ਸ਼ਾਹ ਨੇ ਡਰੋਨ ਰਾਹੀਂ ਹੋ ਰਹੀ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ (ਨਾਰਕੋਟਿਕਸ) ਦੀ ਤਸਕਰੀ ਨੂੰ ਦੇਸ਼ ਦੀ ਸੁਰੱਖਿਆ ਲਈ ਇੱਕ ਵੱਡੀ ਚੁਣੌਤੀ ਦੱਸਿਆ। ਉਨ੍ਹਾਂ ਐਲਾਨ ਕੀਤਾ ਕਿ ਭਾਰਤ ਸਰਕਾਰ ਅਗਲੇ ਛੇ ਮਹੀਨਿਆਂ ਵਿੱਚ ਸਰਹੱਦ 'ਤੇ ਡਰੋਨ ਰੋਧੀ ਸਿਸਟਮ ਲਗਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦੇਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਭਾਰਤੀ ਸਰਜ਼ਮੀਨ 'ਤੇ ਉਤਰਨ ਵਾਲੇ ਡਰੋਨਾਂ ਨੂੰ ਕੌਣ ਰਿਸੀਵ ਬਾਕੀ ਸਫ਼ਾ 7 'ਤੇ

## ਨਿੱਜੀ ਵਾਹਨਾਂ ਦੀ ਵਰਤੋਂ ਘਟਾਉਣ ਲਈ ਹਰ ਪਿੰਡ ਤੇ ਸ਼ਹਿਰ ਨੂੰ ਬੱਸ ਸੇਵਾ ਨਾਲ ਜੋੜਿਆ ਜਾਣਾ ਚਾਹੀਦੈ : ਸੀਐਮ ਸੈਣੀ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੈਟਰੋਲ ਅਤੇ ਡੀਜ਼ਲ ਦੀ ਖਪਤ ਨੂੰ ਰੋਕਣ ਲਈ ਨਿੱਜੀ ਵਾਹਨਾਂ ਦੀ ਵਰਤੋਂ ਘਟਾਉਣਾ ਜ਼ਰੂਰੀ ਹੈ, ਅਤੇ ਇਹ ਤਾਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ ਜੇਕਰ ਸਰਕਾਰੀ ਬੱਸ ਸੇਵਾਵਾਂ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਸਕਣ। ਇਸ ਲਈ, ਟਰਾਂਸਪੋਰਟ ਵਿਭਾਗ ਨੂੰ ਪੂਰੇ ਰਾਜ ਲਈ ਇੱਕ ਵਿਆਪਕ ਰੂਟ ਮੈਪ ਤਿਆਰ ਕਰਨਾ ਚਾਹੀਦਾ ਹੈ - ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਵਧਦੀ ਆਬਾਦੀ ਦੇ ਨਾਲ-ਨਾਲ ਭਵਿੱਖ ਦੀ ਉਮੀਦ ਅਨੁਸਾਰ ਮੰਗ - ਅਤੇ, ਇਸ ਸੋਧੀ ਹੋਈ ਯੋਜਨਾ ਦੇ ਅਨੁਸਾਰ, ਵੱਧ ਤੋਂ ਵੱਧ ਪਿੰਡਾਂ ਅਤੇ ਸ਼ਹਿਰਾਂ ਨੂੰ ਬੱਸ ਨੈੱਟਵਰਕ ਨਾਲ ਜੋੜਨਾ ਚਾਹੀਦਾ ਹੈ। ਮੁੱਖ ਮੰਤਰੀ ਨੇ ਮੰਗਲਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿਖੇ 'ਹਰਿਆਣਾ ਵਿਜ਼ਨ-2047' ਪਹਿਲਕਦਮੀ ਤਹਿਤ ਟਰਾਂਸਪੋਰਟ ਵਿਭਾਗ ਦੇ 5 ਸਾਲਾ ਰੋਡਮੈਪ ਅਤੇ ਕਾਰਜ ਯੋਜਨਾ




■ 'ਹਰਿਆਣਾ ਵਿਜ਼ਨ-2047' ਤਹਿਤ ਟਰਾਂਸਪੋਰਟ ਵਿਭਾਗ ਦੇ 5 ਸਾਲਾ ਰੋਡਮੈਪ ਅਤੇ ਕਾਰਜ ਯੋਜਨਾ ਸਬੰਧੀ ਸਮੀਖਿਆ ਮੀਟਿੰਗ ਦੌਰਾਨ ਜਾਰੀ ਕੀਤੇ ਗਏ ਨਿਰਦੇਸ਼

ਦਾ ਮੁਲਾਂਕਣ ਕਰਨ ਲਈ ਆਯੋਜਿਤ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਇਹ ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੌਰਾਨ, ਉਨ੍ਹਾਂ ਨੇ ਭਵਿੱਖ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਟਰਾਂਸਪੋਰਟ ਵਿਭਾਗ ਦੁਆਰਾ ਅਪਣਾਈਆਂ ਜਾਣ ਵਾਲੀਆਂ ਨਵੀਆਂ ਤਕਨਾਲੋਜੀਆਂ ਅਤੇ ਯੋਜਨਾਵਾਂ ਦੀ ਸਮੀਖਿਆ ਵੀ ਕੀਤੀ, ਇਸ ਸਬੰਧ ਵਿੱਚ ਅਧਿਕਾਰੀਆਂ ਨੂੰ ਵਿਆਪਕ ਦਿਸ਼ਾ-ਨਿਰਦੇਸ਼ ਪ੍ਰਦਾਨ ਕੀਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਢੁਕਵੇਂ ਪ੍ਰਬੰਧਨ ਨਾਲ, ਟਰਾਂਸਪੋਰਟ ਵਿਭਾਗ ਬੱਸਾਂ ਦੀ ਘਾਟ ਨੂੰ ਦੂਰ ਕਰ ਸਕਦਾ ਹੈ ਅਤੇ ਨਾਲ ਹੀ ਇਹ ਯਕੀਨੀ ਬਣਾ ਸਕਦਾ ਹੈ ਕਿ ਆਵਾਜਾਈ ਸਹੂਲਤਾਂ ਆਬਾਦੀ ਦੇ ਇੱਕ ਵੱਡੇ ਹਿੱਸੇ ਲਈ ਪਹੁੰਚਯੋਗ ਹੋਣ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਜਦੋਂ ਕਿ ਰਾਜ ਵਿੱਚ ਆਬਾਦੀ - ਲਗਭਗ 6,500 ਪਿੰਡਾਂ ਅਤੇ ਵੱਖ-ਵੱਖ ਸ਼ਹਿਰੀ ਖੇਤਰਾਂ ਵਿੱਚ ਫੈਲੀ ਹੋਈ ਹੈ - ਸਮੇਂ ਦੇ ਨਾਲ ਕਾਫ਼ੀ ਵਧੀ ਹੈ, ਟਰਾਂਸਪੋਰਟ ਵਿਭਾਗ ਦੀਆਂ ਬੱਸ ਸੇਵਾਵਾਂ ਦੀ ਪਹੁੰਚ ਉਸ ਅਨੁਸਾਰ ਨਹੀਂ ਵਧੀ ਹੈ। ਉਨ੍ਹਾਂ ਨੇ ਵਿਭਾਗ ਨੂੰ ਮੌਜੂਦਾ ਜ਼ਰੂਰਤਾਂ ਦੇ ਅਨੁਸਾਰ ਇੱਕ ਰਾਜ-ਵਿਆਪੀ ਰੂਟ ਯੋਜਨਾ ਤਿਆਰ ਕਰਨ ਅਤੇ ਇੱਕ ਰਣਨੀਤੀ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਜੋ ਇਹ ਯਕੀਨੀ ਬਣਾਏ ਕਿ ਬੱਸ ਸੇਵਾਵਾਂ ਹਰ ਪਿੰਡ ਤੱਕ ਪਹੁੰਚਣ। ਉਦੇਸ਼ ਵਿਦਿਆਰਥੀਆਂ, ਔਰਤਾਂ ਅਤੇ ਕੰਮ ਕਰਨ ਵਾਲੇ ਪੇਸ਼ੇਵਰਾਂ ਨੂੰ ਜਨਤਕ ਬੱਸਾਂ ਦੀ ਪੂਰੀ ਹੱਦ ਤੱਕ ਵਰਤੋਂ ਕਰਨ ਲਈ ਉਤਸ਼ਾਹਿਤ ਕਰਨਾ ਹੈ, ਜਿਸ ਨਾਲ ਨਿੱਜੀ ਵਾਹਨਾਂ 'ਤੇ ਨਿਰਭਰਤਾ ਵਿੱਚ ਕਮੀ ਆਵੇਗੀ। ਉਨ੍ਹਾਂ ਨੇ ਪਿੰਡਾਂ ਦੇ 'ਸਰਕਲ' ਬਣਾਉਣ ਦਾ ਬਾਕੀ ਸਫ਼ਾ 7 'ਤੇ

## ਗੁਰਦਾਸਪੁਰ/ਦੀਨਾਨਗਰ/ਕਾਦੀਆਂ ਨਗਰ ਕੌਂਸਲ ਆਮ ਚੋਣਾਂ 13 ਜੂਨ ਨੂੰ

**ਦੇਸ਼ ਪ੍ਰਦੇਸ਼** ਗੁਰਦਾਸਪੁਰ, 26 ਮਈ (ਗੁਲਸ਼ਨ ਰਣੀਆ) : ਸਥਾਨਕ ਸਰਕਾਰਾਂ ਵਿਭਾਗ, ਪੰਜਾਬ ਦੁਆਰਾ ਪੰਜਾਬ ਮਿਊਂਸੀਪਲ ਐਕਟ, 1911 ਦੀ ਧਾਰਾ 13-ਏ ਅਧੀਨ ਜਾਰੀ ਨੋਟੀਫਿਕੇਸ਼ਨ ਨੰਬਰ 03/01/ਈਲੈਕਸ਼ਨਸ(ਐਸ-2)/ਐਮਈਬੀ/2026/78 ਮਿਤੀ 21.05.2026 ਅਨੁਸਾਰ ਰਾਜ ਚੋਣ ਕਮਿਸ਼ਨ ਪੰਜਾਬ ਨੇ ਨਗਰ ਕੌਂਸਲ ਦੀਨਾਨਗਰ, ਨਗਰ ਕੌਂਸਲ ਗੁਰਦਾਸਪੁਰ, ਨਗਰ ਕੌਂਸਲ ਕਾਦੀਆਂ ਅਤੇ ਨਗਰ ਕੌਂਸਲ ਸ਼ਾਮ ਚੌਰਾਸੀ ਦੇ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਕਰਵਾਉਣ ਦੀਆਂ ਤਰੀਕਾਂ ਦਾ ਐਲਾਨ ਕੀਤਾ ਹੈ ਚੋਣ ਸ਼ਡਿਊਲ ਅਨੁਸਾਰ, ਨਾਮਜ਼ਦਗੀ ਪੱਤਰ 30.05.2026 (ਸ਼ਨੀਵਾਰ) ਨੂੰ ਸਵੇਰੇ 11:00 ਵਜੇ ਤੋਂ ਦੁਪਹਿਰ 03:00 ਵਜੇ ਤੱਕ ਸਬੰਧਤ ਰਿਟਰਨਿੰਗ ਅਫਸਰ ਦੇ ਦਫ਼ਤਰ ਵਿਖੇ ਦਾਖਲ ਕੀਤੇ ਜਾਣੇ ਸ਼ੁਰੂ ਹੋਣਗੇ ਅਤੇ ਆਖਰੀ ਮਿਤੀ 03.06.2026 (ਬੁੱਧਵਾਰ)



ਦੁਪਹਿਰ 03:00 ਵਜੇ ਤੱਕ ਦਾਖਲ ਕੀਤੇ ਜਾ ਸਕਦੇ ਹਨ। ਨਾਮਜ਼ਦਗੀਆਂ ਦੀ ਜਾਂਚ 04.06.2026 (ਵੀਰਵਾਰ) ਨੂੰ ਹੋਵੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਮਿਤੀ 05.06.2026 (ਸ਼ੁੱਕਰਵਾਰ) ਦੁਪਹਿਰ 03:00 ਵਜੇ ਤੱਕ ਹੋਵੇਗੀ। ਇਨ੍ਹਾਂ ਨਗਰ ਕੌਂਸਲਾਂ ਦੀਆਂ ਚੋਣਾਂ 13.06.2026 (ਸ਼ਨੀਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ 04:00 ਵਜੇ ਤੱਕ ਹੋਣਗੀਆਂ। ਵੋਟਾਂ ਦੀ ਗਿਣਤੀ ਵੋਟਾਂ ਪੈਣ ਤੋਂ ਤੁਰੰਤ ਬਾਅਦ ਉਸੇ ਦਿਨ ਕੀਤੀ ਜਾਵੇਗੀ ਕਮਿਸ਼ਨ ਨੇ ਇਨ੍ਹਾਂ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਹਨ ਚੋਣ ਸ਼ਡਿਊਲ ਦੇ ਐਲਾਨ ਨਾਲ, ਇਨ੍ਹਾਂ ਨਗਰ ਕੌਂਸਲਾਂ ਦੇ ਅਧਿਕਾਰ ਖੇਤਰ ਵਿੱਚ, ਜਿੱਥੇ ਚੋਣਾਂ ਹੋਣੀਆਂ ਹਨ, ਆਦਰਸ਼ ਚੋਣ ਜ਼ਾਬਤਾ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਿਆ ਹੈ ਅਤੇ ਇਹ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਲਾਗੂ ਰਹੇਗਾ।

## ਮੁੱਖ ਮੰਤਰੀ ਮਾਨ ਦੇ ਸਾਬਕਾ ਓਐਸਡੀ ਗ੍ਰਿਫ਼ਤਾਰ



ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਪੁਲਿਸ ਨੇ ਮੰਗਲਵਾਰ ਨੂੰ ਧੂਰੀ ਵਿੱਚ ਚੱਲ ਰਹੀਆਂ ਨਗਰ ਕੌਂਸਲ ਚੋਣਾਂ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਾਬਕਾ ਓਐਸਡੀ ਪ੍ਰੋਫੈਸਰ ਓਂਕਾਰ ਸਿੰਘ ਨੂੰ ਹਿਰਾਸਤ ਵਿੱਚ ਲੈ ਲਿਆ। ਪ੍ਰੋਫੈਸਰ ਓਂਕਾਰ ਸਿੰਘ ਨੇ ਕੁਝ ਮਹੀਨੇ ਪਹਿਲਾਂ ਆਮ ਆਦਮੀ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਸੀ ਅਤੇ ਬਾਅਦ ਵਿੱਚ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਰਿਪੋਰਟਾਂ ਅਨੁਸਾਰ, ਉਨ੍ਹਾਂ ਨੂੰ ਧੂਰੀ ਨਗਰ ਕੌਂਸਲ ਚੋਣਾਂ ਨਾਲ ਸਬੰਧਤ ਪੋਲਿੰਗ ਦੌਰਾਨ ਪੁਲਿਸ ਹਿਰਾਸਤ ਵਿੱਚ ਲਿਆ ਗਿਆ ਸੀ। ਹਾਲਾਂਕਿ, ਹਿਰਾਸਤ ਪਿੱਛੇ ਸਹੀ ਕਾਰਨ ਦਾ ਤੁਰੰਤ ਪਤਾ ਨਹੀਂ ਲੱਗ ਸਕਿਆ।

## ਜਲੰਧਰ ਕੇਂਦਰੀ ਦੇ ਵਿਧਾਇਕ ਰਮਨ ਅਰੋੜਾ ਨੂੰ ਈਡੀ ਨੇ ਭੇਜਿਆ ਸੰਮਨ, ਭ੍ਰਿਸ਼ਟਾਚਾਰ ਦੇ ਮਾਮਲੇ 'ਚ ਮਿਲੀ ਹੋਈ ਜ਼ਮਾਨਤ

**ਦੇਸ਼ ਪ੍ਰਦੇਸ਼** ਜਲੰਧਰ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਈਡੀ ਨੇ ਜਲੰਧਰ ਕੇਂਦਰੀ ਦੇ ਵਿਧਾਇਕ ਰਮਨ ਅਰੋੜਾ ਨੂੰ ਸੰਮਨ ਭੇਜਿਆ ਹੈ। ਵਿਜੀਲੈਂਸ ਬਿਊਰੋ ਵੱਲੋਂ ਦਾਇਰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਜ਼ਮਾਨਤ 'ਤੇ ਚੱਲ ਰਹੇ ਵਿਧਾਇਕ ਨੂੰ ਹੋਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਦੱਸਿਆ ਜਾ ਰਿਹਾ ਹੈ ਕਿ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਵਿਧਾਇਕ ਖ਼ਿਲਾਫ਼ ਦਰਜ ਐਫਆਈਆਰ ਦੇ ਆਧਾਰ 'ਤੇ ਈਡੀ ਨੇ ਮਨੀ ਲਾਂਡਰਿੰਗ ਦੀ ਜਾਂਚ ਸ਼ੁਰੂ ਕਰ ਦਿੱਤੀ



ਹੈ। ਈਡੀ ਅਧਿਕਾਰੀਆਂ ਨੇ ਵਿਧਾਇਕ ਰਮਨ ਅਰੋੜਾ ਨੂੰ ਜਾਂਚ ਵਿੱਚ ਸ਼ਾਮਲ ਹੋਣ ਲਈ ਤਲਬ ਕੀਤਾ ਹੈ। ਉਨ੍ਹਾਂ ਨੂੰ ਜੂਨ ਦੇ ਪਹਿਲੇ ਹਫ਼ਤੇ ਪੁੱਛਗਿੱਛ ਲਈ ਪੇਸ਼ ਹੋਣ ਲਈ ਕਿਹਾ ਗਿਆ ਹੈ। ਜ਼ਿਕਰਯੋਗ ਹੈ ਕਿ ਵਿਧਾਇਕ ਰਮਨ ਅਰੋੜਾ ਨੂੰ ਪਿਛਲੇ ਸਾਲ 23 ਮਈ ਨੂੰ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਵਿਜੀਲੈਂਸ ਬਿਊਰੋ ਨੇ ਗ੍ਰਿਫ਼ਤਾਰ ਕੀਤਾ ਸੀ। ਬਾਅਦ ਵਿੱਚ ਸਤੰਬਰ 2025 ਤੱਕ ਜੇਲ੍ਹ ਵਿੱਚ ਰਹਿਣ ਤੋਂ ਬਾਅਦ ਉਨ੍ਹਾਂ ਨੂੰ ਜ਼ਮਾਨਤ ਦੇ ਦਿੱਤੀ ਗਈ ਸੀ। ਜ਼ਿਕਰਯੋਗ ਹੈ ਕਿ ਬਾਕੀ ਸਫ਼ਾ 7 'ਤੇ

## ਪੰਜਾਬ ਕਾਂਗਰਸ ਮੁਖੀ ਨਵੇਂ ਮੁਸੀਬਤ 'ਚ ਫਸੇ: ਐਸਸੀ ਕਮਿਸ਼ਨ ਨੇ ਰਾਜਾ ਵੜਿੰਗ ਨੂੰ ਵਿਵਾਦਪੂਰਨ ਬਿਆਨ 'ਤੇ ਕੀਤਾ ਨੋਟਿਸ ਜਾਰੀ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ, ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਜੁੜੇ ਇੱਕ ਕਥਿਤ ਆਡੀਓ ਕਲਿੱਪ ਬਾਰੇ ਸਖ਼ਤ ਰੁਖ਼ ਅਪਣਾਇਆ ਹੈ। ਇਹ ਦੋਸ਼ ਲਗਾਇਆ ਗਿਆ ਹੈ ਕਿ ਵਾਇਰਲ ਆਡੀਓ ਕਲਿੱਪ ਵਿੱਚ ਇਤਰਾਜ਼ਯੋਗ ਟਿੱਪਣੀਆਂ ਹਨ, ਜਿਵੇਂ ਕਿ 'ਡੇਢ [ਲੋਕ] ਇੱਕ ਹਜ਼ਾਰ [ਰੁਪਏ] ਲਈ' ਅਤੇ 'ਭੇਡਾਂ ਦੋ ਹਜ਼ਾਰ [ਰੁਪਏ] ਲਈ'। ਮਾਮਲੇ ਦਾ 'ਖੁਦ ਨੋਟਿਸ' ਲੈਂਦੇ ਹੋਏ, ਕਮਿਸ਼ਨ ਨੇ ਮੁਕਤਸਰ ਦੇ ਸੀਨੀਅਰ ਪੁਲਿਸ ਸੁਪਰਡੈਂਟ



(ਐਸਐਸਪੀ) ਨੂੰ 29 ਮਈ ਨੂੰ ਸਵੇਰੇ 9:00 ਵਜੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨ ਦੀ ਕਾਰਵਾਈ ਸਮਾਜਿਕ ਸੁਰੱਖਿਆ ਮੰਤਰੀ, ਡਾ. ਬਲਜੀਤ ਕੌਰ ਤੋਂ ਪ੍ਰਾਪਤ ਇੱਕ ਪੱਤਰ ਤੋਂ ਬਾਅਦ ਹੋਈ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਐਕਟ, 2004 ਦੀ ਧਾਰਾ 10 ਤਹਿਤ ਜਾਂਚ ਸ਼ੁਰੂ ਕੀਤੀ ਗਈ ਹੈ। ਕਮਿਸ਼ਨ ਨੇ ਪੁਲਿਸ ਨੂੰ ਆਡੀਓ ਨਮੂਨੇ ਦੀ ਫੋਰੈਂਸਿਕ ਜਾਂਚ ਕਰਨ ਅਤੇ ਇੱਕ ਵਿਆਪਕ ਤੱਥ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਨੋਟਿਸ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ ਕਿ ਆਪਣੇ ਆਦੇਸ਼ਾਂ ਦੀ ਪਾਲਣਾ ਬਾਕੀ ਸਫ਼ਾ 7 'ਤੇ

## 328 ਪਾਵਨ ਸਰੂਪਾਂ ਦੇ ਮਾਮਲੇ 'ਤੇ ਬਣੀ ਸਿੱਟ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਧਿਕਾਰਾਂ 'ਚ ਦੇ ਰਹੀ ਹੈ ਦਖ਼ਲ : ਐਡਵੋਕੇਟ ਹਰਜਿੰਦਰ ਸਿੰਘ ਧਾਮੀ

**ਦੇਸ਼ ਪ੍ਰਦੇਸ਼** ਅੰਮ੍ਰਿਤਸਰ, 26 ਮਈ (ਮੋਹਕਮ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਦੀ ਕਾਰਗੁਜ਼ਾਰੀ 'ਤੇ ਗੰਭੀਰ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਹੈ ਕਿ ਸਿੱਟ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਸ਼੍ਰੋਮਣੀ ਕਮੇਟੀ ਦੇ ਅੰਦਰੂਨੀ ਅਤੇ ਪ੍ਰਬੰਧਕੀ ਮਾਮਲਿਆਂ ਵਿੱਚ ਗੈਰ-ਜ਼ਰੂਰੀ ਦਖਲਅੰਦਾਜ਼ੀ ਕਰ ਰਹੀ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜਾਂਚ ਦੇ ਨਾਮ ਹੇਠ ਸਿੱਖਾਂ ਦੀ ਪ੍ਰਮੁੱਖ ਧਾਰਮਿਕ ਸੰਸਥਾ ਦੀ ਸੰਵਿਧਾਨਕ ਹਸਤੀ ਨੂੰ ਸੱਟ ਮਾਰਨ ਦੀ



ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਸ ਨੂੰ ਕਿਸੇ ਵੀ ਸੂਰਤ ਵਿੱਚ ਸਵੀਕਾਰ ਨਹੀਂ ਕੀਤਾ ਜਾ ਸਕਦਾ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ਼ੁਰੂ ਤੋਂ ਹੀ ਪੂਰੀ ਸੁਹਿਰਦਤਾ ਅਤੇ ਪਾਰਦਰਸ਼ਤਾ ਨਾਲ ਜਾਂਚ ਟੀਮ ਨੂੰ ਸਹਿਯੋਗ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਨੂੰ ਮੁੱਖ ਰੱਖਦਿਆਂ ਸਿੱਟ ਨੂੰ ਹਰ ਲੋੜੀਂਦੀ ਜਾਣਕਾਰੀ ਅਤੇ ਸਹਾਇਤਾ ਪ੍ਰਦਾਨ ਕੀਤੀ ਗਈ, ਪਰੰਤੂ ਦੁੱਖ ਦੀ ਗੱਲ ਹੈ ਕਿ ਸਿੱਟ ਨੇ ਇਸ ਸਹਿਯੋਗ ਨੂੰ ਸਮਝਣ ਦੀ ਬਜਾਏ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਅਤੇ ਅੰਦਰੂਨੀ ਮਾਮਲਿਆਂ ਨੂੰ ਆਪਣੇ ਏਜੰਡੇ ਦਾ ਹਿੱਸਾ ਬਣਾ ਲਿਆ ਹੈ। ਉਨ੍ਹਾਂ ਕਿਹਾ ਕਿ ਸਿੱਟ ਵੱਲੋਂ ਲਗਾਤਾਰ ਅਜਿਹੀਆਂ ਜਾਣਕਾਰੀਆਂ ਮੰਗੀਆਂ ਜਾ ਰਹੀਆਂ ਹਨ, ਜਿਨ੍ਹਾਂ ਦਾ 328 ਪਾਵਨ ਸਰੂਪਾਂ ਦੇ ਮਾਮਲੇ ਨਾਲ ਦੂਰ-ਦੂਰ ਤੱਕ ਕੋਈ ਸੰਬੰਧ ਨਹੀਂ ਬਣਦਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਤਰਾਜ਼ ਜਤਾਉਂਦਿਆਂ ਕਿਹਾ ਕਿ ਸਿੱਟ ਵੱਲੋਂ ਸ਼੍ਰੋਮਣੀ ਕਮੇਟੀ ਦੇ ਵਿੱਤੀ ਖਾਤਿਆਂ, ਬੈਂਕ ਲੈਣ-ਦੇਣ ਅਤੇ ਸਮੁੱਚੇ ਆਰਥਿਕ ਬਾਕੀ ਸਫ਼ਾ 7 'ਤੇ

## ਪੰਜਾਬ ਦੀਆਂ 3 ਹਸਤੀਆਂ ਪਦਮ ਸ਼੍ਰੀ ਨਾਲ ਸਨਮਾਨਿਤ

**ਦੇਸ਼ ਪ੍ਰਦੇਸ਼** ਨਵੀਂ ਦਿੱਲੀ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਦੀਆਂ ਤਿੰਨ ਸ਼ਖਸੀਅਤਾਂ ਨੂੰ ਅੱਜ ਪਦਮ ਸ਼੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚ ਹਾਕੀ ਕੋਚ ਬਲਦੇਵ ਸਿੰਘ, ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ ਅਤੇ ਸੰਤ ਨਿਰੰਜਨ ਦਾਸ ਸ਼ਾਮਲ ਹਨ। ਦੱਸ ਦਈਏ ਕਿ ਹਰਮਨਪ੍ਰੀਤ ਕੌਰ ਨੇ ਪਿਛਲੇ ਸਾਲ ਇਤਿਹਾਸ ਰਚਿਆ, ਭਾਰਤ ਲਈ ਵਿਸ਼ਵ ਕੱਪ ਜਿੱਤਣ ਵਾਲੀ ਪਹਿਲੀ ਮਹਿਲਾ ਕਪਤਾਨ ਬਣੀ। ਉਨ੍ਹਾਂ ਦੇ ਸ਼ਾਨਦਾਰ ਕਰੀਅਰ, ਪ੍ਰਾਪਤੀਆਂ ਅਤੇ ਅਗਵਾਈ ਲਈ ਪਦਮ ਸ਼ ?ਰੀ ਨਾਲ ਸਨਮਾਨਿਤ ਕੀਤਾ ਗਿਆ। ਪੰਜਾਬ ਤੋਂ ਰਹਿਣ ਵਾਲੀ, ਹਰਮਨਪ੍ਰੀਤ ਕੌਰ ਨੇ ਭਾਰਤ ਲਈ 7 ਟੈਸਟ, 164 ਇੱਕ ਰੋਜ਼ਾ ਅਤੇ 195 ਟੀ-20 ਅੰਤਰਰਾਸ਼ਟਰੀ ਮੈਚ ਖੇਡੇ ਹਨ, ਜਿਸ ਵਿੱਚ ਕ੍ਰਮਵਾਰ 230, 4541 ਅਤੇ 3991 ਦੌੜਾਂ ਬਣਾਈਆਂ ਹਨ। ਇਨ੍ਹਾਂ ਤੋਂ ਇਲਾਵਾ ਬਲਦੇਵ ਸਿੰਘ ਇੱਕ ਤਜਰਬੇਕਾਰ ਹਾਕੀ ਕੋਚ ਹਨ ਜਿਨ੍ਹਾਂ ਨੇ



50 ਤੋਂ ਵੱਧ ਅੰਤਰਰਾਸ਼ਟਰੀ ਖਿਡਾਰੀਆਂ ਨੂੰ ਸਲਾਹ ਦਿੱਤੀ ਹੈ ਅਤੇ ਇੱਕ ਪ੍ਰਮੁੱਖ ਮਹਿਲਾ ਹਾਕੀ ਸਿਖਲਾਈ ਕੇਂਦਰ ਸਥਾਪਤ ਕੀਤਾ ਹੈ। ਅਧਿਆਤਮਿਕ ਆਗੂ ਸੰਤ ਨਿਰੰਜਨ ਦਾਸ ਨੇ ਸਰਵਣ ਦਾਸ ਚੈਰੀਟੇਬਲ ਆਈ ਹਸਪਤਾਲ ਅਤੇ ਸਰਵਣ ਦਾਸ ਮਾਡਲ ਸਕੂਲ ਦੀ ਸਥਾਪਨਾ ਕੀਤੀ। ਉਨ੍ਹਾਂ ਨੇ ਸਾਰੇ ਲੋਕਾਂ ਨੂੰ ਡਰ ਅਤੇ ਗਰੀਬੀ ਤੋਂ ਮੁਕਤ ਜੀਵਨ ਜਿਉਣ ਦਾ ਉਪਦੇਸ਼ ਦਿੱਤਾ। ਤਿੰਨਾਂ ਲਈ ਪਦਮ ਸ਼੍ਰੀ ਪੁਰਸਕਾਰਾਂ ਦਾ ਐਲਾਨ ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ ਕੀਤਾ ਗਿਆ ਸੀ ਅਤੇ ਹੁਣ ਸੋਮਵਾਰ ਨੂੰ ਪ੍ਰਦਾਨ ਕੀਤੇ ਜਾਣਗੇ। ਦੱਸ ਦੇਈਏ ਕਿ ਇਸ ਸਾਲ ਜਨਵਰੀ ਵਿੱਚ ਰਾਸ਼ਟਰਪਤੀ ਨੇ ਪਦਮ ਪੁਰਸਕਾਰਾਂ ਦਾ ਐਲਾਨ ਕੀਤਾ ਸੀ, ਜਿਸ ਵਿੱਚ ਭਾਰਤੀ ਕ੍ਰਿਕਟਰ ਰੋਹਿਤ ਸ਼ਰਮਾ ਸਮੇਤ 9 ਦਿੱਗਜਾਂ ਨੂੰ ਚੁਣਿਆ ਗਿਆ ਸੀ।

## ਮਨੀ ਲਾਂਡਰਿੰਗ ਦੇ ਮਾਮਲੇ 'ਚ ਈਡੀ ਵੱਲੋਂ ਰੌਇਲ ਅਸਟੇਟ ਗਰੁੱਪ ਦੇ ਦਫ਼ਤਰਾਂ ਤੇ ਪ੍ਰਮੋਟਰਾਂ ਦੇ ਟਿਕਾਣਿਆਂ ਤੇ ਛਾਪੇ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਐਨਫੋਰਸਮੈਂਟ ਡਾਇਰੈਕਟੋਰੇਟ ਨੇ ਅੱਜ ਨਿਗਮ ਤੇ ਕੌਂਸਲ ਚੋਣਾਂ ਦਰਮਿਆਨ ਮਨੀ ਲਾਂਡਰਿੰਗ ਦੇ ਮਾਮਲੇ 'ਚ ਰੌਇਲ ਅਸਟੇਟ ਗਰੁੱਪ ਅਤੇ ਚੰਡੀਗੜ੍ਹ ਰੌਇਲ ਸਿਟੀ ਪ੍ਰਮੋਟਰਜ਼ ਪ੍ਰਾਈਵੇਟ ਲਿਮਟਿਡ ਦੇ ਅੱਧੀ ਦਰਜਨ ਟਿਕਾਣਿਆਂ 'ਤੇ ਛਾਪੇ ਮਾਰੇ। ਇਨ੍ਹਾਂ ਕੰਪਨੀਆਂ ਨਾਲ ਜੁੜੇ ਰੀਅਲ ਅਸਟੇਟ ਡਿਵੈਲਪਰ ਪਰਵੀਨ ਕਾਂਸਲ ਉਰਫ਼ ਰੌਕੀ ਦੀ ਚੰਡੀਗੜ੍ਹ ਦੇ ਸੈਕਟਰ 20 ਵਿਚਲੀ ਰਿਹਾਇਸ਼ 'ਤੇ ਵੀ ਈ ਡੀ ਦੀ ਟੀਮ ਨੇ ਛਾਪਾ ਮਾਰਿਆ। ਪਰਵੀਨ ਕਾਂਸਲ ਰੌਕੀ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਦਾ ਨੇੜਲਾ ਰਿਹਾ ਹੈ ਅਤੇ ਰਾਮਪੁਰਾ ਫੂਲ ਦਾ ਰਹਿਣ ਵਾਲਾ ਹੈ। ਈ ਡੀ ਦੀਆਂ ਟੀਮਾਂ ਨੇ ਪਰਵੀਨ ਕਾਂਸਲ ਉਰਫ਼ ਰੌਕੀ ਤੋਂ ਇਲਾਵਾ ਨੀਰਜ ਕਾਂਸਲ, ਅਨੁਰਾਗ ਮਿੱਢਾ, ਦਲਜੀਤ ਸਿੰਘ, ਸੁਮਿਤ ਬਾਂਸਲ, ਲਿਆਕਤ ਅਲੀ ਨਾਲ ਜੁੜੇ ਟਿਕਾਣਿਆਂ




'ਤੇ ਛਾਪੇ ਮਾਰ ਕੇ ਤਲਾਸ਼ੀ ਮੁਹਿੰਮ ਚਲਾਈ। ਈ ਡੀ ਦੇ ਰਡਾਰ 'ਤੇ ਕੁੱਝ ਸਮੇਂ ਤੋਂ ਪਰਵੀਨ ਕਾਂਸਲ ਅਤੇ ਨੀਰਜ ਕਾਂਸਲ ਸਨ ਅਤੇ ਇਹ ਮਾਮਲਾ ਜ਼ਮੀਨ ਨਾਲ ਕਥਿਤ ਬੇਨਿਯਮੀਆਂ ਨਾਲ ਜੁੜਿਆ ਵੀ ਦੱਸਿਆ ਜਾ ਰਿਹਾ ਹੈ। ਈ ਡੀ ਦੀਆਂ ਟੀਮਾਂ ਨੇ ਅੱਜ ਸਵੇਰ ਛੇ ਵਜੇ ਮੁਹਾਲੀ, ਜ਼ੀਰਕਪੁਰ ਅਤੇ ਚੰਡੀਗੜ੍ਹ 'ਚ ਉਪਰੋਕਤ ਕੰਪਨੀ ਦੇ ਟਿਕਾਣਿਆਂ 'ਤੇ ਇੱਕੋ ਸਮੇਂ ਛਾਪੇਮਾਰੀ ਕੀਤੀ। ਕੰਪਨੀ ਦੇ ਚੰਡੀਗੜ੍ਹ ਦਿੱਲੀ ਕੌਮੀ ਮਾਰਗ 'ਤੇ ਪੈਂਦੇ ਮੁੱਖ ਦਫ਼ਤਰ ਦੀ ਵੀ ਤਲਾਸ਼ੀ ਲਈ ਗਈ। ਪਤਾ ਲੱਗਿਆ ਹੈ ਕਿ ਈ ਡੀ ਦੀਆਂ ਟੀਮਾਂ ਵੱਲੋਂ ਜਾਇਦਾਦਾਂ ਨਾਲ ਸਬੰਧਿਤ ਦਸਤਾਵੇਜ਼ਾਂ, ਡਿਜੀਟਲ ਡਿਵਾਈਸ ਅਤੇ ਵਿੱਤੀ ਲੈਣ ਦੇਣ ਨਾਲ ਸਬੰਧਿਤ ਰਿਕਾਰਡ ਜ਼ਬਤ ਵੀ ਕੀਤਾ ਗਿਆ ਹੈ। ਈ ਡੀ ਬਾਕੀ ਸਫ਼ਾ 7 'ਤੇ

## ਲੈਫਟੀਨੈਂਟ ਜਨਰਲ ਹਰਜੀਤ ਸਿੰਘ ਸਾਹੀ ਨੇ ਪੱਛਮੀ ਕਮਾਂਡ ਦੇ ਚੀਫ਼ ਆਫ਼ ਸਟਾਫ਼ ਵਜੋਂ ਅਹੁਦਾ ਸੰਭਾਲਿਆ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ) : ਲੈਫਟੀਨੈਂਟ ਜਨਰਲ ਹਰਜੀਤ ਸਿੰਘ ਸਾਹੀ, ਪੀਵੀਐਸਐਮ, ਯੂਵਾਈਐਸਐਮ, ਏਵੀਐਸਐਮ, ਵਾਈਐਸਐਮ, ਐਸਐਮ, ਨੇ 26 ਮਈ, 2026 ਨੂੰ ਹੈੱਡਕੁਆਰਟਰ ਪੱਛਮੀ ਕਮਾਂਡ, ਚੰਡੀਮੰਦਰ ਮਿਲਟਰੀ ਸਟੇਸ਼ਨ ਵਿਖੇ ਚੀਫ਼ ਆਫ਼ ਸਟਾਫ਼ ਵਜੋਂ ਅਹੁਦਾ ਸੰਭਾਲਿਆ। ਉਹ ਲੈਫਟੀਨੈਂਟ ਜਨਰਲ ਪੁਨੀਤ ਆਹੂਜਾ, ਏਵੀਐਸਐਮ, ਐਸਐਮ, ਵੀਐਸਐਮ ਦੀ ਥਾਂ ਲੈਣਗੇ, ਜਿਨ੍ਹਾਂ ਨੇ ਆਰਮੀ ਹੈੱਡਕੁਆਰਟਰ ਵਿਖੇ ਡਾਇਰੈਕਟਰ ਜਨਰਲ ਰਣਨੀਤਕ ਯੋਜਨਾਬੰਦੀ ਦੀ ਨਿਯੁਕਤੀ ਸੰਭਾਲ ਲਈ ਹੈ। ਪੰਜਾਬ ਪਬਲਿਕ ਸਕੂਲ, ਨਾਭਾ ਅਤੇ ਇੰਡੀਅਨ ਮਿਲਟਰੀ ਅਕੈਡਮੀ, ਦੇਹਰਾਦੂਨ



ਦੇ ਸਾਬਕਾ ਵਿਦਿਆਰਥੀ, ਲੈਫਟੀਨੈਂਟ ਜਨਰਲ ਸਾਹੀ ਨੂੰ ਦਸੰਬਰ 1988 ਵਿੱਚ ਰਾਜਪੂਤ ਰੈਜੀਮੈਂਟ ਦੀ 23ਵੀਂ ਬਟਾਲੀਅਨ ਵਿੱਚ ਕਮਿਸ਼ਨ ਦਿੱਤਾ ਗਿਆ ਸੀ ਅਤੇ ਵਰਤਮਾਨ ਵਿੱਚ ਰਾਜਪੂਤ ਰੈਜੀਮੈਂਟ ਦੇ ਕਰਨਲ ਦੀ ਵਿਸ਼ੇਸ਼ ਨਿਯੁਕਤੀ ਹੈ। ਜਨਰਲ ਅਫਸਰ ਕੋਲ ਸਿਆਚਿਨ ਗਲੇਸ਼ੀਅਰ ਸਮੇਤ ਉੱਤਰੀ, ਪੱਛਮੀ ਅਤੇ ਪੂਰਬੀ ਸੈਕਟਰਾਂ ਵਿੱਚ ਵਿਆਪਕ ਸੰਚਾਲਨ ਦਾ ਤਜਰਬਾ ਹੈ। ਉਸਨੇ ਜੰਮੂ-ਕਸ਼ਮੀਰ ਵਿੱਚ ਕੰਟਰੋਲ ਰੇਖਾ ਦੇ ਨਾਲ ਬਾਕੀ ਸਫ਼ਾ 7 'ਤੇ

# ਇੱਕ ਨਜ਼ਰ . . .

## ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀ ਚੋਣਾਂ ਦੌਰਾਨ ਵੋਟਿੰਗ ਪ੍ਰਕਿਰਿਆ ਦਾ ਕੰਮ ਅਮਨ ਅਮਾਨ ਨਾਲ ਨੇਪਰੇ ਚੜ੍ਹਿਆ- ਜ਼ਿਲ੍ਹਾ ਚੋਣ ਅਫ਼ਸਰ

### ਜ਼ਿਲ੍ਹੇ ਵਿੱਚ ਨਗਰ ਕੌਂਸ਼ਲ ਅਤੇ ਨਗਰ ਪੰਚਾਇਤ ਚੋਣਾਂ ਵਿੱਚ ਕਰੀਬ 69.10 ਫੀਸਦੀ ਮਤਦਾਨ ਹੋਇਆ



ਫ਼ਤਹਿਗੜ੍ਹ ਸਾਹਿਬ, 26 ਮਈ (ਅਭਿਸ਼ੇਕ ਮਲਹੋਤਰਾ) ਜ਼ਿਲ੍ਹੇ ਅੰਦਰ ਨਗਰ ਕੌਂਸਲ ਸਰਹਿੰਦ-ਫ਼ਤਹਿਗੜ੍ਹ ਸਾਹਿਬ, ਮੰਡੀ ਗੋਬਿੰਦਗੜ੍ਹ, ਬੱਸੀ ਪਠਾਣਾਂ ਅਤੇ ਨਗਰ ਪੰਚਾਇਤ ਖਮਾਣੋਂ ਦੇ ਕੁੱਲ 80 ਵਾਰਡਾਂ ਦੀਆਂ ਚੋਣਾਂ ਸ਼ਾਂਤਮਈ ਢੰਗ ਨਾਲ ਨੇਪਰੇ ਚੜ੍ਹ ਗਈਆਂ ਹਨ। ਇਨ੍ਹਾਂ ਚੋਣਾਂ ਨੂੰ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਅਤੇ ਐਸ.ਐਸ.ਪੀ ਸ੍ਰੀ ਸ਼ੁਭਮ ਅਗਰਵਾਲ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਸਮੇਤ ਚੋਣ ਡਿਊਟੀ ਤੇ ਤਾਇਨਾਤ ਸਮੁੱਚੇ ਸਿਵਲ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹਨਾਂ ਚੋਣਾਂ ਵਿੱਚ ਵੋਟਰਾਂ ਨੇ ਆਪਣਾ ਪੂਰਾ ਉਤਸ਼ਾਹ ਦਿਖਾਇਆ ਅਤੇ ਸੁਚੱਜੇ ਢੰਗ ਨਾਲ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕੀਤਾ। ਉਹਨਾਂ ਦੱਸਿਆ ਕਿ ਨਗਰ ਕੌਂਸਲ ਮੰਡੀ ਗੋਬਿੰਦਗੜ ਵਿਖੇ 71.11 ਫੀਸਦੀ, ਸਰਹਿੰਦ-ਫ਼ਤਹਿਗੜ ਸਾਹਿਬ 64.05 ਫੀਸਦੀ, ਬੱਸੀ ਪਠਾਣਾਂ ਵਿਖੇ 67.77 ਫੀਸਦੀ ਅਤੇ ਨਗਰ ਪੰਚਾਇਤ ਖਮਾਣੋਂ ਵਿਖੇ 73.56 ਫੀਸਦੀ ਮਤਦਾਨ ਹੋਇਆ। ਇਸ ਤਰਾਂ ਜ਼ਿਲ੍ਹੇ ਵਿੱਚ ਕੁੱਲ 69.10 ਫੀਸਦੀ ਮਤਦਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।

## ਅਮਨ ਅਮਾਨ ਨਾਲ ਨੇਪਰੇ ਚੜੀਆਂ ਨਗਰ ਕੌਂਸਲ ਚੋਣਾਂ



ਭਵਾਨੀਗੜ੍ਹ, 25 ਮਈ ( ਹੈਪੀ ਸ਼ਰਮਾ ) -ਨਗਰ ਕੌਂਸਲ ਭਵਾਨੀਗੜ੍ਹ ਦੀਆਂ 15 ਵਾਰਡਾਂ ਦੀਆਂ ਚੋਣਾਂ ਅਮਨ ਅਮਾਨ ਨਾਲ ਨੇਪਰੇ ਚੜੀਆਂ। ਸਮੁੱਚੇ 15 ਵਾਰਡਾਂ ਦੇ ਕੁੱਲ 18500 ਵੋਟਰ ਹਨ ਜਿੰਨ੍ਹਾਂ ਵਿਚੋਂ 13225 ਵੋਟਰਾਂ ਨੇ ਆਪਦੀ ਵੋਟ ਦਾ ਇਸਤੇਮਾਲ ਕੀਤਾ ਜਿੰਨ੍ਹਾਂ ਦੀ ਕੁੱਲ 71.4 ਫੀਸਦੀ ਵੋਟ ਪੋਲ ਹੋਈ। ਹਲਕਾ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਕਾਂਗਰਸੀ ਹਲਕਾ ਇੰਚਾਰਜ ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ ਤੇ ਧੱਕੇ ਨਾਲ ਬੂਥਾਂ ਦੇ ਅੰਦਰ ਜਾਣ ਤੇ ਆਪਣੀ ਭੜਾਸ ਕੱਢੀ ਅਤੇ ਕਿਹਾ ਕਿ ਆਜਾ ਹੁਣ ਦੁਬਾਰਾ ਅੰਦਰ ਵੜਕੇ ਦਿਖਾ। ਕਾਂਗਰਸੀ ਅਤੇ ਅਕਾਲੀ ਦਲ ਦੇ ਉਮੀਦਵਾਰਾਂ ਨੇ ਸੀਲਾਂ ਸਹੀ ਢੰਗ ਨਾਲ ਲਾਉਣ ਦਾ ਦੋਸ਼ ਲਾਉਂਦਿਆਂ ਘਪਲਾ ਹੋਣ ਦਾ ਦੋਸ਼ ਲਗਾਇਆ। ਗਰਮੀ ਦਾ ਮੌਸਮ ਹੋਣ ਦੇ ਬਾਵਜੂਦ ਵੀ ਲੋਕਾਂ ਵਿਚ ਵੋਟ ਦਾ ਭਾਰੀ ਉਤਸ਼ਾਹ ਦਿਖਿਆ। ਸਾਰੇ ਬੂਥਾਂ ਤੇ ਪਾਣੀ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ। ਬਜੁਰਗ ਵੋਟਰਾਂ ਨੂੰ ਘਰੋਂ ਲਿਆਉਣ ਦਾ ਵੀ ਪੂਰਾ ਪ੍ਰਬੰਧ ਉਮੀਦਵਾਰਾਂ ਵਲੋਂ ਕੀਤਾ ਹੋਇਆ ਸੀ।

## ਮਾਲੇਰਕੋਟਲਾ ਨੇ ਫਿਰ ਦਿੱਤਾ ਭਾਈਚਾਰਕ ਸਾਂਝ ਅਤੇ ਅਮਨ-ਅਮਾਨ ਦਾ ਸੁਨੇਹਾ - ਐੱਸ.ਐੱਸ.ਪੀ. ਗੁਰਮੀਤ ਸਿੰਘ



ਮਾਲੇਰਕੋਟਲਾ, 26 ਮਈ :(ਮੁਨਸ਼ੀ ਫਾਰੂਕ) ਨਗਰ ਕੌਂਸਲ ਚੋਣਾਂ ਦੌਰਾਨ ਵਾਰਡ ਨੰਬਰ-8 ਵਿਖੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗੁਰਮੀਤ ਸਿੰਘ ਨੇ ਕਿਹਾ ਕਿ ਮਾਲੇਰਕੋਟਲਾ ਹਮੇਸ਼ਾ ਤੋਂ ਭਾਈਚਾਰਕ ਸਾਂਝ, ਅਮਨ-ਅਮਾਨ ਅਤੇ ਆਪਸੀ ਪਿਆਰ ਦਾ ਪ੍ਰਤੀਕ ਰਿਹਾ ਹੈ ਅਤੇ ਇਸ ਵਾਰ ਵੀ ਚੋਣਾਂ ਦੌਰਾਨ ਲੋਕਾਂ ਨੇ ਉਸ ਪਰੰਪਰਾ ਨੂੰ ਕਾਇਮ ਰੱਖਿਆ ਹੈ ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੁਝ ਅਫਵਾਹਾਂ ਫੈਲਾਈਆਂ ਜਾ ਰਹੀਆਂ ਸਨ ਕਿ ਵਾਰਡ ਨੰਬਰ-8 ਵਿੱਚ ਕਿਸੇ ਤਰ੍ਹਾਂ ਦੀ ਦਿੱਕਤ ਆ ਸਕਦੀ ਹੈ, ਪਰ ਸਾਰੇ ਉਮੀਦਵਾਰਾਂ, ਸਿਆਸੀ ਪਾਰਟੀਆਂ, ਵਰਕਰਾਂ ਅਤੇ ਵੋਟਰਾਂ ਨੇ ਮਿਲਜੁਲ ਕੇ ਸ਼ਾਂਤਮਈ ਅਤੇ ਨਿਰਪੱਖ ਚੋਣ ਪ੍ਰਕਿਰਿਆ ਨੂੰ ਯਕੀਨੀ ਬਣਾਇਆ ਹੈ ਉਨ੍ਹਾਂ ਦੱਸਿਆ ਕਿ ਸਾਰੇ ਉਮੀਦਵਾਰਾਂ ਨੇ ਆਪਸੀ ਸਹਿਮਤੀ ਨਾਲ ਭਾਈਚਾਰਕ ਸਾਂਝ ਅਤੇ ਕਾਨੂੰਨ ਦੀ ਪਾਲਣਾ ਨੂੰ ਪਹਿਲ ਦਿੱਤੀ, ਜਿਸ ਕਾਰਨ ਲੋਕ ਨੇ ਬਿਨਾਂ ਕਿਸੇ ਡਰ ਜਾਂ ਦਬਾਅ ਤੋਂ ਆਪਣੀ ਵੋਟ ਦਾ ਇਸਤੇਮਾਲ ਕੀਤਾ ।ਐੱਸ.ਐੱਸ.ਪੀ. ਨੇ ਕਿਹਾ ਕਿ ਪੁਲਿਸ ਵੱਲੋਂ ਲਗਾਤਾਰ ਇਲਾਕੇ ਵਿੱਚ ਚੌਕਸੀ ਅਤੇ ਮੁਸਤੈਦੀ ਨਾਲ ਡਿਊਟੀ ਨਿਭਾਈ ਜਾ ਰਹੀ ਹੈ ਅਤੇ ਹਰ ਪੋਲਿੰਗ ਬੂਥ 'ਤੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਉਮੀਦਵਾਰਾਂ, ਉਨ੍ਹਾਂ ਦੇ ਸਮਰਥਕਾਂ, ਵੋਟਰਾਂ ਅਤੇ ਆਮ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮਾਲੇਰਕੋਟਲਾ ਦਾ ਮੁਹੱਬਤ ਦਾ ਗੁਲਦਸਤਾ ਵਾਲਾ ਸੁਨੇਹਾ ਸਾਰਿਆਂ ਨੇ ਮਿਲ ਕੇ ਸੱਚੇ ਅਰਥਾਂ ਵਿੱਚ ਪੇਸ਼ ਕੀਤਾ ਹੈ। ਉਨ੍ਹਾਂ ਬਾਕੀ ਰਹਿੰਦੇ ਵਾਰਡਾਂ ਦੇ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸੇ ਤਰ੍ਹਾਂ ਅਮਨ-ਅਮਾਨ, ਭਾਈਚਾਰਕ ਸਾਂਝ ਅਤੇ ਲੋਕਤੰਤਰਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਦੇ ਹੋਏ ਸਮਾਜ ਵਿੱਚ ਸੁਚੇਤ ਨਾਗਰਿਕ ਵਜੋਂ ਅਹਿਮ ਰੋਲ ਨਿਭਾਉਂਦੇ ਰਹਿਣ ।

## ਸ਼ਾਰਟ ਸਰਕਟ ਕਾਰਨ ਕਰਿਆਨੇ ਦੀ ਦੁਕਾਨ ਨੂੰ ਲੱਗੀ ਅੱਗ



ਸ਼ਾਹਕੋਟ, 26 ਮਈ (ਕੁਲਜੀਤ ਸਿੰਘ ਖਿੰਡਾ): ਬੀਤੀ ਰਾਤ ਪਿੰਡ ਚੱਕ ਚੇਲਾ ਵਿਖੇ ਇਕ ਕਰਿਆਨੇ ਦੀ ਦੁਕਾਨ ਵਿਚ ਅਚਾਨਕ ਭਿਆਨਕ ਅੱਗ ਲੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਅੱਗ ਲੱਗਣ ਦੀ ਇਹ ਘਟਨਾ ਦੇਰ ਰਾਤ ਕਰੀਬ ਢਾਈ ਵਜੇ ਵਾਪਰੀ, ਜਿਸ ਬਾਰੇ ਆਸ-ਪਾਸ ਦੇ ਲੋਕਾਂ ਨੇ ਦੁਕਾਨ ਮਾਲਕ ਨੂੰ ਸੂਚਿਤ ਕੀਤਾ। ਜਾਣਕਾਰੀ ਅਨੁਸਾਰ ਅੱਗ ਲੱਗਣ ਦਾ ਮੁੱਖ ਕਾਰਨ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਇਸ ਹਾਦਸੇ ਵਿਚ ਦੁਕਾਨ ਅੰਦਰ ਪਿਆ ਇਕ ਫਰਿੱਜ ਅਤੇ ਕਰਿਆਨੇ ਦਾ ਹੋਰ ਸਾਰਾ ਸਾਮਾਨ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ। ਦੁਕਾਨ ਮਾਲਕ ਲਖਵੀਰ ਸਿੰਘ ਪੁੱਤਰ ਗੁਰਦੀਪ ਸਿੰਘ ਵਾਸੀ ਚੱਕ ਚੇਲਾ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਦੁਕਾਨ ਬੰਦ ਕਰਕੇ ਗਿਆ ਸੀ। ਅੱਗ ਲੱਗਣ ਤੋਂ ਬਾਅਦ ਦੁਕਾਨ ਨੇੜੇ ਰਹਿੰਦੇ ਲੋਕਾਂ ਵੱਲੋਂ ਉਨ੍ਹਾਂ ਨੂੰ ਦੱਸਿਆ ਗਿਆ। ਜਦੋਂ ਮੌਕੇ 'ਤੇ ਆ ਕੇ ਦੇਖਿਆ ਤਾਂ ਸਮਾਨ ਸੜ ਕੇ ਸੁਆਹ ਹੋ ਚੁੱਕਾ ਸੀ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਕਾਰਨ ਕਰੀਬ 50 ਤੋਂ 60 ਹਜ਼ਾਰ ਰੁਪਏ ਦਾ ਮਾਲੀ ਨੁਕਸਾਨ ਹੋਇਆ ਹੈ।

## ਜਿਲਾ ਪਠਾਨਕੋਟ ਪੁਲਿਸ ਨੇ ਪਾਕਿਸਤਾਨੀ ਖੁਫੀਆ ਏਜੰਸੀ ਲਈ ਜਾਸੂਸੀ ਕਰਨ ਵਾਲੇ 5 ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਕੀਤੀ ਹਾਸਲ



ਪਠਾਨਕੋਟ 26, ਮਈ (ਤਰੁਣ ਸਨਹੋਤਰਾ) ਜਿਲਾ ਪਠਾਨਕੋਟ ਪੁਲਿਸ ਨੇ ਪਾਕਿਸਤਾਨੀ ਖੁਫੀਆ ਏਜੰਸੀ ਲਈ ਜਾਸੂਸੀ ਕਰਨ ਵਾਲੇ ਇਕ ਵੱਡੇ ਗਿਰੋਹ ਦਾ ਪਰਦਾਫਾਸ ਕਰਦਿਆਂ ਪੰਜ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਡੀਜੀਪੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਦੇਸ਼ ਵਿਰੋਧੀ ਤੱਤਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਪੁਲਿਸ ਮੁਤਾਬਕ 21 ਮਈ 2026 ਨੂੰ ਖੁਫੀਆ ਸੂਚਨਾ ਮਿਲੀ ਸੀ ਕਿ ਬਲਜੀਤ ਸਿੰਘ ਉਰਫ਼ ਬੀਤੂ ਵਾਸੀ ਚੱਕ ਧਾਰੀਵਾਲ ਅਤੇ ਉਸ ਦੇ ਸਾਥੀ ਪਾਕਿਸਤਾਨੀ ਏਜੰਸੀ ISI ਲਈ ਕੰਮ ਕਰ ਰਹੇ ਹਨ। ਦੋਸ਼ੀਆਂ ਵੱਲੋਂ ਸੁਜਾਨਪੁਰ ਨੇੜੇ ©8-44 'ਤੇ ਪੁੱਲ ਨੰਬਰ 4 ਅਤੇ 5 ਦੇ ਵਿਚਕਾਰ ਇਕ ਦੁਕਾਨ 'ਤੇ ਸੀਸੀਟੀਵੀ ਕੈਮਰੇ ਲਗਾ ਕੇ ਆਰਮੀ ਅਤੇ ਪੈਰਾਮਿਲਟਰੀ ਫੋਰਸਾਂ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖੀ ਜਾ ਰਹੀ ਸੀ। ਇਹ ਲਾਈਵ ਫੀਡ ਇਲੈਕਟ੍ਰਾਨਿਕ ਮਾਧਿਅਮ ਰਾਹੀਂ ਪਾਕਿਸਤਾਨ ਭੇਜੀ ਜਾਂਦੀ ਸੀ। ਇਸ ਮਾਮਲੇ ਵਿੱਚ ਥਾਣਾ ਸੁਜਾਨਪੁਰ ਵਿਖੇ ਕੇਸ ਦਰਜ ਕੀਤਾ ਗਿਆ। ਜਾਂਚ ਦੌਰਾਨ ਦੁਕਾਨ ਮਾਲਕ ਅੰਕਿਤ ਸ਼ਰਮਾ ਨੂੰ ਵੀ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ ਬਲਜੀਤ ਦੇ ਭਰਾ ਹਰਦੀਪ ਸਿੰਘ 'ਤੇ ਸਬੂਤ ਨਸ਼ਟ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਗਿਆ। ਤਫਤੀਸ਼ ਵਿੱਚ ਇਹ ਵੀ ਸਾਹਮਣੇ ਆਇਆ ਕਿ ਬਲਜਿੰਦਰ ਸਿੰਘ ਉਰਫ਼ ਵਿੱਕੀ ਅਤੇ ਤਰਨਪ੍ਰੀਤ ਸਿੰਘ ਉਰਫ਼ ਤੰਨੂ, ਜੋ ਪਹਿਲਾਂ ਤੋਂ ਆਈਐਸਆਈ ਏਜੰਟਾਂ ਨਾਲ ਸੰਪਰਕ ਵਿੱਚ ਸਨ, ਇਸ ਜਾਸੂਸੀ ਗਿਰੋਹ ਦੇ ਅਹਿਮ ਮੈਂਬਰ ਸਨ। ਦੋਹਾਂ ਨੂੰ ਵੀ ਪੁਲਿਸ ਨੇ ਕਾਬੂ ਕਰ ਲਿਆ ਹੈ। ਪਠਾਨਕੋਟ ਪੁਲਿਸ ਨੇ ਕਿਹਾ ਕਿ ਦੇਸ਼ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਅਜਿਹੇ ਮਾਮਲਿਆਂ ਵਿੱਚ ਸਖ਼ਤ ਕਾਰਵਾਈ ਜਾਰੀ ਰਹੇਗੀ।

# ਪਵਨ ਦੀਵਾਨ ਨੇ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ਵਿੱਚ ਤੁਰੰਤ ਕਟੌਤੀ ਦੀ ਮੰਗ ਕੀਤੀ

**• ਰਿਕਾਰਡ ਤੇਲ ਮੁਨਾਫ਼ਿਆਂ ਦੇ ਬਾਵਜੂਦ ਲਗਾਤਾਰ ਤੇਲ ਮਹਿੰਗਾ ਕਰਨ ਦੀ ਕੀਤੀ ਨਿੰਦਾ**

ਲੁਧਿਆਣਾ, 26 ਮਈ (ਸੂਰਜ) ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਰ-ਵਾਰ ਕੀਤੇ ਜਾ ਰਹੇ ਵਾਧੇ ਨੂੰ ਲੈ ਕੇ ਮੋਦੀ ਸਰਕਾਰ ਨੂੰ ਘੇਰਦਿਆਂ, ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਕਿਹਾ ਕਿ ਸਿਰਫ਼ 10 ਦਿਨਾਂ ਦੇ ਅੰਦਰ ਲਗਾਤਾਰ ਚਾਰ ਵਾਧਿਆਂ ਰਾਹੀਂ ਪ੍ਰਤੀ ਲੀਟਰ ਲਗਭਗ 7.5 ਰੁਪਏ ਦੇ ਕੁੱਲ ਵਾਧੇ ਨੇ ਦੇਸ਼ ਭਰ ਦੇ ਲੋਕਾਂ ਨੂੰ ਹੈਰਾਨ ਅਤੇ ਪਰੇਸ਼ਾਨ ਕਰ ਦਿੱਤਾ ਹੈ। ਇਸ ਕਾਰਨ ਪਰਿਵਾਰਾਂ ਲਈ ਆਪਣੇ ਘਰੇਲੂ ਖਰਚੇ ਚਲਾਉਣਾ ਹੋਰ ਵੀ ਮੁਸ਼ਕਲ ਹੋ ਗਿਆ ਹੈ। ਇੱਥੇ ਜਾਰੀ ਇੱਕ ਬਿਆਨ ਵਿੱਚ, ਦੀਵਾਨ ਨੇ ਇਸਨੂੰ ਵੱਡਾ ਦੁੱਖ ਕਰਾਰ ਦਿੱਤਾ ਹੈ ਕਿ ਜਦੋਂ ਸਰਕਾਰੀ ਤੇਲ ਮਾਰਕੀਟਿੰਗ ਕੰਪਨੀਆਂ (ਓਐਮਸੀਜ਼) ਭਾਰੀ ਮੁਨਾਫ਼ੇ ਕਮਾ ਰਹੀਆਂ ਹਨ, ਉਸੇ ਸਮੇਂ ਤੇਲ ਦੀਆਂ ਕੀਮਤਾਂ ਛੋਟੇ-ਛੋਟੇ ਅੰਤਰਾਲਾਂ ਵਿੱਚ ਲਗਾਤਾਰ ਵਧਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਖ਼ੁਲਾਸਾ ਕੀਤਾ ਕਿ ਵਿੱਤੀ ਸਾਲ 2025-26 ਦੌਰਾਨ ਓਐਮਸੀਜ਼ ਨੇ 77,280.65 ਕਰੋੜ ਰੁਪਏ ਦਾ ਸ਼ਾਨਦਾਰ ਮੁਨਾਫ਼ਾ ਦਰਜ ਕੀਤਾ, ਜਿਹੜੇ ਪਿਛਲੇ ਸਾਲ ਦੇ ਮੁਕਾਬਲੇ ਲਗਭਗ 130 ਫੀਸਦੀ ਵੱਧ ਹੈ। ਇਸਦੇ ਬਾਵਜੂਦ ਖਪਤਕਾਰਾਂ ਉੱਤੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਰ-ਵਾਰ ਵਾਧੇ ਦਾ ਬੋਝ ਪਾਇਆ ਜਾ ਰਿਹਾ ਹੈ। ਦੀਵਾਨ ਨੇ ਕਿਹਾ ਕਿ ਐਨੇ ਵੱਡੇ ਮੁਨਾਫ਼ਿਆਂ ਦੇ ਮੱਦੇਨਜ਼ਰ ਸਰਕਾਰ ਦੀ ਕੀਮਤ ਨਿਰਧਾਰਨ ਨੀਤੀ ਦਾ ਬਚਾਅ ਕਰਨਾ ਅਸੰਭਵ ਹੋ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਰ ਕੁਝ ਦਿਨਾਂ ਬਾਅਦ ਕੀਤੇ ਜਾ ਰਹੇ ਗੈਰ-ਵਾਜਬ ਵਾਧਿਆਂ ਨਾਲ ਆਮ ਪਰਿਵਾਰਾਂ ਅਤੇ ਛੋਟੇ ਕਾਰੋਬਾਰਾਂ ਉੱਤੇ ਆਰਥਿਕ ਬੋਝ ਲਗਾਤਾਰ ਵਧ ਰਿਹਾ ਹੈ।ਉਨ੍ਹਾਂ ਨੇ ਮੋਦੀ ਸਰਕਾਰ ਉੱਤੇ ਲੋਕ ਭਲਾਈ ਨਾਲੋਂ ਕਾਰਪੋਰੇਟ ਮੁਨਾਫ਼ਿਆਂ ਨੂੰ ਤਰਜੀਹ ਦੇਣ ਦਾ ਦੋਸ਼ ਲਗਾਉਂਦਿਆਂ, ਕਿਹਾ ਕਿ ਇਹ ਬਹੁਤ ਹੀ ਹੈਰਾਨੀਜਨਕ ਹੈ ਕਿ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਘਟਣ ਦੇ ਬਾਵਜੂਦ ਦੇਸ਼ ਵਿੱਚ ਈਂਧਨ ਦੀਆਂ ਕੀਮਤਾਂ ਵਧ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਜਦੋਂ ਕੱਚੇ ਤੇਲ ਦੀ ਕੀਮਤ ਘਟਦੀ ਹੈ, ਤਾਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵੀ ਘਟਣੀਆਂ ਚਾਹੀਦੀਆਂ ਹਨ, ਪਰ ਇਸ ਸਰਕਾਰ ਹੇਠ ਤਸਵੀਰ ਬਿਲਕੁਲ ਵੱਖਰੀ ਹੈ। ਦੀਵਾਨ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਦੀ ਛਿਪੀ ਹੋਈ ਕੀਮਤ ਨਿਰਧਾਰਨ ਪ੍ਰਣਾਲੀ ਤੇਲ ਕੰਪਨੀਆਂ ਦੇ ਹਿੱਤਾਂ ਦੀ ਰੱਖਿਆ ਕਰਨ ਦਾ ਸਾਧਨ ਬਣ ਗਈ ਹੈ, ਜਦਕਿ ਆਮ ਲੋਕਾਂ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪੈ ਰਿਹਾ ਹੈ। ਪਾਰਦਰਸ਼ੀ ਕੀਮਤ ਨਿਰਧਾਰਨ ਅਤੇ ਜਵਾਬਦੇਹੀ ਦੀ ਮੰਗ ਕਰਦਿਆਂ,।ਦੀਵਾਨ ਨੇ ਸਰਕਾਰ ਤੋਂ ਤੁਰੰਤ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਘਟਾਉਣ ਦੀ ਮੰਗ ਕੀਤੀ ਹੈ, ਤਾਂ ਜੋ ਘਰੇਲੂ ਪਰਿਵਾਰਾਂ, ਰੋਜ਼ਾਨਾ ਯਾਤਰੀਆਂ ਅਤੇ ਛੋਟੇ ਕਾਰੋਬਾਰਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਨੇ ਕਿਹਾ ਕਿ ਰਾਹਤ ਵਿੱਚ ਹੋਰ ਦੇਰੀ ਨਹੀਂ ਹੋਣੀ ਚਾਹੀਦੀ। ਲੋਕ ਇਨਸਾਫ਼ ਦੇ ਹੱਕਦਾਰ ਹਨ, ਸ਼ੋਸ਼ਣ ਦੇ ਨਹੀਂ।



## ਸੰਜੀਤ ਸਿੰਘ ਸੰਨੀ ਗਿੱਲ ਸਿੰਘ ਭੁੱਲਰ ਨੇ ਸ਼੍ਰੋਮਣੀ ਅਕਾਲੀ ਦਲ ਦੇ ਵੋਟਰਾਂ ਤੇ ਸਪੋਰਟਰਾਂ ਦਾ ਕੀਤਾ ਧੰਨਵਾਦ

**ਕਿਹਾ ਸਤਾਧਾਰੀ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਵੀ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤਣਗੇ**





=ਮੋਗਾ 26 ਮਈ ( ਜਗਰਾਜ ਸਿੰਘ ਸੰਘਾ ) ਅੱਜ ਨਗਰ ਨਿਗਮ ਮੋਗਾ ਦੀਆਂ ਹੋਈਆਂ ਚੋਣਾਂ ਵਿੱਚ ਸਤਾਧਾਰੀ ਆਪ ਸਰਕਾਰ ਦੀ ਧੱਕੇਸ਼ਾਹੀ ਦੇ ਬਾਵਜੂਦ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਅਤੇ ਸਪੋਰਟਰ ਚੋਣ ਮੈਦਾਨ ਵਿੱਚ ਪੂਰੀ ਤਰ੍ਹਾਂ ਡਟੇ ਰਹੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ। ਸਰਕਾਰ ਦੇ ਆਗੂ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਤੇ ਵੋਟਰਾਂ ਤੇ ਦਬਾਅ ਪਾਉਂਦੇ ਵੇਖੇ ਗਏ ਪਰ ਵੋਟਰਾਂ ਨੇ ਬਿਨਾਂ ਕਿਸੇ ਡਰ ਦੇ ਆਪਣੀਆਂ ਵੋਟਾਂ ਦਾ ਮੱਤਦਾਨ ਕੀਤਾ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਆਪ ਪਾਰਟੀ ਦੀ ਨਗਰ ਨਿਗਮ ਹੁੰਦਿਆਂ ਸ਼ਹਿਰ ਵਾਸੀਆਂ ਲਈ ਮਾੜੀ ਕਾਰਗੁਜ਼ਾਰੀ ਕਰਕੇ ਸਹਿਰ ਵਾਸੀ ਇਨ੍ਹਾਂ ਨੂੰ ਮੂੰਹ ਨਹੀਂ ਲਗਾ ਰਹੇ ਤੇ ਉਹ ਸਰਕਾਰੀ ਤੰਤਰ ਦਾ ਸਹਾਰਾ ਲੈਕੇ ਨਗਰ ਨਿਗਮ ਤੇ ਦੁਬਾਰਾ ਕਾਬਜ ਹੋਣ ਦੀ ਸੋਚ ਰਹੇ ਹਨ ਪਰ ਉਨ੍ਹਾਂ ਦੀਆਂ ਚਾਲਾਂ ਸਫਲ ਨਹੀਂ ਹੋਣ ਦਿੱਤੀਆਂ ਜਾਣਗੀਆਂ ਕਿਉਂਕਿ ਆਪ ਸਰਕਾਰ ਨਗਰ ਨਿਗਮ ਮੋਗਾ ਅੰਦਰ ਆਪਣੀ ਹਾਰ ਕਬੂਲ ਚੁੱਕੇ ਹਨ ਅਤੇ ਨਗਰ ਨਿਗਮ ਮੋਗਾ ਅਤੇ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਹੁਣ ਲੋਕ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦੇ ਰਹੇ ਹਨ ਅਤੇ ਨਗਰ ਨਿਗਮ ਅੰਦਰ ਸ਼੍ਰੋਮਣੀ ਅਕਾਲੀ ਦਲ ਦਾ ਮੇਅਰ ਚੁਣਕੇ ਲੋਕਾਂ ਨੂੰ ਉਹ ਬੁਨਿਆਦੀ ਸਹੂਲਤਾਂ ਦੇਵਾਂਗੇ ਜੋ ਆਪ ਵਾਲੇ ਨਹੀਂ ਦੇ ਸਕੇ। ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਆਉਣ ਵਾਲੀਆਂ ਕੁਝ ਮਹੀਨਿਆਂ ਤੱਕ ਸਾਲ 2027 ਦੀਆਂ ਚੋਣਾਂ ਦਾ ਵੀ ਮੁੱਢ ਬੰਨੇਗੀ ਤੇ ਲੋਕ ਆਪ ਪਾਰਟੀ ਵਾਲਿਆਂ ਨੂੰ ਚੱਲਦਾ ਕਰਕੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣਗੇ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ, ਉਮੀਦਵਾਰਾਂ, ਵੋਟਰਾਂ ਤੇ ਸਪੋਰਟਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਨੇ ਬਿਨਾਂ ਕਿਸੇ ਡਰ ਭੈਅ ਦੇ ਆਪਣੀ ਜ਼ੁੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਈ ਇਸ ਮੌਕੇ ਤੇ ਉਹਨਾਂ ਦੇ ਨਾਲ ਰਵਦੀਪ ਸਿੰਘ ਸੰਘਾ ਦਾਰਾਪੁਰ ਬਿਪਨ ਪਾਲ ਸਿੰਘ ਖੋਸਾ ਰਾਜਵੰਤ ਸਿੰਘ ਮਾਹਲਾ ਗੁਰਜੰਟ ਸਿੰਘ ਤਲਵੰਡੀ ਚਰਨਜੀਤ ਸਿੰਘ ਧਾਲੀਵਾਲ ਤਲਵੰਡੀ ਭਜੇਰੀਆ ਅਤੇ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਵਰਕਰ ਮੌਜੂਦ ਸਨ

## ਨਵਾਂਗਾਓਂ ਨਗਰ ਕੌਂਸਲ ਚੋਣਾਂ: ਵਾਰਡ ਨੰਬਰ 19 (ਬੂਥ 45-46) ਅਤੇ ਵਾਰਡ ਨੰਬਰ 21 (ਬੂਥ 50-51) ਦੇ ਉਮੀਦਵਾਰਾਂ ਨੇ ਦੁਰਵਿਵਹਾਰ ਦਾ ਦੋਸ਼ ਲਗਾਇਆ ਹੈ



ਜੇ.ਕੇ. ਬੱਤਾ - ਨਵਾਂ ਚੰਡੀਗੜ੍ਹ - ਖਰੜ ਨਵਾਂਗਾਓਂ ਨਗਰ ਕੌਂਸਲ ਚੋਣਾਂ ਲੜ ਰਹੇ ਸਾਰੇ ਉਮੀਦਵਾਰਾਂ - ਖਾਸ ਕਰਕੇ ਵਾਰਡ ਨੰਬਰ 19 (ਬੂਥ 45-46) ਅਤੇ ਵਾਰਡ ਨੰਬਰ 21 (ਬੂਥ 50-51) ਦੇ ਉਮੀਦਵਾਰਾਂ, ਜੋ ਕਿ ਸ਼ਿਸ਼ੂ ਨਿਕੇਤਨ ਸਕੂਲ, ਕਾਹਲੋਂ ਫਾਰਮ ਵਿਖੇ ਸਥਿਤ ਹਨ - ਨੇ ਦੱਸਿਆ ਹੈ ਕਿ ਸ਼ਾਮ 5:00 ਵਜੇ, ਚੋਣ ਅਧਿਕਾਰੀ ਨੇ ਬੈਲਟ ਬਕਸਿਆਂ @ਤੇ ਉਨ੍ਹਾਂ ਦੇ ਦਸਤਖਤ ਲਏ, ਬਕਸਿਆਂ ਨੂੰ ਸੀਲ ਕਰ ਦਿੱਤਾ, ਅਤੇ ਫਿਰ ਸ਼ਾਮ 5:10 ਵਜੇ ਸਾਰੇ ਚੋਣ ਲੜ ਰਹੇ ਉਮੀਦਵਾਰਾਂ ਨੂੰ ਪੋਲਿੰਗ ਬੂਥਾਂ ਤੋਂ ਬਾਹਰ ਕੱਢ ਦਿੱਤਾ। ਸ਼ਾਮ 6:20 ਵਜੇ, ਉਮੀਦਵਾਰਾਂ ਨੇ ਰਿਪੋਰਟ ਦਿੱਤੀ, ÷ਅਸੀਂ ਇੱਕ ਘੰਟੇ ਤੋਂ ਵੱਧ ਸਮੇਂ ਤੋਂ ਪੋਲਿੰਗ ਬੂਥਾਂ ਦੇ ਬਾਹਰ ਖੜ੍ਹੇ ਹਾਂ, ਅਤੇ ਕਿਸੇ ਨੂੰ ਵੀ ਪਤਾ ਨਹੀਂ ਹੈ ਕਿ ਅੰਦਰ ਕੀ ਹੋ ਰਿਹਾ ਹੈ।÷ ਉਨ੍ਹਾਂ ਦਾ ਕਹਿਣਾ ਹੈ ਕਿ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ, ਚੋਣ ਅਧਿਕਾਰੀ ਅਤੇ ਉਮੀਦਵਾਰਾਂ ਦੀ ਸਾਂਝੀ ਨਿਗਰਾਨੀ ਹੇਠ ਬੈਲਟ ਬਾਕਸ ਸੀਲ ਕੀਤੇ ਜਾਣੇ ਚਾਹੀਦੇ ਹਨ। ਹਾਲਾਂਕਿ, ਚੋਣ ਅਧਿਕਾਰੀ ਨੇ ਇਸ ਦੀ ਬਜਾਏ ਸਾਰੇ ਉਮੀਦਵਾਰਾਂ ਨੂੰ ਅਹਾਤੇ ਤੋਂ ਹਟਾ ਦਿੱਤਾ ਹੈ। ਇਸ ਸਥਿਤੀ ਦੇ ਮੱਦੇਨਜ਼ਰ, ਸਾਰੇ ਉਮੀਦਵਾਰਾਂ ਨੇ ਚੋਣ ਅਧਿਕਾਰੀ ਦੁਆਰਾ ਇੱਕ ਘੰਟੇ ਤੋਂ ਵੱਧ ਸਮੇਂ ਦੌਰਾਨ ਪੋਲਿੰਗ ਬੂਥਾਂ ਦੇ ਬਾਹਰ ਰੱਖੇ ਜਾਣ @ਤੇ ਕੀਤੀ ਗਈ ਕਾਰਵਾਈ ਬਾਰੇ ਸ਼ੱਕ ਪ੍ਰਗਟ ਕੀਤਾ - ਇੱਕ ਅਜਿਹੀ ਸਥਿਤੀ ਜੋ ਹੁਣ ਸ਼ੱਕ ਦੇ ਘੇਰੇ ਵਿੱਚ ਆ ਗਈ ਹੈ। ਇਹ ਮਾਮਲਾ ਪ੍ਰੈਸ ਮੈਂਬਰਾਂ ਦੁਆਰਾ ਮੋਹਾਲੀ ਜ਼ਿਲ੍ਹਾ ਕਮਿਸ਼ਨਰ ਕੋਮਲ ਮਿੱਤਲ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ।

## ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਸਵੇਰੇ-ਸਵੇਰੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਭਾਜਪਾ ਉਮੀਦਵਾਰਾਂ ਨੂੰ ਉਤਸ਼ਾਹਿਤ ਕੀਤਾ

**• ਭਾਜਪਾ ਉਮੀਦਵਾਰ ਪਹਿਲੀ ਵਾਰ ਨਗਰ ਨਿਗਮ ਚੋਣਾਂ ਵਿੱਚ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਸਖ਼ਤ ਟੱਕਰ ਦੇ ਰਹੇ ਹਨ ਜਦੋਂ ਕਿ ਆਜ਼ਾਦ ਤੌਰ 'ਤੇ ਚੋਣ ਲੜ ਰਹੇ ਹਨ: ਡਾ. ਸੀਮਾਂਤ ਗਰਗ**



ਮੋਗਾ, 26 ਮਈ ( ਜਗਰਾਜ ਸਿੰਘ ਸੰਘਾ) : ਅੱਜ, ਮੋਗਾ ਨਗਰ ਨਿਗਮ ਚੋਣਾਂ ਲਈ ਵੋਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਹੀ, ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਭਾਜਪਾ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਨ ਲਈ ਸਵੇਰੇ-ਸਵੇਰੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ। ਉਨ੍ਹਾਂ ਭਰੋਸਾ ਦਿੱਤਾ ਕਿ, ਪਹਿਲੀ ਵਾਰ, ਭਾਜਪਾ ਉਮੀਦਵਾਰ ਨਗਰ ਨਿਗਮ ਚੋਣਾਂ ਵਿੱਚ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਇੱਕ ਵੱਡੀ ਚੁਣੌਤੀ ਦੇ ਰਹੇ ਹਨ, ਜਿਸ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਲਈ ਰਾਹ ਆਸਾਨ ਹੋ ਗਿਆ ਹੈ। ਇਸ ਮੌਕੇ ਆਈਟੀ ਸੈੱਲ ਇੰਚਾਰਜ ਮੁਕੇਸ਼ ਸ਼ਰਮਾ, ਜਤਿੰਦਰ ਚੱਢਾ, ਵਾਰਡ ਨੰਬਰ 21 ਦੇ ਉਮੀਦਵਾਰ ਵਿੱਕੀ ਸਿਤਾਰਾ, ਵਾਰਡ ਨੰਬਰ 39 ਦੇ ਉਮੀਦਵਾਰ ਨਰਿੰਦਰ ਬਾਲੀ, ਦੀਪਕ ਤਲਵਾੜ, ਸ਼ਿਵ ਟੰਡਨ ਅਤੇ ਬੋਹੜ ਸਿੰਘ ਸਮੇਤ ਹੋਰ ਭਾਜਪਾ ਵਰਕਰ ਮੌਜੂਦ ਸਨ। ਡਾ. ਸੀਮਾਂਤ ਗਰਗ ਨੇ ਟਿੱਪਣੀ ਕੀਤੀ ਕਿ ਜਿੱਥੇ ਭਾਜਪਾ ਉਮੀਦਵਾਰਾਂ ਵਿੱਚ ਨਗਰ ਨਿਗਮ ਚੋਣਾਂ ਪ੍ਰਤੀ ਭਾਰੀ ਉਤਸ਼ਾਹ ਦਿਖਾਈ ਦੇ ਰਿਹਾ ਹੈ, ਉੱਥੇ ਹੀ ਆਮ ਲੋਕਾਂ ਵਿੱਚ ਵੀ ਭਾਜਪਾ ਉਮੀਦਵਾਰਾਂ ਦੇ ਹੱਕ ਵਿੱਚ ਉਤਸ਼ਾਹ ਦੀ ਲਹਿਰ ਦੇਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਗਰ ਨਿਗਮ ਚੋਣਾਂ ਵਿੱਚ ਸ਼ਹਿਰ ਦੇ ਵਸਨੀਕਾਂ ਵੱਲੋਂ ਭਾਜਪਾ ਨੂੰ ਮਿਲ ਰਿਹਾ ਸਮਰਥਨ ਨਾ ਸਿਰਫ਼ ਪਾਰਟੀ ਨੂੰ ਦੂਜੀਆਂ ਰਾਜਨੀਤਿਕ ਪਾਰਟੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚੁਣੌਤੀ ਦੇਣ ਦੇ ਯੋਗ ਬਣਾਉਂਦਾ ਹੈ, ਸਗੋਂ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਵਿੱਚ ਭਾਜਪਾ ਸਰਕਾਰ ਸਥਾਪਤ ਕਰਨ ਲਈ ਇੱਕ ਅਨੁਕੂਲ ਰਸਤਾ ਵੀ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪੂਰੇ ਦੇਸ਼ ਦੇ ਲੋਕ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਤੋਂ ਸਕਾਰਾਤਮਕ ਤੌਰ @ਤੇ ਪ੍ਰਭਾਵਿਤ ਹੋ ਰਹੇ ਹਨ, ਉੱਥੇ ਹੀ ਪੰਜਾਬ ਦੇ ਹਰ ਵਰਗ ਦੇ ਲੋਕ ਹੁਣ ਭਾਜਪਾ ਨਾਲ ਜੁੜ ਰਹੇ ਹਨ; ਇਸ ਤੋਂ ਇਲਾਵਾ, ਵੱਖ-ਵੱਖ ਹੋਰ ਰਾਜਨੀਤਿਕ ਪਾਰਟੀਆਂ ਦੇ ਆਗੂ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ, ਜਿਸ ਨਾਲ ਪਾਰਟੀ ਮਜ਼ਬੂਤ ਹੋ ਰਹੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਹ ਪਛਾਣਨ ਕਿ ਆਉਣ ਵਾਲੇ ਸਮੇਂ ਵਿੱਚ, ਪੰਜਾਬ ਵਿੱਚ ਭਾਜਪਾ ਨੂੰ ਸੱਤਾ ਵਿੱਚ ਲਿਆਉਣਾ ਸੂਬੇ ਨੂੰ ਆਰਥਿਕ ਤੌਰ @ਤੇ ਮਜ਼ਬੂਤ ਕਰਨ ਅਤੇ ਇਸਦੇ ਸਮੁੱਚੇ ਵਿਕਾਸ ਅਤੇ ਤਰੱਕੀ ਨੂੰ ਯਕੀਨੀ ਬਣਾਉਣ ਲਈ ਸਮੇਂ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ, ਇਸ ਵੇਲੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਲਗਭਗ ਨਾ-ਮਾਤਰ ਹੈ, ਦਿਨ-ਦਿਹਾੜੇ ਕਤਲ ਅਤੇ ਹਿੰਸਕ ਅਪਰਾਧ ਹੋ ਰਹੇ ਹਨ, ਜਿਸ ਨਾਲ ਪੂਰੇ ਰਾਜ ਵਿੱਚ ਡਰ ਅਤੇ ਡਰ ਦਾ ਮਾਹੌਲ ਪੈਦਾ ਹੋ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਸਰਕਾਰ ਨਸ਼ਿਆਂ ਦੇ ਕੋਹੜ ਨੂੰ ਰੋਕਣ ਵਿੱਚ ਵੀ ਪੂਰੀ ਤਰ੍ਹਾਂ ਅਸਫਲ ਸਾਬਤ ਹੋਈ ਹੈ। ਨਤੀਜੇ ਵਜੋਂ, ਨੌਜਵਾਨ ਨਸ਼ੇ ਦਾ ਸ਼ਿਕਾਰ ਹੋ ਰਹੇ ਹਨ ਅਤੇ ਆਪਣੀਆਂ ਜਾਨਾਂ ਗੁਆ ਰਹੇ ਹਨ। ਭਾਜਪਾ ਦੇ ਨਗਰ ਨਿਗਮ ਉਮੀਦਵਾਰਾਂ ਨੂੰ ਉਤਸ਼ਾਹਿਤ ਕਰਦੇ ਹੋਏ, ਉਨ੍ਹਾਂ ਕਿਹਾ ਕਿ ਚੋਣਾਂ ਵਿੱਚ ਜਿੱਤ ਬਹੁਤ ਮਹੱਤਵਪੂਰਨ ਨਹੀਂ ਹੈ; ਸਗੋਂ, ਇਹ ਚੋਣਾਂ ਆਉਣ ਵਾਲੇ ਸਮੇਂ ਵਿੱਚ ਭਾਜਪਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ, ਜਿਸ ਨਾਲ ਪਾਰਟੀ ਨੂੰ ਪੰਜਾਬ ਵਿੱਚ ਸੱਤਾ ਸੰਭਾਲਣ ਦਾ ਰਾਹ ਪੱਧਰਾ ਹੋਵੇਗਾ।

# ਸਟੇਟ ਪਬਲਿਕ ਸਕੂਲ ਸ਼ਾਹਕੋਟ ਵਿਖੇ ਕਰਵਾਇਆ ਇੰਟਰ-ਹਾਊਸ ਸੰਗੀਤ ਮੁਕਾਬਲਾ



ਸ਼ਾਹਕੋਟ, 26 ਮਈ (ਕੁਲਜੀਤ ਸਿੰਘ ਖਿੰਡਾ): ਸਟੇਟ ਪਬਲਿਕ ਸਕੂਲ ਸ਼ਾਹਕੋਟ ਵਿਚ ਵਿਦਿਆਰਥੀਆਂ ਦੀ ਕਲਾ ਤੇ ਹੁਨਰ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਪ੍ਰਧਾਨ ਡਾ. ਨਰੋਤਮ ਸਿੰਘ, ਉੱਪ ਪ੍ਰਧਾਨ ਡਾ. ਗਗਨਦੀਪ ਕੌਰ ਦੀ ਅਗਵਾਈ ਤੇ ਪ੍ਰਿੰਸੀਪਲ ਡਾ. ਕੰਵਰ ਨੀਲ ਕਮਲ ਦੀ ਦੇਖ-ਰੇਖ ਹੇਠ ਇੰਟਰ-ਹਾਊਸ ਸੰਗੀਤ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਵਿਚ ਸਕੂਲ ਦੇ ਚਾਰ ਸਦਨਾਂ—ਮਦਰ ਟੈਰੇਸਾ ਸਦਨ, ਹੈਲਨ ਕੈਲਰ ਸਦਨ, ਅੰਮ੍ਰਿਤਾ ਪ੍ਰੀਤਮ ਸਦਨ ਅਤੇ ਕਲਪਨਾ ਚਾਵਲਾ ਸਦਨ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਮੁਕਾਬਲੇ ਨੂੰ ਤਿੰਨ ਸ਼੍ਰੇਣੀਆਂ—ਸੋਲੋ ਸੌਂਗ, ਗਰੁੱਪ ਸੌਂਗ ਅਤੇ ਆਰਕੈਸਟਰਾ ਵਿਚ ਵੰਡਿਆ ਗਿਆ। ਵਿਦਿਆਰਥੀਆਂ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਨ ਵਾਲੇ ਗੀਤ ਪੇਸ਼ ਕਰਕੇ ਦਰਸ਼ਕਾਂ ਵਿਚ ਜੋਸ਼ ਭਰ ਦਿੱਤਾ। ਇਸ ਦੌਰਾਨ ਵਿਦਿਆਰਥੀਆਂ ਨੇ ਆਪਸੀ ਤਾਲਮੇਲ ਨਾਲ ਸੁਰ-ਤਾਲ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਦਕਿ ਆਰਕੈਸਟਰਾ ਵਿਚ ਤਬਲਾ, ਹਰਮੋਨੀਅਮ ਤੇ ਗਿਟਾਰ ਦੀਆਂ ਧੁਨਾਂ ਨੇ ਸਭ ਦਾ ਮਨ ਮੋਹ ਲਿਆ। ਸੋਲੋ ਸੌਂਗ ਵਿਚ ਐਸ਼ਮੀਨ (ਮਦਰ ਟੈਰੇਸਾ ਸਦਨ) ਨੇ ਪਹਿਲਾ ਸਥਾਨ, ਜੋਬਨ (ਹੈਲਨ ਕੈਲਰ ਸਦਨ) ਨੇ ਦੂਜਾ ਸਥਾਨ ਅਤੇ ਸਹਿਜਪ੍ਰੀਤ ਕੌਰ (ਅੰਮ੍ਰਿਤਾ ਪ੍ਰੀਤਮ ਸਦਨ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗਰੁੱਪ ਸੌਂਗ ਵਿਚ ਅੰਮ੍ਰਿਤਾ ਪ੍ਰੀਤਮ ਸਦਨ ਪਹਿਲੇ ਸਥਾਨ 'ਤੇ, ਹੈਲਨ ਕੈਲਰ ਸਦਨ ਦੂਜੇ ਸਥਾਨ ਅਤੇ ਮਦਰ ਟੈਰੇਸਾ ਸਦਨ ਤੀਜੇ ਸਥਾਨ 'ਤੇ ਰਿਹਾ। ਆਰਕੈਸਟਰਾ ਵਿਚ ਮਦਰ ਟੈਰੇਸਾ ਸਦਨ ਨੇ ਪਹਿਲਾ ਸਥਾਨ, ਹੈਲਨ ਕੈਲਰ ਸਦਨ ਨੇ ਦੂਜਾ ਸਥਾਨ ਅਤੇ ਅੰਮ੍ਰਿਤਾ ਪ੍ਰੀਤਮ ਸਦਨ ਨੇ ਤੀਜਾ ਸਥਾਨ ਹਾਸਲ ਕੀਤਾ। ਸਮੁੱਚੇ ਤੌਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਮਦਰ ਟੈਰੇਸਾ ਸਦਨ ਪਹਿਲੇ ਸਥਾਨ 'ਤੇ ਰਿਹਾ, ਹੈਲਨ ਕੈਲਰ ਸਦਨ ਦੂਜੇ ਸਥਾਨ ਅਤੇ ਅੰਮ੍ਰਿਤਾ ਪ੍ਰੀਤਮ ਸਦਨ ਤੀਜੇ ਸਥਾਨ 'ਤੇ ਰਿਹਾ। ਇਸ ਪੂਰੇ ਕਾਰਜਕ੍ਰਮ ਦਾ ਸਫਲ ਸੰਚਾਲਨ ਸੰਗੀਤ ਅਧਿਆਪਕ ਵਿਨੇ ਕੁਮਾਰ ਤੇ ਲਵਦੀਪ ਕੌਰ ਵੱਲੋਂ ਬਾਖ਼ੂਬੀ ਕੀਤਾ ਗਿਆ। ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਪ੍ਰਿੰਸੀਪਲ ਡਾ. ਕੰਵਰ ਨੀਲ ਕਮਲ ਨੇ ਕਿਹਾ ਕਿ ਸੰਗੀਤ ਰੂਹ ਦੀ ਭਾਸ਼ਾ ਹੈ। ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਰਚਨਾਤਮਕ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿਚ ਟੀਮ ਭਾਵਨਾ ਅਤੇ ਅਨੁਸ਼ਾਸਨ ਵੀ ਵਿਕਸਿਤ ਕਰਦੇ ਹਨ।

## ਹਰਜਿੰਦਰ ਸਿੰਘ ਨੇ ਥਾਣਾ ਢਿੱਲਵਾਂ ਦਾ ਚਾਰਜ ਸੰਭਾਲਿਆ



ਢਿੱਲਵਾਂ 25 ਮਈ (ਹਰਜਿੰਦਰ ਸਿੰਘ ਢਿੱਲਵਾਂ) ਐਸ. ਐਸ.ਪੀ. ਗੌਰਵ ਤੂਰਾ ਵੱਲੋਂ ਥਾਣਾ ਸੁਭਾਨਪੁਰ ਦੇ ਐਸ. ਐਚ. ਓ. ਹਰਜਿੰਦਰ ਸਿੰਘ ਦਾ ਤਬਾਦਲਾ ਕਰਕੇ ਉਨ੍ਹਾਂ ਨੂੰ ਥਾਣਾ ਢਿੱਲਵਾਂ ਵਿਖੇ ਨਿਯੁਕਤ ਕੀਤਾ ਹੈ। ਥਾਣਾ ਢਿੱਲਵਾਂ ਵਿਖੇ ਨਵ- ਨਿਯੁਕਤ ਐਸ.ਐਚ.ਉ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪਹਿਲ ਕਦਮੀ ਨਸ਼ੇ ਨੂੰ ਖਤਮ ਕਰਨ ਦੀ ਹੋਵੇਗੀ। ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਜਲਦੀ ਹੀ ਇਲਾਕੇ ਦੇ ਮੋਹਤਬਰਾਂ ਨਾਲ ਥਾਣਾ ਢਿੱਲਵਾ ਵਿਖੇ ਮੀਟਿੰਗ ਕੀਤੀ ਜਾਵੇਗੀ ਤੇ ਨਸ਼ੇ ਨੂੰ ਖਤਮ ਕਰਨ ਲਈ ਲੋਕਾਂ ਦਾ ਸਹਿਯੋਗ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ੇ ਵੇਚਣ ਵਾਲੇ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ। ਉਨ੍ਹਾਂ ਨਸ਼ੇ ਦੇ ਸੌਦਾਗਰਾਂ ਨੂੰ ਸਖਤ ਸ਼ਬਦਾਂ ਵਿੱਚ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜਾਂ ਤਾਂ ਉਹ ਆਪਣਾ ਕਾਰੋਬਾਰ ਬਦਲ ਲੈਣ ਨਹੀਂ ਤਾਂ ਇਲਾਕਾ ਛੱਡ ਕੇ ਕਿਤੇ ਦੂਰ ਚਲੇ ਜਾਣ।

## ਮਲਟੀਪਰਪਜ ਹੈਲਥ ਇੰਪਲਾਈਜ਼ ਯੂਨੀਅਨ ਵੱਲੋਂ ਵੱਡੇ ਸੰਘਰਸ਼ ਦਾ ਐਲਾਨ



ਨਵਾਂਸ਼ਹਿਰ 26 ਮਈ (ਜਤਿੰਦਰ ਪਾਲ ਸਿੰਘ ਕਲੇਰ ) ਸਿਹਤ ਵਿਭਾਗ ਪੰਜਾਬ ਦੀ ਸਿਰਮੌਰ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਸੀਨੀਅਰ ਮੀਤ ਪ੍ਰਧਾਨ ਦਲਜੀਤ ਸਿੰਘ ਤੇ ਉਪ ਪ੍ਰਧਾਨ ਮਨਿੰਦਰ ਸਿੰਘ ਦੀ ਅਗਵਾਈ ਹੇਠ ਕੇਡਰ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਨਾ ਮੰਨਣ ਦੇ ਰੋਸ ਵੱਜੋਂ ਸੂਬਾ ਸਰਕਾਰ ਖਿਲਾਫ ਆਰ ਪਾਰ ਦੀ ਲੜਾਈ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ ਜਿਸ ਸਬੰਧੀ ਜਿਲ੍ਹਾ ਇਕਾਈ ਨਵਾਂਸ਼ਹਿਰ ਵਲੋਂ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਰਾਹੀਂ ਇਕ ਮੰਗ ਪੱਤਰ ਵੀ ਦਿੱਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮਨਿੰਦਰ ਸਿੰਘ ਨੇ ਦੱਸਿਆ ਕਿ ਜਥੇਬੰਦੀ ਪਿਛਲੇ ਲੰਬੇ ਸਮੇਂ ਤੋਂ ਕੇਡਰ ਦੇ ਨਾਮ ਬਦਲੀ, ਵਰਦੀ ਭੱਤਾ, ਐਫਟੀਏ, ਡਾਈਟ, ਭੱਤਾ ਲਗਾਉਣ, ਪੁਰਾਣੀ ਪੈਨਸ਼ਨ ਬਹਾਲ ਕਰਨ, ਪੰਜਾਬ ਸਕੇਲ ਲਾਗੂ ਕਰਨ, ਨਵ ਨਿਯੁਕਤ ਸਿਹਤ ਕਾਮਿਆਂ ਦਾ ਪਰਖ ਕਾਲ ਸਮਾਂ ਘਟਾਉਣ, ਮਾਨਯੋਗ ਹਾਈਕੋਰਟ ਦੇ ਫੈਸਲੇ ਨੂੰ ਜਰਨਲਾਈਜ ਕਰਕੇ ਤਨਖਾਹ ਸਕੇਲ ਸੋਧਣ ਆਦਿ ਸਮੇਤ ਕਈ ਮੰਗਾਂ ਲਈ ਸਿਹਤ ਮੰਤਰੀ ਪੰਜਾਬ, ਮੁੱਖ ਮੰਤਰੀ ਪੰਜਾਬ ਦੇ ਓਐਸਡੀ ਅਤੇ ਸਿਹਤ ਡਾਇਰੈਕਟਰ ਪੰਜਾਬ ਨਾਲ ਕਈ ਵਾਰ ਮੀਟਿੰਗਾਂ ਕਰ ਚੁੱਕੀ ਹੈ ਪਰ ਵਾਰ-ਵਾਰ ਇਹਨਾਂ ਮੰਗਾਂ @ਤੇ ਸਹਿਮਤੀ ਪ੍ਰਗਟਾਉਂਦੇ ਹੋਏ ਮੰਗਾਂ ਨੂੰ ਲਟਕਾਉਣ ਦੀ ਨੀਤੀ ਅਪਣਾਈ ਜਾ ਰਹੀ ਹੈ ਜੋ ਕਿ ਮੰਦਭਾਗੀ ਹੈ। ਉਹਨਾਂ ਕਿਹਾ ਕਿ ਜਥੇਬੰਦੀ ਹੁਣ ਵੱਡੇ ਸੰਘਰਸ਼ ਦੇ ਰਾਹ @ਤੇ ਹੈ ਜਿਸ ਤਹਿਤ ਜਿਲਾ ਹੈਡਕੁਆਟਰਾਂ ਰਾਹੀਂ ਮੰਗ ਪੱਤਰ ਭੇਜੇ ਜਾਣਗੇ ਅਤੇ ਉਸ ਤੋਂ ਬਾਅਦ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ 4 ਜੂਨ ਨੂੰ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਫਤਰ ਅੱਗੇ ਸੂਬਾ ਪੱਧਰੀ ਰੋਸ ਧਰਨਾ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਜਥੇਬੰਦੀ ਕਦੇ ਵੀ ਸੰਘਰਸ਼ ਤੋਂ ਪਿੱਛੇ ਨਹੀਂ ਹਟੀ ਤੇ ਹੁਣ ਵੀ ਡੱਟਵਾਂ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਦੋਆਬਾ ਜੋਨ ਦੇ ਪ੍ਰਧਾਨ ਗੁਲਸ਼ਨ ਕੁਮਾਰ, ਸਤੀਸ਼ ਕੁਮਾਰ, ਗੁਰਮੁਖ ਸਿੰਘ, ਪ੍ਰਵੀਨ ਕੁਮਾਰ, ਮਨਜੋਤ ਸਿੰਘ, ਬਲਵੰਤ ਸਿੰਘ ਰਵੀਇੰਦਰ ਸਿੰਘ, ਮੰਗਲ ਸਿੰਘ,ਸਚਦੀਪ ਸਿੰਘ,ਰਜੀਵ ਕੁਮਾਰ, ਰਜੇਸ਼ ਕੁਮਾਰ ਆਦਿ ਹਾਜ਼ਰ ਸਨ ।

## ਚਮੜੀ ਰੋਗੀਆਂ ਲਈ ਰਾਹਤ ਦੀ ਖ਼ਬਰ, ਡਾ. ਇਸ਼ਾਨ ਬਾਂਸਲ ਹਰ ਬੁੱਧਵਾਰ ਭੁੱਚੋ ਮੰਡੀ ਵਿਖੇ ਦੇਣਗੇ ਸੇਵਾਵਾਂ



ਭੁੱਚੋ ਮੰਡੀ, 26 ਮਈ ( ਚਰਨਜੀਤ ਖੁਰਮੀ ) : ਸਥਾਨਕ ਸ਼ਹਿਰ ਅਤੇ ਨੇੜਲੇ ਪਿੰਡਾਂ ਦੇ ਚਮੜੀ ਰੋਗੀਆਂ ਲਈ ਵੱਡੀ ਰਾਹਤ ਵਾਲੀ ਖ਼ਬਰ ਸਾਹਮਣੇ ਆਈ ਹੈ। ਪ੍ਰਸਿੱਧ ਚਮੜੀ ਰੋਗ ਮਾਹਰ ਡਾ. ਇਸ਼ਾਨ ਬਾਂਸਲ (ਐਮ.ਡੀ.) ਹੁਣ ਹਰ ਹਫ਼ਤੇ ਬੁੱਧਵਾਰ ਨੂੰ ਗਿਆਨੀ ਮਾਰਕੀਟ ਸਥਿਤ ਡਾ. ਹਾਕਮ ਸਿੰਘ ਦੇ ਹਸਪਤਾਲ ਵਿਖੇ ਆਪਣੀਆਂ ਸੇਵਾਵਾਂ ਪ੍ਰਦਾਨ ਕਰਨਗੇ। ਡਾ. ਇਸ਼ਾਨ ਬਾਂਸਲ ਨੇ ਦੱਸਿਆ ਕਿ ਇਲਾਕੇ ਵਿੱਚ ਚਮੜੀ ਦੇ ਰੋਗੀਆਂ ਦੀ ਗਿਣਤੀ ਕਾਫੀ ਵੱਧ ਹੈ ਅਤੇ ਕਈ ਲੋਕ ਬਠਿੰਡਾ ਜਾਣ ਤੋਂ ਅਸਮਰਥ ਸਨ। ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਹਰ ਬੁੱਧਵਾਰ ਸਵੇਰੇ 9 ਵਜੇ ਤੋਂ 11 ਵਜੇ ਤੱਕ ਭੁੱਚੋ ਮੰਡੀ ਵਿਖੇ ਮਰੀਜ਼ਾਂ ਦੀ ਜਾਂਚ ਅਤੇ ਇਲਾਜ ਕੀਤਾ ਜਾਵੇਗਾ। ਉਨ੍ਹਾਂ ਚਮੜੀ ਰੋਗੀਆਂ ਨੂੰ ਸਲਾਹ ਦਿੰਦਿਆਂ ਕਿਹਾ ਕਿ ਆਪਣੀ ਮਰਜ਼ੀ ਨਾਲ ਦਵਾਈਆਂ ਖਾਣ ਤੋਂ ਪਰਹੇਜ਼ ਕੀਤਾ ਜਾਵੇ ਅਤੇ ਕਿਸੇ ਵੀ ਦਵਾਈ ਦੀ ਵਰਤੋਂ ਮਾਹਰ ਡਾਕਟਰ ਦੀ ਸਲਾਹ ਤੋਂ ਬਿਨਾਂ ਨਾ ਕੀਤੀ ਜਾਵੇ। ਡਾ. ਬਾਂਸਲ ਨੇ ਗਰਮੀਆਂ ਦੇ ਮੌਸਮ ਵਿੱਚ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਤੇਜ਼ ਧੁੱਪ ਵਿੱਚ ਘੱਟ ਨਿਕਲਿਆ ਜਾਵੇ, ਸਿਰ ਨੂੰ ਕਪੜੇ ਜਾਂ ਟੋਪੀ ਨਾਲ ਢੱਕਿਆ ਜਾਵੇ ਅਤੇ ਵੱਧ ਤੋਂ ਵੱਧ ਪਾਣੀ ਪੀਤਾ ਜਾਵੇ ਤਾਂ ਜੋ ਸਰੀਰ ਵਿੱਚ ਪਾਣੀ ਦੀ ਕਮੀ ਨਾ ਹੋਵੇ। ਉਨ੍ਹਾਂ ਕਿਹਾ ਕਿ ਧੁੱਪ ਤੋਂ ਬਚਾਅ ਲਈ ਛਤਰੀ ਅਤੇ ਹਲਕੇ ਰੰਗ ਦੇ ਕਪੜਿਆਂ ਦੀ ਵਰਤੋਂ ਲਾਭਦਾਇਕ ਰਹਿੰਦੀ ਹੈ। ਇਸ ਮੌਕੇ ਡਾ. ਹਾਕਮ ਸਿੰਘ ਨੇ ਕਿਹਾ ਕਿ ਇਲਾਕੇ ਦੇ ਲੋਕ ਚਮੜੀ ਰੋਗ ਮਾਹਰ ਡਾ. ਇਸ਼ਾਨ ਬਾਂਸਲ ਦੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਚੋਣ ਅਬਜ਼ਰਵਰ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਵੱਖ-ਵੱਖ ਥਾਵਾਂ ਦੇ ਪੋਲਿੰਗ ਬੂਥਾਂ ਦਾ ਨਿਰੀਖਣ

**ਚੋਣ ਅਮਲੇ ਅਤੇ ਵੋਟਰਾਂ ਨਾਲ ਕੀਤੀ ਗੱਲਬਾਤ**



ਬਠਿੰਡਾ, 26 ਮਈ :(ਰਾਣਾ ਸ਼ਰਮਾ) ਨਗਰ ਨਿਗਮ/ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ ਦੀ ਅੱਜ ਹੋ ਰਹੀ ਵੋਟਿੰਗ ਦੇ ਨਿਰੀਖਣ ਸਬੰਧੀ ਚੋਣ ਅਬਜ਼ਰਵਰ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਥਾਵਾਂ ਦੇ ਪੋਲਿੰਗ ਬੂਥਾਂ ਦਾ ਨਿਰੀਖਣ ਕੀਤਾ ਗਿਆ। ਚੋਣ ਅਬਜ਼ਰਵਰ ਹਰਸੁਹਿੰਦਰ ਪਾਲ ਸਿੰਘ ਬਰਾੜ ਵੱਲੋਂ ਅੱਜ ਵੱਖ-ਵੱਖ ਪੋਲਿੰਗ ਬੂਥਾਂ ਜਿੰਨ੍ਹਾਂ ਵਿੱਚ ਹਰਕ੍ਰਿਸ਼ਨ ਪਬਲਿਕ ਸਕੂਲ ਬਠਿੰਡਾ, ਮਾਰਕੀਟ ਕਮੇਟੀ ਭੁੱਚੋ, ਗੁਰੂ ਨਾਨਕ ਸਕੂਲ ਭੁੱਚੋ ਆਦਿ ਬੂਥਾਂ ਤੇ ਪਹੁੰਚ ਕੇ ਪੋਲਿੰਗ ਬੂਥਾਂ ਦਾ ਨਿਰੀਖਣ ਕਰਦਿਆਂ ਪੋਲਿੰਗ ਸਟਾਫ਼ ਨਾਲ ਗੱਲਬਾਤ ਕੀਤੀ ਤੇ ਪ੍ਰਬੰਧਾਂ ਤੇ ਤਸੱਲੀ ਪ੍ਰਗਟਾਈ। ਉਨ੍ਹਾਂ ਵੋਟਰਾਂ ਨਾਲ ਵੀ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਆਪਣੀ ਵੋਟ ਦਾ ਇਸਤੇਮਾਲ ਬਿਨ੍ਹਾਂ ਕਿਸੇ ਲਾਲਚ, ਡਰ, ਭੈਅ ਆਦਿ ਤੋਂ ਕਰਦਿਆਂ ਆਪਣਾ ਮਨਪਸੰਦ ਨੁਮਾਇੰਦਾ ਚੁਣਿਆ ਜਾਵੇ।

ਇਸ ਦੌਰਾਨ ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੋਟਾਂ ਦੀ ਸਮੁੱਚੀ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੁਖਤਾ ਪ੍ਰਬੰਧ ਕੀਤੇ ਹੋਏ ਹਨ ਤਾਂ ਜੋ ਕਿਸੇ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਪੰਜਾਬ ਦੇ ਕਿਸਾਨ ਆਗੂਆਂ ਨੇ ਸੀਐਮ ਸੈਣੀ ਨਾਲ ਮੁਲਾਕਾਤ ਕਿਸਾਨਾਂ ਦੇ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ

## ਪੰਜਾਬ 'ਚ ਭਾਜਪਾ ਦੀ ਸਰਕਾਰ ਬਣਨ 'ਤੇ ਕਿਸਾਨਾਂ ਦੇ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ



**ਚੰਡੀਗੜ੍ਹ, 26 ਮਈ (ਦੇਸ਼ ਪ੍ਰਦੇਸ਼ ਬਿਊਰੋ)**-: ਪੰਜਾਬ ਦੇ ਵੱਖ-ਵੱਖ ਕਿਸਾਨ ਸੰਗਠਨਾਂ ਦੇ ਪ੍ਰਤੀਨਿਧੀਆਂ ਦੇ ਇੱਕ ਵਫ਼ਦ ਨੇ 'ਸੰਤ ਕਬੀਰ ਕੁਟੀਰ' ਵਿਖੇ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਮੀਟਿੰਗ ਦੌਰਾਨ, ਕਿਸਾਨਾਂ, ਖੇਤੀਬਾੜੀ ਪ੍ਰਣਾਲੀ ਅਤੇ ਪੰਜਾਬ ਦੇ ਕਿਸਾਨਾਂ ਦੀ ਮੌਜੂਦਾ ਸਥਿਤੀ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ। ਮੁੱਖ ਮੰਤਰੀ ਨਾਲ ਮੁਲਾਕਾਤ ਕਰਨ ਵਾਲੇ ਵਫ਼ਦ ਵਿੱਚ ਦੋਆਬਾ ਕਿਸਾਨ ਯੂਨੀਅਨ, ਕਿਸਾਨ ਬਚਾਓ ਮੋਰਚਾ ਅਤੇ ਕੰਬੋਜ ਬਿਰਾਦਰੀ ਦੇ ਮੈਂਬਰ ਸ਼ਾਮਲ ਸਨ।

ਵਫ਼ਦ ਨੇ ਮੁੱਖ ਮੰਤਰੀ ਨੂੰ ਪੰਜਾਬ ਵਿੱਚ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਚੁਣੌਤੀਆਂ ਤੋਂ ਜਾਣੂ ਕਰਵਾਇਆ। ਇਸ ਦਾ ਜਵਾਬ ਦਿੰਦੇ ਹੋਏ, ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੇ ਮੁੱਦਿਆਂ ਦਾ ਹੱਲ ਕਰਨਾ ਭਾਜਪਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਸਰਕਾਰ ਕਿਸਾਨ-ਪੱਖੀ ਨੀਤੀਆਂ ਰਾਹੀਂ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ? ?ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।

ਮੁੱਖ ਮੰਤਰੀ ਨੇ ਵਫ਼ਦ ਨੂੰ ਦੱਸਿਆ ਕਿ ਹਰਿਆਣਾ ਵਿੱਚ, ਸਰਕਾਰ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਕਿਸਾਨਾਂ ਦੀਆਂ ਫਸਲਾਂ ਦੀ ਖਰੀਦ ਨੂੰ ਯਕੀਨੀ ਬਣਾਉਂਦੀ ਹੈ। ਇਸ ਤੋਂ ਇਲਾਵਾ, ਕੁਦਰਤੀ ਆਫ਼ਤਾਂ ਜਾਂ ਫਸਲਾਂ ਦੇ ਨੁਕਸਾਨ ਦੀ ਸਥਿਤੀ ਵਿੱਚ, ਕਿਸਾਨਾਂ ਨੂੰ ਸਮੇਂ ਸਿਰ ਮੁਆਵਜ਼ਾ ਪ੍ਰਦਾਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਯਕੀਨੀ ਬਣਾਉਣ ਅਤੇ ਖੇਤੀ ਨੂੰ ਵਧੇਰੇ ਲਾਭਦਾਇਕ ਉੱਦਮ ਬਣਾਉਣ ਲਈ ਤਿਆਰ ਕੀਤੇ ਗਏ ਸਿਸਟਮ ਵਿਕਸਤ ਕੀਤੇ ਹਨ।

ਸ਼੍ਰੀ ਨਾਇਬ ਸਿੰਘ ਸੈਣੀ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹਨ, ਅਤੇ ਉਨ੍ਹਾਂ ਦੀ ਭਲਾਈ ਹਮੇਸ਼ਾ ਭਾਰਤੀ ਜਨਤਾ ਪਾਰਟੀ ਸਰਕਾਰ ਲਈ ਇੱਕ ਤਰਜੀਹ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਦੀ ਹੈ, ਤਾਂ ਕਿਸਾਨਾਂ ਨਾਲ ਸਬੰਧਤ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਕੇਂਦਰ ਅਤੇ ਰਾਜ ਦੋਵੇਂ ਭਾਜਪਾ ਸਰਕਾਰਾਂ ਕਿਸਾਨਾਂ ਦੀ ਭਲਾਈ, ਖੇਤੀਬਾੜੀ ਖੇਤਰ ਦੇ ਵਿਕਾਸ ਅਤੇ ਪੇਂਡੂ ਆਰਥਿਕਤਾ ਦੀ ਮਜ਼ਬੂਤੀ ਪ੍ਰਤੀ ਅਟੁੱਟ ਵਚਨਬੱਧਤਾ ਨਾਲ ਕੰਮ ਕਰ ਰਹੀਆਂ ਹਨ। ਵਫ਼ਦ ਵਿੱਚ ਦੋਆਬਾ ਕਿਸਾਨ ਯੂਨੀਅਨ (ਡੀਕੇਯੂ) ਪੰਜਾਬ ਦੇ ਪ੍ਰਧਾਨ ਕੁਲਦੀਪ ਸਿੰਘ ਬਾਜੀਦਪੁਰ ਸ਼ਾਮਲ ਸਨ; ਜਨਰਲ ਸਕੱਤਰ ਕੁਲਦੀਪ ਸਿੰਘ ਦਿਆਲਾ; ਯੂਥ ਪ੍ਰਧਾਨ ਜਸਕਰਨ ਸਿੰਘ; ਕਿਰਪਾ ਸਿੰਘ ਨੱਥੂਵਾਲਾ, ਕਿਸਾਨ ਬਚਾਓ ਮੋਰਚਾ ਦੇ ਪ੍ਰਧਾਨ ਡਾ. ਜਨਰਲ ਸਕੱਤਰ ਗੋਮਾ ਸਿੰਘ; ਮੀਤ ਪ੍ਰਧਾਨ ਬੇਅੰਤ ਸਿੰਘ; ਚੇਅਰਪਰਸਨ ਸਲਿੰਦਰ ਕੌਰ; ਸਾਬਕਾ ਚੇਅਰਪਰਸਨ ਜਰਨੈਲ ਸਿੰਘ ਸੰਧਾ; ਅਤੇ ਲਖਵਿੰਦਰ ਸਿੰਘ ਮੋਮੀ, ਭਾਜਪਾ ਕਿਸਾਨ ਮੋਰਚਾ ਦੇ ਸੂਬਾ ਮੀਤ ਪ੍ਰਧਾਨ ਸ.ਵਫ਼ਦ ਨੇ ਮੁੱਖ ਮੰਤਰੀ ਸਾਹਮਣੇ ਪੰਜਾਬ ਵਿੱਚ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਚੁਣੌਤੀਆਂ ਪੇਸ਼ ਕੀਤੀਆਂ। ਇਸ ਦਾ ਜਵਾਬ ਦਿੰਦੇ ਹੋਏ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੇ ਮੁੱਦਿਆਂ ਦਾ ਹੱਲ ਕਰਨਾ ਭਾਜਪਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚੋਂ ਇੱਕ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰਿਆਣਾ ਸਰਕਾਰ ਕਿਸਾਨ-ਪੱਖੀ ਨੀਤੀਆਂ ਰਾਹੀਂ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ। ਵਫ਼ਦ ਵਿੱਚ ਕੁਲਦੀਪ ਸਿੰਘ ਬਜੀਦਪੁਰ (ਪ੍ਰਧਾਨ, ਦੋਆਬਾ ਕਿਸਾਨ ਯੂਨੀਅਨ [ਡੀਕੇਯੂ] ਪੰਜਾਬ), ਕੁਲਦੀਪ ਸਿੰਘ ਦਿਆਲਾ (ਜਨਰਲ ਸਕੱਤਰ), ਜਸਕਰਨ ਸਿੰਘ (ਯੂਥ ਪ੍ਰਧਾਨ), ਕਿਰਪਾ ਸਿੰਘ ਨੱਥੂਵਾਲਾ (ਪ੍ਰਧਾਨ, ਕਿਸਾਨ ਬਚਾਓ ਮੋਰਚਾ), ਗੋਮਾ ਸਿੰਘ (ਜਨਰਲ ਸਕੱਤਰ), ਬੇਅੰਤ ਸਿੰਘ (ਉਪ ਪ੍ਰਧਾਨ), ਸਲਿੰਦਰ ਕੌਰ (ਚੇਅਰਪਰਸਨ), ਜਰਨੈਲ ਸਿੰਘ ਸੰਧਾ (ਸਾਬਕਾ ਚੇਅਰਪਰਸਨ), ਅਤੇ ਲਖਵਿੰਦਰ ਸਿੰਘ ਮੋਮੀ (ਰਾਜ ਉਪ ਪ੍ਰਧਾਨ, ਭਾਜਪਾ ਕਿਸਾਨ ਮੋਰਚਾ) ਸ਼ਾਮਲ ਸਨ।

# ਭਾਜਪਾ ਦੇ ਜ਼ਿਲ੍ਹੇ ਦੇ ਉਪ ਪ੍ਰਧਾਨ ਪਵਨ ਮਨੋਚਾ ਵਲੋਂ ਨਗਰ ਕੌਂਸਲ ਚੋਣਾਂ ਦੇ ਨਤੀਜੇ ਵੋਟਾਂ ਪੈਣ ਦੇ ਤੁਰੰਤ ਬਾਅਦ ਨਾ ਘੋਸ਼ਿਤ ਕਰਨ ਦੀ ਕੀਤੀ ਨਿਖੇਧੀ

ਸ਼ਸ਼ੀ ਪਾਲ ਜੈਨ

**ਖਰੜ 26 ਮਈ**-ਭਾਜਪਾ ਦੇ ਜਿਲਾ ਮੁਹਾਲੀ ਦੇ ਸੀਨੀਅਰ ਆਗੂ ਅਤੇ ਉਪ ਪ੍ਰਧਾਨ ਪਵਨ ਮਨੋਚਾ ਨੇ ਇਸ ਗੱਲ ਦੀ ਨਿਖੇਧੀ ਕੀਤੀ ਹੈ ਕਿ ਅੱਜ ਜਦੋਂ ਰਾਜ ਵਿਚ ਸਥਾਨਕ ਸਰਕਾਰਾਂ ਦੀਆਂ ਚੋਣਾਂ ਹੋ ਗਈਆਂ ਹਨ ਤਾਂ ਇਨਾਂ ਦੇ ਨਤੀਜੇ ਪਹਿਲਾਂ ਦੀ ਤਰਾਂ ਅੱਜ ਕਿਉਂ ਨਹੀ ਘੋਸ਼ਿਤ ਕੀਤੇ ਜਾ ਰਹੇ ?



ਅੱਜ ਇਥੇ ਉਨਾਂ ਕਿਹਾ ਕਿ ਪਿਛਲੇ ਦੋ ਤਿੰਨ ਦਹਾਕਿਆਂ ਤੋਂ ਹਮੇਸ਼ਾਂ ਹੀ ਏਦਾ ਹੁੰਦਾ ਹੈ ਕਿ ਜਦੋਂ ਵੋਟਾਂ ਪੈਂਦੀਆਂ ਹਨ ਤਾਂ ਵੋਟਾਂ ਪੈਣ ਦਾ ਕੰਮ ਖਤਮ ਹੋਣ ਉਪਰੰਤ ਹੀ ਵੋਟਾਂ ਦੀ ਗਿਣਤੀ ਹੋ ਜਾਂਦੀ ਹੈ ਅਤੇ ਨਤੀਜੇ ਘੋਸ਼ਿਤ ਕਰ ਦਿੱਤੇ ਜਾਂਦੇ ਹਨ। ਉਨਾਂ ਕਿਹਾ ਕਿ ਸ਼ਾਇਦ ਪਹਿਲੀ ਵਾਰ ਹੋ ਰਿਹਾ ਹੈ ਕਿ ਅੱਜ ਹੋਈ ਪੋਲਿੰਗ ਤੋਂ 2 ਦਿਨਾਂ ਬਾਅਦ ਭਾਵ 29 ਮਈ ਨੂੰ ਵੋਟਾਂ ਦੀ ਗਿਣਤੀ ਹੋਵੇਗੀ। ਉਸਨੇ ਕਿਹਾ ਕਿ ਇਸ ਨਾਲ ਸਾਰੀਆਂ ਹੀ ਵਿਰੋਧੀ ਪਾਰਟੀਆਂ ਵਿਚ ਸ਼ੱਕ ਪੈਦਾ ਹੋ ਗਿਆ ਹੈ ਕਿ ਰਾਜ ਦੀ ਮੌਜੂਦਾ ਆਪ ਪਾਰਟੀ ਦੀ ਸਰਕਾਰ ਧੱਕਾ ਨਾ ਕਰੇ। ਉਨਾਂ ਮੰਗ ਕੀਤੀ ਹੈ ਕਿ ਵੋਟਾਂ ਦੀ ਗਿਣਤੀ ਤੁਰੰਤ ਕਰਵਾਈ ਜਾਵੇ।

# ਖਰੜ ਅਗਰਵਾਲ ਸਭਾ ਦੇ ਮੈਂਬਰ ਬਣਨ ਲਈ ਅਗਰਵਾਲਾਂ ਨੂੰ ਅਪੀਲ

ਸ਼ਸ਼ੀ ਪਾਲ ਜੈਨ

**ਖਰੜ 26 ਮਈ**-ਅਗਰਵਾਲ ਸਭਾ ਖਰੜ ਪਿਛਲੇ ਕਈ ਸਾਲਾਂ ਤੋਂ ਸਮਾਜ ਸੇਵਾ ਵਿਚ ਅਹਿਮ ਭੂਮਿਕਾ ਨਿਭਾ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿਚ ਇਸ ਸਭਾ ਨਾਲ ਵਧੇਰੇ ਮੈਂਬਰ ਜੋੜ ਕੇ ਸਮਾਜ ਸੇਵਾ ਦਾ ਇੱਕ ਬਹੁਤ ਵੱਡਾ ਉਪਰਾਲਾ ਕੀਤਾ ਜਾਵੇਗਾ। ਅੱਜ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਅਗਰਵਾਲ ਸਭਾ ਖਰੜ ਦੇ ਪ੍ਰਧਾਨ ਰਵੀ ਕਾਂਤ ਗੁਪਤਾ, ਸਕੱਤਰ ਦਵਿੰਦਰ ਗੁਪਤਾ ਅਤੇ ਕੈਸ਼ੀਅਰ ਰਾਮੇਸ਼ ਗੁਪਤਾ ਬੰਟੀ ਨੇ ਦੱਸਿਆ ਕਿ ਇਸ ਸਮੇਂ ਖਰੜ ਦੀ ਆਬਾਦੀ ਲਗਭਗ 3 ਲੱਖ ਦੇ ਕਰੀਬ ਹੈ ਅਤੇ ਉਸ ਵਿਚੋਂ ਅਗਰਵਾਲ ਬਰਾਦਰੀ ਨਾਲ ਸਬੰਧਤ ਵਸਨੀਕਾਂ ਦੀ ਆਬਾਦੀ 50 ਹਜ਼ਾਰ ਤੋਂ ਉਪਰ ਹੈ ਅਤੇ ਇਥੇ ਖਰੜ ਨਗਰ ਕੌਂਸਲ ਵਿਚ 10 ਹਜ਼ਾਰ ਤੋਂ ਵੱਧ ਅਗਰਵਾਲ ਭਾਈਚਾਰੇ ਨਾਲ ਸਬੰਧਤ ਪਰਿਵਾਰ ਰਹਿ ਰਹੇ ਹਨ।

ਉਨਾਂ ਦੱਸਿਆ ਕਿ ਇਸ ਲਈ ਸਾਰੇ ਅਗਰਵਾਲ ਭਾਈਚਾਰੇ ਦੇ ਵਸਨੀਕਾਂ ਨੂੰ ਬੇਨਤੀ ਹੈ ਕਿ ਉਹ ਅਗਰਵਾਲ ਸਭਾ ਜਿਸ ਦੇ ਹੁਣ ਤੱਕ 514 ਮੈਂਬਰ ਹਨ, ਨਾਲ ਆਪਣੇ ਆਪ ਨੂੰ ਜੋੜਨ ਤਾਂ ਕਿ ਭਵਿੱਖ ਵਿਚ ਅਸੀਂ ਇੱਕ ਜੁਟ ਹੋ ਕੇ ਕੋਈ ਵੱਡਾ ਉਪਰਾਲਾ ਕਰ ਸਕੀਏ।

# ਨਯਾਗਾਓਂ 'ਚ ਨਗਰ ਕੌਂਸਲ ਚੋਣ ਪੋਲਿੰਗ ਬੂਥ ਛਾਂ ਜਾਂ ਪਾਣੀ ਤੋਂ ਸੱਖਣੇ



**ਨਿਊ - ਚੰਡੀਗੜ੍ਹ, ਖਰੜ, 26 ਮਈ (ਜੇ.ਕੇ ਬੱਤਾ)**— ਜ਼ਿਲ੍ਹਾ ਚੋਣ ਅਧਿਕਾਰੀ ਨੇ ਸਬੰਧਤ ਅਧਿਕਾਰੀਆਂ ਨੂੰ ਜ਼ਰੂਰੀ ਨਿਰਦੇਸ਼ ਜਾਰੀ ਕੀਤੇ ਸਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਨਯਾਗਾਓਂ ਵਿੱਚ ਨਗਰ ਕੌਂਸਲ ਚੋਣਾਂ ਦੌਰਾਨ ਵੋਟਰਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਦੇ ਬਾਵਜੂਦ, ਪੋਲਿੰਗ ਬੂਥਾਂ 'ਤੇ ਨਾ ਤਾਂ ਛਾਂ ਅਤੇ ਨਾ ਹੀ ਪਾਣੀ ਦਾ ਪ੍ਰਬੰਧ ਕੀਤਾ ਗਿਆ। ਤੇਜ਼ ਧੁੱਪ ਕਾਰਨ ਵੋਟਰਾਂ ਨੂੰ ਪੋਲਿੰਗ ਬੂਥਾਂ 'ਤੇ ਲਾਈਨ ਵਿੱਚ ਖੜ੍ਹੇ ਹੋ ਕੇ ਬਹੁਤ ਜ਼ਿਆਦਾ ਪਸੀਨਾ ਵਹਾਉਣਾ ਪਿਆ। ਵ੍ਹੀਲਚੇਅਰਾਂ ਵੀ ਉਪਲਬਧ ਨਹੀਂ ਸਨ, ਅਤੇ ਕਈ ਹੋਰ ਅਸੁਵਿਧਾਵਾਂ ਪੈਦਾ ਹੋਈਆਂ। ਚੋਣ ਸ਼ਡਿਊਲ ਜਾਰੀ ਹੋਣ ਤੋਂ ਬਾਅਦ, ਜ਼ਿਲ੍ਹਾ ਚੋਣ ਅਧਿਕਾਰੀ ਨੇ ਚੋਣ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੇ ਪੋਲਿੰਗ ਬੂਥਾਂ 'ਤੇ ਪਾਣੀ, ਬਿਜਲੀ ਅਤੇ ਛਾਂ ਦਾ ਪ੍ਰਬੰਧ ਯਕੀਨੀ ਬਣਾਉਣ ਤਾਂ ਜੋ ਵੋਟਰਾਂ ਨੂੰ ਵੋਟ ਪਾਉਣ ਦੌਰਾਨ ਕੋਈ ਅਸੁਵਿਧਾ ਨਾ ਹੋਵੇ। ਇਸ ਦੇ ਬਾਵਜੂਦ, ਜਲ ਨਿਗਮ, ਬਿਜਲੀ ਵਿਭਾਗ ਅਤੇ ਨਯਾਗਾਓਂ ਨਗਰ ਕੌਂਸਲ ਕੋਈ ਜਵਾਬ ਨਹੀਂ ਦੇ ਰਹੀ। ਸਥਿਤੀ ਇੰਨੀ ਗੰਭੀਰ ਬਣੀ ਰਹੀ ਕਿ ਨਾਡਾ ਪਿੰਡ ਅਤੇ ਨਯਾਗਾਓਂ ਦੇ ਹੋਰ ਖੇਤਰਾਂ ਦੇ ਜ਼ਿਆਦਾਤਰ ਪੋਲਿੰਗ ਬੂਥਾਂ 'ਤੇ ਅਸੁਵਿਧਾ ਦਾ ਸਾਹਮਣਾ ਕਰਨਾ ਪਿਆ। ਬੂਥਾਂ 'ਤੇ ਛਾਂ ਅਤੇ ਪਾਣੀ ਦਾ ਪ੍ਰਬੰਧ ਨਾ ਹੋਣ ਕਾਰਨ ਵੋਟਰਾਂ ਨੂੰ ਤੇਜ਼ ਧੁੱਪ ਵਿੱਚ ਪਰੇਸ਼ਾਨੀ ਝੱਲਣੀ ਪਈ। ਉਹ ਕਤਾਰ ਵਿੱਚ ਖੜ੍ਹੇ ਹੋ ਕੇ ਪਿਆਸ ਮਿਟਾਉਂਦੇ ਰਹੇ। ਧੁੱਪ ਤੋਂ ਬਚਣ ਲਈ ਲੋਕਾਂ ਨੇ ਤੌਲੀਏ, ਸਕਾਰਫ਼ ਆਦਿ ਦਾ ਸਹਾਰਾ ਲਿਆ। ਪੋਲਿੰਗ ਬੂਥਾਂ 'ਤੇ ਹਫੜਾ-ਦਫੜੀ ਕਾਰਨ ਅਧਿਕਾਰੀਆਂ ਪ੍ਰਤੀ ਅਸੰਤੁਸ਼ਟੀ ਸੀ। ਨਯਾਗਾਓਂ ਦੇ ਪੋਲਿੰਗ ਬੂਥਾਂ 'ਤੇ ਤੇਜ਼ ਧੁੱਪ ਵਿੱਚ ਵੋਟਰਾਂ ਨੂੰ ਪ੍ਰੇਸ਼ਾਨੀ ਝੱਲਣੀ ਪਈ। ਨਗਰ ਕੌਂਸਲ ਨਯਾਗਾਓਂ ਨੇ ਇਨ੍ਹਾਂ ਕੇਂਦਰਾਂ 'ਤੇ ਟੈਂਟਾਂ ਆਦਿ ਦਾ ਕੋਈ ਪ੍ਰਬੰਧ ਨਹੀਂ ਕੀਤਾ ਸੀ, ਹਾਲਾਂਕਿ ਕੰਪਲੈਕਸ ਵਿੱਚ ਕਈ ਥਾਵਾਂ 'ਤੇ ਦਰੱਖਤ ਨਹੀਂ ਸਨ। ਵਰਾਂਡੇ ਵਿੱਚ ਬੈਠਣ ਲਈ ਕਾਫ਼ੀ ਜਗ੍ਹਾ ਨਹੀਂ ਸੀ।



ਕੁਰਾਲੀ ਦੇ ਖ਼ਾਲਸਾ ਸਕੂਲ ਵਿਖੇ ਆਪਣੇ ਪਰਿਵਾਰ ਸਮੇਤ ਵੋਟ ਪਾ ਕੇ ਵਾਪਸ ਆਉਂਦੇ ਇੱਕ ਬਜ਼ੁਰਗ । ਤਸਵੀਰ ਤੇ ਵੇਰਵਾ: ਪ੍ਰਭਦੀਪ ਸਿੰਘ ਸੋਢੀ



ਕੁਰਾਲੀ ਵਿਖੇ ਆਪਣੀ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਦੇ ਹੋਏ ਬੀਬੀ ਸੁਖਜੀਤ ਕੌਰ ਸੋਢੀ ਸਾਬਕਾ ਕੌਂਸਲਰ, ਬੀਬੀ ਜਸਵੰਤ ਕੌਰ ਪ੍ਰਧਾਨ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸਮਾਜ ਸੇਵੀ ਸੁਖਜਿੰਦਰ ਸੋਢੀ ਅਤੇ ਹੋਰ। ਪ੍ਰਭਦੀਪ ਸਿੰਘ ਸੋਢੀ




ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਰਣਜੀਤ ਸਿੰਘ ਗਿੱਲ ਵੱਲੋਂ ਵਾਰਡ ਨੰਬਰ 5 ਕੁਰਾਲੀ ਤੋਂ ਉਮੀਦਵਾਰ ਲਖਵਿੰਦਰ ਕੌਰ ਠਾਕੁਰ ਦੇ ਬੂਥ 'ਤੇ ਪਹੁੰਚ ਕੇ ਵਰਕਰਾਂ ਦਾ ਹੌਸਲਾ ਅਫਜ਼ਾਈ ਕਰਦਿਆਂ ਆਪਣੇ ਵੋਟ ਦੇ ਹੱਕ ਦੀ ਵਰਤੋਂ ਕਰਦਿਆਂ ਵੋਟ ਪਾਉਣ ਲਈ ਪ੍ਰੇਰਿਤ ਕੀਤਾ। ਤਸਵੀਰ ਤੇ ਵੇਰਵਾ:ਪ੍ਰਭਦੀਪ ਸਿੰਘ ਸੋਢੀ ਕੁਰਾਲੀ

# ਡੇਰਾਬੱਸੀ ਨਗਰ ਕੌਂਸਲ ਚੋਣਾਂ ਦੌਰਾਨ ਹੰਗਾਮਾ

## ਵਾਰਡ ਨੰਬਰ 5 ਵਿੱਚ ਬੂਥ ਕੈਪਚਰਿੰਗ ਦੇ ਦੋਸ਼





**ਡੇਰਾਬੱਸੀ, 26 ਮਈ (ਸੁਖਵਿੰਦਰ ਸੈਣੀ)**- ਨਗਰ ਕੌਂਸਲ ਡੇਰਾਬੱਸੀ ਦੇ 18 ਵਾਰਡਾਂ ਲਈ ਹੋਈਆਂ ਚੋਣਾਂ ਸੋਮਵਾਰ ਨੂੰ ਜ਼ਿਆਦਾਤਰ ਥਾਵਾਂ 'ਤੇ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਹੋ ਗਈਆਂ,ਪਰ ਵਾਰਡ ਨੰਬਰ 5 ਵਿੱਚ ਚੋਣ ਪ੍ਰਕਿਰਿਆ ਦੌਰਾਨ ਤਣਾਅਪੂਰਨ ਮਾਹੌਲ ਬਣ ਗਿਆ, ਜਿੱਥੇ ਵਿਰੋਧੀ ਧਿਰਾਂ ਵੱਲੋਂ ਬੂਥ ਕੈਪਚਰਿੰਗ ਅਤੇ ਧੱਕੇਸ਼ਾਹੀ ਦੇ ਗੰਭੀਰ ਦੋਸ਼ ਲਗਾਏ ਗਏ। ਕਾਂਗਰਸ ਅਤੇ ਭਾਜਪਾ ਦੇ ਉਮੀਦਵਾਰਾਂ ਨੇ ਦੋਸ਼ ਲਗਾਇਆ ਕਿ ਸੱਤਾਧਾਰੀ ਧਿਰ ਵੱਲੋਂ ਬਾਹਰਲੇ ਲੋਕਾਂ ਨੂੰ ਬੁਲਾ ਕੇ ਬੂਥ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਪੋਲਿੰਗ ਏਜੰਟਾਂ ਨੂੰ ਬੂਥ ਤੋਂ ਬਾਹਰ ਕੱਢ ਦਿੱਤਾ ਗਿਆ ਅਤੇ ਸੀਸੀਟੀਵੀ ਕੈਮਰਿਆਂ ਦਾ ਰੁੱਖ ਵੀ ਮੋੜ ਦਿੱਤਾ ਗਿਆ। ਇਸ ਤੋਂ ਬਾਅਦ ਬੂਥ ਦੇ ਦਰਵਾਜ਼ੇ ਬੰਦ ਕਰਕੇ ਕਥਿਤ ਤੌਰ 'ਤੇ ਸੈਂਕੜਿਆਂ ਜਾਲੀ ਵੋਟਾਂ ਪਾਈਆਂ ਗਈਆਂ।ਮਾਮਲੇ ਦੀ ਜਾਣਕਾਰੀ ਮਿਲਦੇ ਹੀ ਕਾਂਗਰਸੀ ਅਤੇ ਭਾਜਪਾ ਉਮੀਦਵਾਰਾਂ ਨੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੂੰ ਲਗਾਤਾਰ ਫੋਨ ਕਰਕੇ ਦਖ਼ਲ ਦੀ ਮੰਗ ਕੀਤੀ ਅਤੇ ਮੀਡੀਆ ਨੂੰ ਵੀ ਮੌਕੇ 'ਤੇ ਬੁਲਾਇਆ। ਹਾਲਾਤ ਤਣਾਅਪੂਰਨ ਬਣਦੇ ਦੇਖ ਐਸਪੀ ਡੇਰਾਬੱਸੀ ਬਿਕਰਮ ਸਿੰਘ ਬਰਾੜ ਅਤੇ ਥਾਣਾ ਮੁਖੀ ਸੁਮਿਤ ਮੋਰ ਭਾਰੀ ਪੁਲਿਸ ਫੋਰਸ ਸਮੇਤ ਮੌਕੇ 'ਤੇ ਪਹੁੰਚੇ ਅਤੇ ਸਥਿਤੀ 'ਤੇ ਕਾਬੂ ਪਾਇਆ। ਕਾਂਗਰਸ ਦੀ ਉਮੀਦਵਾਰ ਇੰਦੂ ਸੈਣੀ ਅਤੇ ਭਾਜਪਾ ਦੀ ਉਮੀਦਵਾਰ ਸੋਨੀਆ ਮੁਦਗਿਲ ਨੇ ਮੀਡੀਆ ਸਾਹਮਣੇ ਸਰਕਾਰ ਖ਼?ਲਾਫ਼ ਖੁੱਲ੍ਹ ਕੇ ਗੁੱਸਾ ਜਤਾਇਆ। ਉਨ੍ਹਾਂ ਕਿਹਾ ਕਿ ਲੋਕਤੰਤਰ ਦਾ ਗਲਾ ਘੋਟਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਅਤੇ ਵਿਰੋਧੀ ਉਮੀਦਵਾਰਾਂ ਨੂੰ ਹਰਾਉਣ ਲਈ ਪ੍ਰਸ਼ਾਸਨਿਕ ਤਾਕਤ ਦਾ ਦੁਰਪਯੋਗ ਕੀਤਾ ਜਾ ਰਿਹਾ ਹੈ। ਇਸ ਦੌਰਾਨ ਕਾਂਗਰਸ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਵੀ ਮੌਕੇ 'ਤੇ ਪਹੁੰਚੇ। ਉਨ੍ਹਾਂ ਦੋਸ਼ ਲਗਾਇਆ ਕਿ ਕਾਂਗਰਸੀ ਉਮੀਦਵਾਰਾਂ ਨੂੰ ਨਿਸ਼ਾਨਾ ਬਣਾਕੇ ਬੂਥ ਕੈਪਚਰਿੰਗ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਸਰਕਾਰੀ ਮਸ਼ੀਨਰੀ ਦਾ ਖੁੱਲ੍ਹਾ ਦੁਰਪਯੋਗ ਕੀਤਾ ਗਿਆ।ਮੌਕੇ 'ਤੇ ਥਾਣਾ ਮੁਖੀ ਸੁਮਿਤ ਮੋਰ ਅਤੇ ਦੀਪਇੰਦਰ ਸਿੰਘ ਢਿੱਲੋਂ ਵਿਚਾਲੇ ਤਿੱਖੀ ਬਹਿਸ ਵੀ ਹੋਈ, ਜਿਸ ਕਾਰਨ ਮਾਹੌਲ ਹੋਰ ਗਰਮਾ ਗਿਆ। ਮੀਡੀਆ ਦੇ ਸਾਹਮਣੇ ਵਿਰੋਧੀ ਉਮੀਦਵਾਰਾਂ ਨੇ ਆਪਣੀ ਪੂਰੀ ਦਾਸਤਾਨ ਸੁਣਾਉਂਦੇ ਹੋਏ ਚੋਣ ਪ੍ਰਕਿਰਿਆ ਦੀ ਨਿਰਪੱਖਤਾ 'ਤੇ ਸਵਾਲ ਖੜ੍ਹੇ ਕੀਤੇ ਅਤੇ ਸਰਕਾਰ 'ਤੇ ਧੱਕੇਸ਼ਾਹੀ ਕਰਨ ਦੇ ਦੋਸ਼ ਲਗਾਏ।

# ਮੋਹਾਲੀ ਨਗਰ ਨਿਗਮ ਚੋਣਾਂ 'ਚ ਪਰਿਵਾਰ ਸਮੇਤ ਸ਼ਮੂਲੀਅਤ ਕਰਕੇ ਵਿਧਾਇਕ ਕੁਲਵੰਤ ਸਿੰਘ ਨੇ ਇਸਤੇਮਾਲ ਕੀਤਾ ਵੋਟ ਦਾ ਹੱਕ



**ਮੋਹਾਲੀ, 26 ਮਈ (ਦੇਸ਼ ਪ੍ਰਦੇਸ਼ ਬਿਊਰੋ)**-: ਸਰਦਾਰ ਕੁਲਵੰਤ ਸਿੰਘ ਵਿਧਾਇਕ ਐਸ.ਏ.ਐਸ. ਨਗਰ (ਮੋਹਾਲੀ) ਨੇ ਅੱਜ ਆਪਣੇ ਪੁੱਤਰ ਸਰਬਜੀਤ ਸਿੰਘ ਅਤੇ ਪਰਿਵਾਰਕ ਮੈਂਬਰਾਂ ਸਮੇਤ ਨਗਰ ਨਿਗਮ ਮੋਹਾਲੀ ਚੋਣਾਂ ਲਈ ਵਾਰਡ ਨੰਬਰ 42 ਵਿੱਚ ਆਪਣਾ ਵੋਟ ਪਾਇਆ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਤੰਤਰ ਵਿੱਚ ਵੋਟ ਦਾ ਅਧਿਕਾਰ ਸਭ ਤੋਂ ਵੱਡੀ ਤਾਕਤ ਹੈ ਅਤੇ ਹਰ ਨਾਗਰਿਕ ਨੂੰ ਆਪਣੇ ਇਸ ਸੰਵਿਧਾਨਕ ਹੱਕ ਦਾ ਜ਼ਰੂਰ ਇਸਤੇਮਾਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਲੋਕਾਂ ਨੂੰ ਆਪਣੇ ਇਲਾਕੇ ਦੇ ਵਿਕਾਸ ਅਤੇ ਭਵਿੱਖ ਲਈ ਯੋਗ ਪ੍ਰਤੀਨਿਧ ਚੁਣਨ ਦਾ ਮੌਕਾ ਦਿੰਦੀਆਂ ਹਨ। ਉਨ੍ਹਾਂ ਮੋਹਾਲੀ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਘਰਾਂ ਤੋਂ ਬਾਹਰ ਨਿਕਲ ਕੇ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨ ਤਾਂ ਜੋ ਮਜ਼ਬੂਤ ਅਤੇ ਜ਼ਿੰਮੇਵਾਰ ਲੋਕਤੰਤਰ ਦੀ ਸਥਾਪਨਾ ਹੋ ਸਕੇ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਲੋਕਾਂ ਦਾ ਭਰੋਸਾ ਅਤੇ ਸਹਿਯੋਗ ਹੀ ਲੋਕ ਸੇਵਾ ਲਈ ਸਭ ਤੋਂ ਵੱਡੀ ਪ੍ਰੇਰਣਾ ਹੁੰਦਾ ਹੈ ਅਤੇ ਉਹ ਹਮੇਸ਼ਾਂ ਮੋਹਾਲੀ ਦੇ ਵਿਕਾਸ, ਸਹੂਲਤਾਂ ਅਤੇ ਲੋਕ ਭਲਾਈ ਲਈ ਵਚਨਬੱਧ ਰਹਿਣਗੇ।

# ਡਿਪਟੀ ਕਮਿਸ਼ਨਰ-ਕਮ-ਆਬਕਾਰੀ ਕਮਿਸ਼ਨਰ, ਚੰਡੀਗੜ੍ਹ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ



**ਚੰਡੀਗੜ੍ਹ, 26 ਮਈ, (ਦੇਸ਼ ਪ੍ਰਦੇਸ਼ ਬਿਊਰੋ)**- ਅੱਜ ਚੰਡੀਗੜ੍ਹ ਦੇ ਸਾਰੇ ਸ਼ਰਾਬ ਲਾਇਸੈਂਸ ਧਾਰਕਾਂ ਦੀ ਇੱਕ ਮੀਟਿੰਗ ਡਿਪਟੀ ਕਮਿਸ਼ਨਰ-ਕਮ-ਆਬਕਾਰੀ ਕਮਿਸ਼ਨਰ, ਚੰਡੀਗੜ੍ਹ, ਨਿਸ਼ਾਂਤ ਕੁਮਾਰ ਯਾਦਵ, ਆਈ.ਏ.ਐਸ. ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦਾ ਉਦੇਸ਼ ਆਬਕਾਰੀ ਨੀਤੀ ਦੀ ਪਾਲਣਾ ਦੀ ਸਮੀਖਿਆ ਕਰਨਾ ਅਤੇ ਹਾਲ ਹੀ ਵਿੱਚ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਾਹਮਣੇ ਆਈਆਂ ਉਲੰਘਣਾਵਾਂ 'ਤੇ ਚਰਚਾ ਕਰਨਾ ਸੀ। ਮੀਟਿੰਗ ਦੌਰਾਨ, ਡਿਪਟੀ ਕਮਿਸ਼ਨਰ-ਕਮ-ਆਬਕਾਰੀ ਕਮਿਸ਼ਨਰ ਨੇ ਇੱਕ ਸੋਸ਼ਲ ਮੀਡੀਆ ਐਪਲੀਕੇਸ਼ਨ 'ਤੇ ਘੁੰਮ ਰਹੀ ਇੱਕ 'ਰੀਲ' ਦਾ ਗੰਭੀਰ ਨੋਟਿਸ ਲਿਆ, ਜਿਸ ਵਿੱਚ ਇੱਕ ਸ਼ਰਾਬ ਵਿਕਰੇਤਾ ਨੂੰ ਬ੍ਰਾਂਡ ਪ੍ਰਮੋਸ਼ਨ ਦੀ ਆੜ ਵਿੱਚ ਮੁਫਤ ਸ਼ਰਾਬ ਪਰੋਸਦੇ ਦੇਖਿਆ ਗਿਆ। ਚੇਅਰਪਰਸਨ ਨੇ ਹਾਜ਼ਰੀਨ ਨੂੰ ਦੱਸਿਆ ਕਿ ਉਕਤ ਮਾਮਲੇ ਵਿੱਚ ਦੋਸ਼ੀ ਵਿਰੁੱਧ ਪਹਿਲਾਂ ਹੀ ਐਫਆਈਆਰ ਦਰਜ ਕੀਤੀ ਜਾ ਚੁੱਕੀ ਹੈ, ਅਤੇ ਸਖ਼ਤ ਕਾਰਵਾਈ ਸ਼ੁਰੂ ਕੀਤੀ ਜਾ ਰਹੀ ਹੈ। ਮੀਟਿੰਗ ਦੀ ਸਮਾਪਤੀ ਕਰਦੇ ਹੋਏ, ਸ਼੍ਰੀ ਨਿਸ਼ਾਂਤ ਕੁਮਾਰ ਯਾਦਵ ਨੇ ਸਾਰੇ ਲਾਇਸੈਂਸ ਧਾਰਕਾਂ ਵਿੱਚ ਸਿਹਤਮੰਦ ਅਤੇ ਨਿਰਪੱਖ ਮੁਕਾਬਲਾ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਹਾਲਾਂਕਿ, ਉਨ੍ਹਾਂ ਨੇ ਪੁਸ਼ਟੀ ਕੀਤੀ ਕਿ ਪ੍ਰਸ਼ਾਸਨ ਆਬਕਾਰੀ ਨੀਤੀ ਦੇ ਉਪਬੰਧਾਂ ਤੋਂ ਕਿਸੇ ਵੀ ਭਟਕਣਾ ਦੇ ਨਾਲ-ਨਾਲ ਜਨਤਕ ਹਿੱਤ ਜਾਂ ਰੈਗੂਲੇਟਰੀ ਅਨੁਸ਼ਾਸਨ ਲਈ ਨੁਕਸਾਨਦੇਹ ਮੰਨੀਆਂ ਜਾਣ ਵਾਲੀਆਂ ਕਿਸੇ ਵੀ ਗਤੀਵਿਧੀਆਂ ਨਾਲ ਸਖ਼ਤੀ ਅਤੇ ਦ੍ਰਿੜਤਾ ਨਾਲ ਨਜਿੱਠੇਗਾ।

# ਕੁਰਾਲੀ 'ਚ ਚੋਣਾਂ ਦਾ ਕੰਮ ਅਮਨ ਅਮਾਨ ਨਾਲ ਨੇਪਰੇ ਚੜ੍ਹਿਆ

**ਕੁਰਾਲੀ, 26 ਮਈ (ਪ੍ਰਭਦੀਪ ਸਿੰਘ ਸੋਢੀ)**— ਕੁਰਾਲੀ ਸ਼ਹਿਰ ਵਿੱਚ ਅੱਜ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਵੋਟਿੰਗ ਦਾ ਕੰਮ ਕੁੱਲ ਮਿਲਾ ਕੇ ਅਮਨ-ਅਮਾਨ ਅਤੇ ਸ਼ਾਂਤੀਪੂਰਵਕ ਢੰਗ ਨਾਲ ਸੰਪੰਨ ਹੋਇਆ। ਸਵੇਰ ਤੋਂ ਹੀ ਸ਼ਹਿਰ ਦੇ ਵੱਖ-ਵੱਖ ਬੂਥਾਂ 'ਤੇ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਦੇਖਣ ਨੂੰ ਮਿਲੀਆਂ ਅਤੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਆਪਣੇ ਮਤ ਦਾ ਪ੍ਰਯੋਗ ਕੀਤਾ। ਚੋਣਾਂ ਨੂੰ ਲੈ ਕੇ ਲੋਕਾਂ ਵਿੱਚ ਕਾਫ਼ੀ ਉਤਸ਼ਾਹ ਨਜ਼ਰ ਆਇਆ, ਪਰ ਇਸਦੇ ਨਾਲ ਹੀ ਬਹੁਤ ਸਾਰੇ ਬੂਥਾਂ 'ਤੇ ਪ੍ਰਸ਼ਾਸਨਿਕ ਪ੍ਰਬੰਧਾਂ ਦੀ ਕਮੀ ਵੀ ਸਾਫ਼ ਤੌਰ 'ਤੇ ਮਹਿਸੂਸ ਕੀਤੀ ਗਈ। ਤਿੱਖੀ ਗਰਮੀ ਅਤੇ ਸਿਖਰ ਦੁਪਹਿਰ ਦੇ ਸਮੇਂ ਵੋਟ ਪਾਉਣ ਲਈ ਪਹੁੰਚੇ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਵੱਡੀ ਕਮੀ ਦਾ ਸਾਹਮਣਾ ਕਰਨਾ ਪਿਆ। ਕਈ ਬੂਥਾਂ 'ਤੇ ਨਾ ਤਾਂ ਠੰਢੇ ਪਾਣੀ ਦਾ ਕੋਈ ਢੁੱਕਵਾਂ ਪ੍ਰਬੰਧ ਸੀ ਅਤੇ ਨਾ ਹੀ ਲੋਕਾਂ ਲਈ ਬੈਠਣ ਦੀ ਕੋਈ ਵਿਵਸਥਾ ਦਿਖਾਈ ਦਿੱਤੀ। ਖਾਸ ਕਰਕੇ ਬਜ਼ੁਰਗਾਂ, ਮਹਿਲਾਵਾਂ ਅਤੇ ਅਪਾਹਿਜ ਵੋਟਰਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਵੀਲ ਚੇਅਰਾਂ ਦੇ ਪ੍ਰਬੰਧ ਨਾ ਹੋਣ ਕਾਰਨ ਕਈ ਬਜ਼ੁਰਗ ਵੋਟਰਾਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਦੇ ਸਹਾਰੇ ਬੂਥਾਂ ਤੱਕ ਪਹੁੰਚਣਾ ਪਿਆ। ਵੋਟਰਾਂ ਵੱਲੋਂ ਇਸ ਮਾਮਲੇ 'ਤੇ ਨਾਰਾਜ਼ਗੀ ਵੀ ਜਤਾਈ ਗਈ ਅਤੇ ਪ੍ਰਸ਼ਾਸਨ ਤੋਂ ਭਵਿੱਖ ਵਿੱਚ ਵਧੀਆ ਪ੍ਰਬੰਧ ਕਰਨ ਦੀ ਮੰਗ ਕੀਤੀ ਗਈ। ਵੋਟਿੰਗ ਦੌਰਾਨ ਖਾਲਸਾ ਸਕੂਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਅਤੇ ਚਕਵਾਲ ਸਕੂਲ ਵਿਖੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਸਮਰਥਕਾਂ ਵਿਚਾਲੇ ਹਲਕੀ-ਫੁਲਕੀ ਬਹਿਸਬਾਜ਼ੀ ਵੀ ਹੁੰਦੀ ਰਹੀ। ਹਾਲਾਂਕਿ ਮੌਕੇ 'ਤੇ ਤਾਇਨਾਤ ਪੁਲਿਸ ਅਤੇ ਸੁਰੱਖਿਆ ਕਰਮਚਾਰੀਆਂ ਨੇ ਸਥਿਤੀ ਨੂੰ ਤੁਰੰਤ ਕਾਬੂ ਵਿੱਚ ਰੱਖਿਆ ਅਤੇ ਕਿਸੇ ਵੀ ਅਣਚਾਹੀ ਘਟਨਾ ਨੂੰ ਵਾਪਰਨ ਤੋਂ ਰੋਕਿਆ। ਸ਼ਹਿਰ ਦੇ ਸੰਵੇਦਨਸ਼ੀਲ ਬੂਥਾਂ 'ਤੇ ਪੁਲਿਸ ਵੱਲੋਂ ਵਿਸ਼ੇਸ਼ ਨਿਗਰਾਨੀ ਰੱਖੀ ਗਈ ਸੀ। ਚੋਣਾਂ ਦੌਰਾਨ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਵੀ ਸ਼ਹਿਰ ਦੇ ਬੂਥਾਂ ਦਾ ਦੌਰਾ ਕਰਕੇ ਆਪਣੇ ਵਰਕਰਾਂ ਅਤੇ ਸਮਰਥਕਾਂ ਦਾ ਹੌਸਲਾ ਵਧਾਇਆ। ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਕਮਲ ਕਿਸ਼ੋਰ ਕਾਲਾ, ਸਾਬਕਾ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਜੀਤੀ ਪਡਿਆਲਾ, ਗੁਰਿੰਦਰ ਸਿੰਘ ਕੈਰੋਂ, ਕਮਲਜੀਤ ਸਿੰਘ ਚਾਵਲਾ ਅਤੇ ਜਸਵਿੰਦਰ ਸਿੰਘ ਗੋਲਡੀ ਵੱਲੋਂ ਵੱਖ-ਵੱਖ ਬੂਥਾਂ 'ਤੇ ਪਹੁੰਚ ਕਰਕੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਭਾਜਪਾ ਵੱਲੋਂ ਰਣਜੀਤ ਸਿੰਘ ਗਿੱਲ ਅਤੇ ਚਰਨਜੀਤ ਸਿੰਘ ਕਾਲੇਵਾਲ ਨੇ ਆਪਣੇ ਸਮਰਥਕਾਂ ਨਾਲ ਸੰਪਰਕ ਬਣਾਈ ਰੱਖਿਆ ਅਤੇ ਵਰਕਰਾਂ ਨੂੰ ਉਤਸ਼ਾਹਿਤ ਕੀਤਾ। ਇਸੇ ਤਰ੍ਹਾਂ ਆਮ ਆਦਮੀ ਪਾਰਟੀ ਵੱਲੋਂ ਯੂਥ ਵੈਲਫੇਅਰ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਨੇ ਵੀ ਬੂਥਾਂ ਦਾ ਦੌਰਾ ਕਰਕੇ ਪਾਰਟੀ ਵਰਕਰਾਂ ਨਾਲ ਗੱਲਬਾਤ ਕੀਤੀ। ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਰਵਿੰਦਰ ਸਿੰਘ ਖੇੜਾ ਅਤੇ ਚੌਧਰੀ ਸ਼ਿਆਮ ਲਾਲ ਗੁੜ੍ਹਾ ਨੇ ਵੀ ਵੱਖ-ਵੱਖ ਬੂਥਾਂ 'ਤੇ ਪਹੁੰਚ ਕੇ ਸਮਰਥਕਾਂ ਨੂੰ ਹੌਸਲਾ ਦਿੱਤਾ ਅਤੇ ਵੋਟਰਾਂ ਨਾਲ ਸੰਪਰਕ ਕੀਤਾ ਸ਼ਾਮ ਤੱਕ ਸ਼ਹਿਰ ਦੇ ਬਹੁਤ ਸਾਰੇ ਬੂਥਾਂ 'ਤੇ ਵੋਟਿੰਗ ਸ਼ਾਂਤੀਪੂਰਵਕ ਢੰਗ ਨਾਲ ਜਾਰੀ ਰਹੀ ਅਤੇ ਲੋਕਾਂ ਨੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਭਾਵੇਂ ਕੁਝ ਥਾਵਾਂ 'ਤੇ ਪ੍ਰਬੰਧਾਂ ਦੀ ਕਮੀ ਨੂੰ ਲੈ ਕੇ ਲੋਕਾਂ ਵਿੱਚ ਨਾਰਾਜ਼ਗੀ ਵੀ ਰਹੀ, ਪਰ ਸਮੂਹਕ ਤੌਰ 'ਤੇ ਚੋਣ ਪ੍ਰਕਿਰਿਆ ਸ਼ਾਂਤੀ ਅਤੇ ਸੁਚੱਜੇ ਮਾਹੌਲ ਵਿੱਚ ਸੰਪੰਨ ਹੋਈ।

# ਪੰਜਾਬ ਨੂੰ ਮੁੜ ਪਹਿਲੇ ਨੰਬਰ ਦਾ ਸੂਬਾ ਬਣਾਉਣ ਲਈ ਮਿਸਲ ਸਤਲੁਜ ਵੱਲੋਂ ਸੂਬੇ ਭਰ 'ਚ 'ਚੜ੍ਹਦੀ ਕਲਾ ਰੈਲੀਆਂ' ਦਾ ਐਲਾਨ : ਅਜੇਪਾਲ ਸਿੰਘ ਬਰਾੜ



**ਮੋਹਾਲੀ 26 ਮਈ(ਦੇਸ਼ ਪ੍ਰਦੇਸ਼ ਬਿਊਰੋ)**- *ਮਿਸਲ ਸਤਲੁਜ ਜਥੇਬੰਦੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਅੱਜ ਇੱਥੇ ਇੱਕ ਮਹੱਤਵਪੂਰਨ ਐਲਾਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਮੁੜ ਵਿਕਾਸ, ਖੁਸ਼ਹਾਲੀ ਅਤੇ ਤਰੱਕੀ ਦੇ ਰਾਹ 'ਤੇ ਲਿਆ ਕੇ ਪਹਿਲੇ ਨੰਬਰ ਦਾ ਸੂਬਾ ਬਣਾਉਣ ਲਈ ਮਿਸਲ ਸਤਲੁਜ ਜਥੇਬੰਦੀ ਵੱਲੋਂ ਆਉਂਦੇ ਦੋ ਮਹੀਨਿਆਂ ਦੌਰਾਨ ਪੰਜਾਬ ਭਰ ਵਿੱਚ 17 ਵਿਸ਼ਾਲ "ਚੜ੍ਹਦੀ ਕਲਾ ਰੈਲੀਆਂ"ਕੀਤੀਆਂ ਜਾਣਗੀਆਂ।*

*ਉਨ੍ਹਾਂ ਕਿਹਾ ਕਿ ਇਨ੍ਹਾਂ ਰੈਲੀਆਂ ਦਾ ਮੁੱਖ ਉਦੇਸ਼ ਪੰਜਾਬ ਦੇ ਲੋਕਾਂ ਵਿੱਚ ਨਵੀਂ ਸੋਚ ਅਤੇ ਵਿਆਪਕ ਲੋਕ ਚਰਚਾ ਦੀ ਸ਼ੁਰੂਆਤ ਕਰਨਾ ਹੈ, ਤਾਂ ਜੋ ਸੂਬੇ ਦੇ ਹੱਕੀ ਮਸਲਿਆਂ, ਨੌਜਵਾਨਾਂ ਦੇ ਭਵਿੱਖ, ਕਿਸਾਨੀ ਸੰਕਟ, ਰੁਜ਼ਗਾਰ, ਸਿੱਖਿਆ ਅਤੇ ਔਰਤਾਂ ਦੇ ਸ਼ਕਤੀਕਰਨ ਵਰਗੇ ਮੁੱਦਿਆਂ ਨੂੰ ਲੋਕਾਂ ਦੇ ਧਿਆਨ ਵਿੱਚ ਲਿਆਂਦਾ ਜਾ ਸਕੇ।*

*ਸਰਦਾਰ ਅਜੇਪਾਲ ਸਿੰਘ ਬਰਾੜ ਨੇ ਕਿਹਾ ਕਿ ਮਿਸਲ ਸਤਲੁਜ ਜਥੇਬੰਦੀ ਹਮੇਸ਼ਾਂ ਪੰਜਾਬ, ਪੰਜਾਬੀਅਤ ਅਤੇ ਲੋਕ ਹਿੱਤਾਂ ਦੀ ਆਵਾਜ਼ ਬਣ ਕੇ ਸੰਘਰਸ਼ ਕਰਦੀ ਆ ਰਹੀ ਹੈ ਅਤੇ ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਨੂੰ ਮੁੜ ਤਰੱਕੀ ਦੀ ਰਾਹ 'ਤੇ ਲਿਆਉਣ ਲਈ ਲੋਕਾਂ ਨੂੰ ਇਕੱਠਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਰੈਲੀਆਂ ਸਿਰਫ਼ ਰਾਜਨੀਤਿਕ ਇਕੱਠ ਨਹੀਂ ਹੋਣਗੀਆਂ, ਸਗੋਂ ਪੰਜਾਬ ਦੇ ਭਵਿੱਖ ਲਈ ਲੋਕਾਂ ਨਾਲ ਸਿੱਧਾ ਸੰਪਰਕ ਕਰਨ ਦਾ ਇੱਕ ਵੱਡਾ ਮੰਚ ਸਾਬਤ ਹੋਣਗੀਆਂ।*

*ਉਨ੍ਹਾਂ ਦੱਸਿਆ ਕਿ ਇਨ੍ਹਾਂ "ਚੜ੍ਹਦੀ ਕਲਾ ਰੈਲੀਆਂ"ਰਾਹੀਂ ਮੌਜੂਦਾ ਸਰਕਾਰ ਦੀਆਂ ਨਾਕਾਮੀਆਂ ਨੂੰ ਵੀ ਲੋਕਾਂ ਸਾਹਮਣੇ ਬੇਨਕਾਬ ਕੀਤਾ ਜਾਵੇਗਾ ਅਤੇ ਪੰਜਾਬ ਦੇ ਹੱਕੀ ਮੰਗਾਂ ਪ੍ਰਤੀ ਜਾਗਰੂਕਤਾ ਪੈਦਾ ਕੀਤੀ ਜਾਵੇਗੀ। ਇਸਦੇ ਨਾਲ ਹੀ ਔਰਤਾਂ ਦੀ ਭਾਗੀਦਾਰੀ ਅਤੇ ਸ਼ਕਤੀਕਰਨ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾਵੇਗੀ।*

*ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਰੈਲੀਆਂ ਦੀ ਸ਼ੁਰੂਆਤ 8 ਜੂਨ ਨੂੰ ਜ਼ੀਰਾ ਤੋਂ ਕੀਤੀ ਜਾਵੇਗੀ। ਇਸ ਤੋਂ ਬਾਅਦ 11 ਜੂਨ ਨੂੰ ਫਤਿਹਗੜ੍ਹ ਸਾਹਿਬ, 15 ਜੂਨ ਨੂੰ ਫਰੀਦਕੋਟ, 18 ਜੂਨ ਨੂੰ ਰੋਪੜ, 22 ਜੂਨ ਨੂੰ ਗੜ੍ਹਸ਼ੰਕਰ, 25 ਜੂਨ ਨੂੰ ਘਨੌਰ, 29 ਜੂਨ ਨੂੰ ਫਿਰੋਜ਼ਪੁਰ, 2 ਜੁਲਾਈ ਨੂੰ ਮੋਹਾਲੀ, 6 ਜੁਲਾਈ ਨੂੰ ਬਲਾਚੌਰ, 8 ਜੁਲਾਈ ਨੂੰ ਆਨੰਦਪੁਰ ਸਾਹਿਬ, 13 ਜੁਲਾਈ ਨੂੰ ਫਾਜ਼ਿਲਕਾ, 16 ਜੁਲਾਈ ਨੂੰ ਰਾਜਪੁਰਾ, 20 ਜੁਲਾਈ ਨੂੰ ਨਕੋਦਰ, 23 ਜੁਲਾਈ ਨੂੰ ਚਮਕੌਰ ਸਾਹਿਬ, 27 ਜੁਲਾਈ ਨੂੰ ਬਠਿੰਡਾ, 30 ਜੁਲਾਈ ਨੂੰ ਨਵਾਂ ਸ਼ਹਿਰ ਅਤੇ ਆਖਰੀ ਰੈਲੀ 3 ਅਗਸਤ ਨੂੰ ਸਨੌਰ ਵਿਖੇ ਕੀਤੀ ਜਾਵੇਗੀ।*

*ਸਰਦਾਰ ਬਰਾੜ ਨੇ ਕਿਹਾ ਕਿ ਪੰਜਾਬ ਭਰ ਵਿੱਚ ਹੋਣ ਵਾਲੀਆਂ ਇਨ੍ਹਾਂ ਰੈਲੀਆਂ ਦੀ ਸਫਲਤਾ ਲਈ ਮਿਸਲ ਸਤਲੁਜ ਜਥੇਬੰਦੀ ਦੇ ਮੈਂਬਰ ਅਤੇ ਵਲੰਟੀਅਰ ਪੂਰੀ ਤਨਦੇਹੀ ਨਾਲ ਤਿਆਰੀਆਂ ਵਿੱਚ ਜੁੱਟ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਜਥੇਬੰਦੀ ਦੇ ਮੈਂਬਰ ਦਿਨ-ਰਾਤ ਮਿਹਨਤ ਅਤੇ ਲਗਨ ਨਾਲ ਕੰਮ ਕਰ ਰਹੇ ਹਨ ਤਾਂ ਜੋ "ਚੜ੍ਹਦੀ ਕਲਾ ਰੈਲੀਆਂ"ਪੰਜਾਬ ਵਿੱਚ ਨਵੀਂ ਉਮੀਦ, ਨਵੀਂ ਸੋਚ ਅਤੇ ਨਵੀਂ ਜਾਗਰੂਕਤਾ ਦਾ ਸੰਦੇਸ਼ ਦੇ ਸਕਣ।*

*ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਬਦਲਾਅ, ਇਮਾਨਦਾਰ ਸੋਚ ਅਤੇ ਲੋਕ-ਹਿੱਤਾਂ ਲਈ ਸੰਘਰਸ਼ ਕਰਨ ਵਾਲੀ ਅਗਵਾਈ ਦੀ ਉਡੀਕ ਕਰ ਰਹੇ ਹਨ ਅਤੇ ਮਿਸਲ ਸਤਲੁਜ ਜਥੇਬੰਦੀ ਪੰਜਾਬ ਦੇ ਭਵਿੱਖ ਨੂੰ ਮਜ਼ਬੂਤ ਬਣਾਉਣ ਲਈ ਹਰ ਪੱਧਰ 'ਤੇ ਸੰਘਰਸ਼ ਜਾਰੀ ਰੱਖੇਗੀ।

# ਨੌਜਵਾਨ ਪੀੜੀ ਨੂੰ ਗੁਰੂ ਬਾਣੀ ਤੇ ਗੁਰਸਿੱਖੀ ਨਾਲ ਜੋੜਣ ਲਈ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰਮਤਿ ਕੈਂਪ 1 ਜੂਨ ਤੋਂ : ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 26 ਮਈ (ਦੇਸ਼ ਪ੍ਰਦੇਸ਼ ਬਿਊਰੋ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਅੱਜ ਇੱਥੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੁੱਖ ਉਦੇਸ਼ ਸਿੱਖ ਧਰਮ ਦਾ ਪ੍ਰਚਾਰ ਅਤੇ ਪ੍ਰਸਾਰ ਕਰਨਾ ਹੈ ਅਤੇ ਇਸੇ ਮਿਸ਼ਨ ਨੂੰ ਅੱਗੇ ਵਧਾਉਂਦੇ ਹੋਏ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸ਼ਾਲ ਗੁਰਮਤਿ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਦਾ ਪੰਜਵਾਂ ਗੁਰਮਤਿ ਕੈਂਪ 1 ਜੂਨ ਤੋਂ ਸ਼ੁਰੂ ਹੋਵੇਗਾ ਅਤੇ 20-21 ਜੂਨ ਨੂੰ ਇਤਿਹਾਸਕ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਸਮਾਪਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਗੁਰਮਤਿ ਕੈਂਪ 1 ਜੂਨ ਤੋਂ 19 ਜੂਨ ਤੱਕ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ ਅਤੇ ਵੱਖ-ਵੱਖ ਸਿੰਘ ਸਭਾਵਾਂ ਵਿੱਚ ਆਯੋਜਿਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਚਾਰ ਸਾਲ ਪਹਿਲਾਂ ਜਦੋਂ ਇਨ੍ਹਾਂ ਕੈਂਪਾਂ ਦੀ ਸ਼ੁਰੂਆਤ ਕੀਤੀ ਗਈ ਸੀ ਤਾਂ ਲਗਭਗ 4 ਹਜ਼ਾਰ ਵਿਦਿਆਰਥੀ ਇਸ ਦਾ ਹਿੱਸਾ ਬਣੇ ਸਨ, ਜੋ ਬਾਅਦ ਵਿੱਚ ਵੱਧ ਕੇ 12 ਹਜ਼ਾਰ ਅਤੇ ਫਿਰ 16 ਹਜ਼ਾਰ ਅਤੇ ਪਿਛਲੇ ਸਾਲ ਇਹ ਗਿਣਤੀ 20 ਹਜ਼ਾਰ ਸੀ। ਉਨ੍ਹਾਂ ਨੇ ਮਾਣ ਨਾਲ ਕਿਹਾ ਕਿ ਬੱਚਿਆਂ ਵਿੱਚ ਗੁਰਮਤਿ ਕੈਂਪਾਂ ਪ੍ਰਤੀ ਲਗਾਤਾਰ ਦਿਲਚਸਪੀ ਵਧ ਰਹੀ ਹੈ ਅਤੇ ਇਸ ਵਾਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪੂਰੀ ਉਮੀਦ ਹੈ ਕਿ ਕਰੀਬ 25 ਹਜ਼ਾਰ ਬੱਚੇ ਇਨ੍ਹਾਂ ਕੈਂਪਾਂ ਵਿੱਚ ਭਾਗ ਲੈਣਗੇ। ਸਰਦਾਰ ਕਾਲਕਾ ਨੇ ਦੱਸਿਆ ਕਿ ਕੈਂਪਾਂ ਦੌਰਾਨ ਵਿਦਿਆਰਥੀਆਂ ਨੂੰ ਗੁਰਮੁਖੀ, ਗੁਰਸਿੱਖ ਜੀਵਨ ਜਾਚ, ਸਿੱਖ ਇਤਿਹਾਸ ਅਤੇ ਗੁਰੂ ਸਾਹਿਬਾਨ ਦੀ ਬਾਣੀ ਸਬੰਧੀ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ,ਤਾਂ ਜੋ ਨੌਜਵਾਨ ਪੀੜ੍ਹੀ ਨੂੰ ਵੱਧ ਤੋਂ ਵੱਧ ਗੁਰਸਿੱਖ ਜੀਵਨ ਨਾਲ ਜੋੜਿਆ ਜਾ ਸਕੇ। ਉਨ੍ਹਾਂ ਸਮੂਹ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਇਨ੍ਹਾਂ ਗੁਰਮਤਿ ਕੈਂਪਾਂ ਦਾ ਜ਼ਰੂਰ ਹਿੱਸਾ ਬਣਾਉਣ ਤਾਂ ਜੋ ਗੁਰਸਿੱਖੀ ਜੀਵਨ ਦਾ ਸੰਦੇਸ਼ ਘਰ-ਘਰ ਤੱਕ ਪਹੁੰਚ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਕੈਂਪਾਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਸਬੰਧੀ ਵਿਸ਼ੇਸ਼ ਪੁਸਤਕਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਸਰਦਾਰ ਕਾਲਕਾ ਨੇ ਕਿਹਾ ਕਿ ਦਿੱਲੀ ਵਿੱਚ 1000 ਤੋਂ ਵੱਧ ਵਲੰਟੀਅਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਜੁੜੇ ਹੋਏ ਹਨ, ਜੋ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਦੀ ਇਸ ਮੁਹਿੰਮ ਨੂੰ ਕਾਮਯਾਬ ਬਣਾਉਣ ਲਈ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਹਨ। ਇਸ ਮੌਕੇ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਸਰਦਾਰ ਜਸਪ੍ਰੀਤ ਸਿੰਘ ਕਰਮਸਰ ਪ੍ਰਧਾਨ ਧਰਮ ਪ੍ਰਚਾਰ ਕਮੇਟੀ, ਕਮੇਟੀ ਦੇ ਮੈਂਬਰਜ ਅਤੇ ਸਰਦਾਰ ਸੁਖਦੇਵ ਸਿੰਘ ਰਿਐਤ ਪ੍ਰਧਾਨ ਆਲ ਇੰਡੀਆ ਰਾਮਗੜ੍ਹੀਆ ਵਿਸ਼ਕਰਮਾ ਫੈਡਰੇਸ਼ਨ ਦੇ ਪ੍ਰਧਾਨ ਵੀ ਹਾਜਰ ਸਨ।

# ਮਾਜਰੀ ਮਾਰਕੀਟ 'ਚ ਸੜਕ ਕੰਢੇ ਖੜ੍ਹੀ ਗੱਡੀ ਦਾ ਦਿਨ ਦਿਹਾੜੇ ਸ਼ੀਸ਼ਾ ਤੋੜਕੇ ਨਗਦੀ ਚੋਰੀ

## ਥਾਣੇ ਤੋਂ ਮਹਿਜ਼ ਕੁਝ ਦੂਰੀ ਤੇ ਵਾਪਰੀ ਘਟਨਾ- ਪ੍ਰਸ਼ਾਸਨ ਬੇਖ਼ਬਰ



**ਮਾਜਰੀ, 26 ਮਈ (ਪ੍ਰਭਦੀਪ ਸਿੰਘ ਸੋਢੀ)** - ਸਥਾਨਕ ਕਸਬੇ ਦੇ ਬਲਾਕ ਚੌਂਕ ਵਿਖੇ ਥਾਣਾ ਮਾਜਰੀ ਤੋਂ ਮਹਿਜ਼ ਕੁਝ ਦੂਰੀ ਤੇ ਚੋਰਾਂ ਵੱਲੋਂ ਦਿਨ ਦਿਹਾੜੇ ਮਾਰਕੀਟ 'ਚ ਸੜਕ ਕੰਢੇ ਖੜ੍ਹੀ ਗੱਡੀ ਦਾ ਸ਼ੀਸ਼ਾ ਤੋੜਕੇ ਨਗਦੀ ਚੋਰੀ ਕਰ ਲਈ ਗਈ ਹੈ। ਇਲਾਕਾ ਵਾਸੀਆਂ ਅਨੁਸਾਰ ਮਾਜਰੀ ਬਲਾਕ ਮਾਰਕੀਟ 'ਚ ਨਸ਼ੇੜੀਆਂ ਦੇ ਹੌਂਸਲੇ ਇੰਨੇ ਬੁਲੰਦ ਹੋ ਗਏ ਹਨ ਕਿ ਆਏ ਦਿਨ ਕੋਈ ਮੋਟਰ ਸਾਈਕਲ ਚੁੱਕ ਲਿਆ ਜਾਂ ਦੁਕਾਨਦਾਰਾਂ ਦਾ ਸਮਾਨ ਚੋਰੀ ਕਰ ਲਿਆ ਜਾਂਦਾ ਹੈ, ਇੱਥੋਂ ਤੱਕ ਕਿ ਕਿਸਾਨ ਜਥੇਬੰਦੀ ਵੱਲੋਂ ਹੜ੍ਹਾਂ ਲਈ ਰੱਖੀ ਕਣਕ ਵੀ ਚੋਰੀ ਕਰ ਲਈ ਗਈ ਸੀ। ਇੰਜ ਵਾਪਰੀ ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਨੌਜਵਾਨ ਹਰਪ੍ਰੀਤ ਸਿੰਘ ਕਾਦੀਮਾਜਰਾ ਜੋ ਕਿ ਦੁਪਹਿਰ 2 - 3 ਵਜੇ ਗੁਰਦੁਆਰਾ ਰੋਡ ਤੇ ਖੜ੍ਹੀਆਂ ਗੱਡੀਆਂ 'ਚ ਸੜਕ ਕੰਢੇ ਆਪਣੀ ਗੱਡੀ ਖੜ੍ਹੀ ਕਰਕੇ ਤਹਿਸੀਲ 'ਚ ਕੰਮ ਚਲਾ ਗਿਆ। ਇਸ ਮਗਰੋਂ ਜਦੋਂ ਓਹ ਗੱਡੀ ਕ ਲ ਆਇਆ ਤਾਂ ਦੇਖਿਆ ਕਿ ਗੱਡੀ ਦਾ ਖੱਬੇ ਪਾਸੇ ਵਾਲਾ ਅ ਗ ਲ ਾ ਸ਼ੀਸ਼ਾ ਟੁੱਟਾ ਹੋਇਆ ਸੀ ਤੇ ਗੱਡੀ ਅੰਦਰ ਇੱਕ ਪੱਥਰ ਵੀ ਪਿਆ ਸੀ ਤੇ ਗੇਅਰ ਕੋਲ ਸਮਾਨ ਰੱਖਣ ਲਈ ਬਣਿਆ ਬੌਕਸ ਵੀ ਟੁੱਟਾ ਪਿਆ ਸੀ ਤੇ ਉਸ ਪਈ 3- 4 ਹਜ਼ਾਰ ਦੀ ਨਗਦੀ ਵੀ ਗਾਇਬ ਸੀ। ਇਸ ਬਾਰੇ ਮਾਜਰੀ ਥਾਣਾ ਪੁਲਿਸ ਨੂੰ ਜਾਣਕਾਰੀ ਦੇਣ ਤੇ ਮੁਲਾਜ਼ਮਾਂ ਨੇ ਪੁੱਜਕੇ ਮੌਕੇ ਦਾ ਜਾਇਜ਼ਾ ਲਿਆ। ਇਸ ਬਾਰੇ ਲੋਕ ਹਿੱਤ ਮਿਸ਼ਨ ਦੇ ਆਗੂ ਗੁਰਮੀਤ ਸਿੰਘ ਸਾਂਟੂ ਤੇ ਰਵਿੰਦਰ ਸਿੰਘ ਬਜੀਦਪੁਰ ਨੇ ਕਿਹਾ ਕਿ ਇਸ ਮਾਰਕੀਟ 'ਚ ਨਸ਼ੇੜੀਆਂ ਵੱਲੋਂ ਕਈ ਵਾਰ ਦੁਕਾਨਾਂ ਦੇ ਸ਼ਟਰ ਵੀ ਤੋੜੇ ਜਾ ਚੁੱਕੇ ਹਨ ਅਤੇ ਚੋਰੀ ਦੀਆਂ ਹੋਰ ਘਟਨਾਵਾਂ ਵੀ ਵਾਪਰਦੀਆਂ ਰਹਿੰਦੀਆਂ ਨੇ। ਇਸ ਲਈ ਇਸ ਮਾਰਕੀਟ 'ਚ ਕੈਮਰਿਆਂ ਤੇ ਪੁਲਿਸ ਮੁਲਾਜ਼ਮ ਤੈਨਾਤ ਕਰਨ ਦਾ ਪ੍ਰਬੰਧ ਕੀਤਾ ਜਾਵੇ।

## ਸੰਪਾਦਕੀ

# ਪੁਲਿਸ ਤੇ ਜਨਤਾ ਦਾ ਰਿਸ਼ਤਾ

ਪੁਲਿਸ ਅਤੇ ਜਨਤਾ ਦਾ ਆਪਸੀ ਸੰਬੰਧ ਕਿਸੇ ਵੀ ਸੁਚੱਜੇ ਅਤੇ ਸੁਰੱਖਿਅਤ ਸਮਾਜ ਦੀ ਮਜ਼ਬੂਤ ਨੀਂਹ ਹੁੰਦਾ ਹੈ। ਕਾਨੂੰਨ-ਵਿਵਸਥਾ ਨੂੰ ਕਾਇਮ ਰੱਖਣ ਲਈ ਜਿੱਥੇ ਪੁਲਿਸ ਆਪਣਾ ਫ਼ਰਜ਼ ਨਿਭਾਉਂਦੀ ਹੈ, ਉੱਥੇ ਜਨਤਾ ਦਾ ਸਹਿਯੋਗ ਵੀ ਓਨਾ ਹੀ ਜ਼ਰੂਰੀ ਬਣ ਜਾਂਦਾ ਹੈ। ਪੁਲਿਸ ਪ੍ਰਸ਼ਾਸਨ ਤਦ ਹੀ ਪੂਰੀ ਤਰ੍ਹਾਂ ਕਾਮਯਾਬ ਹੋ ਸਕਦਾ ਹੈ ਜੇ ਲੋਕ ਪਾਰਦਰਸ਼ੀ ਅਤੇ ਜ਼ਿੰਮੇਵਾਰੀ ਦੀ ਸਮਝ ਕੇ ਪੁਲਿਸ ਦਾ ਸਾਥ ਦੇਣ। ਅਕਸਰ ਵੇਖਣ ਵਿਚ ਆਉਂਦਾ ਹੈ ਕਿ ਕਈ ਮਾਮਲਿਆਂ ਵਿਚ ਪੁਲਿਸ ਨੂੰ ਜਨਤਾ ਦਾ ਪੂਰਾ ਸਹਿਯੋਗ ਨਹੀਂ ਮਿਲਦਾ, ਜਿਸ ਕਾਰਨ ਜਾਂਚ ਪ੍ਰਕਿਰਿਆ ਲੰਬੀ ਹੋ ਜਾਂਦੀ ਹੈ। ਇਸ ਦੇ ਬਾਵਜੂਦ ਵੀ ਪੁਲਿਸ ਆਪਣੀ ਮਿਹਨਤ ਅਤੇ ਹੌਸਲੇ ਦੇ ਬਲਬੂਤੇ ਅਨੇਕਾਂ ਕੇਸਾਂ ਵਿਚ ਕਾਮਯਾਬੀ ਹਾਸਲ ਕਰਦੀ ਹੈ। ਇੱਥੇ ਕਿਸੇ ਤਰਫ਼ਦਾਰੀ ਦੀ ਗੱਲ ਨਹੀਂ, ਸਗੋਂ ਉਹ ਸੱਚਾਈ ਦਰਸਾਈ ਜਾ ਰਹੀ ਹੈ ਜੋ ਅਕਸਰ ਸਾਡੇ ਸਾਹਮਣੇ ਹੁੰਦੀ ਹੈ। ਪੁਲਿਸ ਪ੍ਰਸ਼ਾਸਨ ਦਾ ਮੁੱਢਲਾ ਫ਼ਰਜ਼ ਜਨਤਾ ਦੀ ਸੇਵਾ ਕਰਨਾ ਹੈ। ਇਕ ਉੱਚ ਅਧਿਕਾਰੀ ਤੋਂ ਲੈ ਕੇ ਇਕ ਕਾਂਸਟੇਬਲ ਤੱਕ ਹਰ ਕਰਮਚਾਰੀ ਦਿਨ-ਰਾਤ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦਾ ਹੈ। ਅੱਤ ਦੀ ਗਰਮੀ ਹੋਵੇ ਜਾਂ ਕੜਾਕੇ ਦੀ ਸਰਦੀ, ਪੁਲਿਸ ਮੁਲਾਜ਼ਮ ਆਪਣੀ ਡਿਊਟੀ 'ਤੇ ਡਟੇ ਰਹਿੰਦੇ ਹਨ ਤਾਂ ਜੋ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦਿਨ ਪਹਿਲਾਂ ਇਕ ਟਰੈਫਿਕ ਪੁਲਿਸ ਮੁਲਾਜ਼ਮ ਨਾਲ ਗੱਲਬਾਤ ਦੌਰਾਨ ਉਸ ਨੇ ਦੱਸਿਆ ਕਿ ਲਗਾਤਾਰ ਘੰਟਿਆਂ ਖੜ੍ਹੇ ਰਹਿ ਕੇ ਡਿਊਟੀ ਨਿਭਾਉਣ ਕਾਰਨ ਕਈ ਵਾਰ ਪੈਰਾਂ ਵਿਚ ਸੋਜ ਅਤੇ ਦਰਦ ਹੋ ਜਾਂਦਾ ਹੈ, ਪਰ ਫਿਰ ਵੀ ਉਹ ਆਪਣੇ ਫ਼ਰਜ਼ ਤੋਂ ਪਿੱਛੇ ਨਹੀਂ ਹਟਦੇ। ਉਨ੍ਹਾਂ ਦੀ ਕੋਸ਼ਿਸ਼ ਹੁੰਦੀ ਹੈ ਕਿ ਟਰੈਫਿਕ ਪ੍ਰਬੰਧ ਸੁਚਾਰੂ ਢੰਗ ਨਾਲ ਚੱਲਦਾ ਰਹੇ ਅਤੇ ਲੋਕ ਸੁਰੱਖਿਅਤ ਆਪਣੀ ਮੰਜ਼ਿਲ ਤੱਕ ਪਹੁੰਚ ਸਕਣ। ਅਜਿਹੇ ਵਿਚ ਜਨਤਾ ਦਾ ਵੀ ਫ਼ਰਜ਼ ਬਣਦਾ ਹੈ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣਾ ਕਰੇ ਅਤੇ ਪੁਲਿਸ ਨਾਲ ਸਹਿਯੋਗਾਤਮਕ ਰਵੱਈਆ ਅਪਣਾਏ। ਇਸ ਤੋਂ ਇਲਾਵਾ ਪੁਲਿਸ ਕਈ ਮਾਮਲਿਆਂ ਨੂੰ ਪਿਆਰ ਅਤੇ ਸਮਝਦਾਰੀ ਨਾਲ ਸੁਲਝਾ ਕੇ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕਰਦੀ ਹੈ। ਚੋਰੀ ਜਾਂ ਗੁੰਮ ਹੋਈਆਂ ਵਸਤਾਂ ਦੀ ਬਰਾਮਦਗੀ ਕਰ ਕੇ ਜਦੋਂ ਉਨ੍ਹਾਂ ਨੂੰ ਮੁੜ ਮਾਲਕਾਂ ਤੱਕ ਪਹੁੰਚਾਇਆ ਜਾਂਦਾ ਹੈ, ਤਾਂ ਲੋਕਾਂ ਦੇ ਚਿਹਰਿਆਂ 'ਤੇ ਮੁੜ ਖ਼ੁਸ਼ੀ ਵਾਪਸ ਆ ਜਾਂਦੀ ਹੈ। ਇਸ ਦੀ ਤਾਜ਼ਾ ਉਦਾਹਰਣ ਪਠਾਨਕੋਟ ਜ਼ਿਲ੍ਹੇ ਦੀ ਲਈਏ ਤਾਂ ਪਿਛਲੇ ਦਿਨੀਂ ਉੱਥੇ ਦੇ ਐੱਸਐੱਸਪੀ ਵੱਲੋਂ ਇਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਜਾਣਕਾਰੀ ਦਿੱਤੀ ਗਈ ਕਿ ਪੁਲਿਸ ਨੇ 125 ਲੋਕਾਂ ਦੇ ਗੁੰਮ ਹੋਏ ਮੋਬਾਈਲ ਫੋਨ ਬਰਾਮਦ ਕਰ ਕੇ ਉਨ੍ਹਾਂ ਦੇ ਮਾਲਕਾਂ ਤੱਕ ਪਹੁੰਚਾਏ ਹਨ। ਇਸ ਤੋਂ ਇਲਾਵਾ ਕਰੀਬ 100 ਹੋਰ ਮੋਬਾਈਲ ਫੋਨ ਅਜੇ ਪ੍ਰਕਿਰਿਆ ਅਧੀਨ ਹਨ, ਜਿਨ੍ਹਾਂ ਨੂੰ ਵੀ ਜਲਦ ਹੀ ਲੋਕਾਂ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ ਗਿਆ ਹੈ। ਇਹ ਸਿਰਫ਼ ਇਕ ਜ਼ਿਲ੍ਹੇ ਦੀ ਮਿਸਾਲ ਹੈ। ਜੇ ਪੰਜਾਬ ਭਰ ਦੀ ਗੱਲ ਕੀਤੀ ਜਾਵੇ ਤਾਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਪੁਲਿਸ ਵੱਲੋਂ ਬਰਾਮਦ ਕੀਤੀਆਂ ਵਸਤਾਂ ਲੋਕਾਂ ਲਈ ਕਿੰਨੀ ਵੱਡੀ ਰਾਹਤ ਅਤੇ ਖ਼ੁਸ਼ੀ ਦਾ ਕਾਰਨ ਬਣਦੀਆਂ ਹਨ। ਅਜਿਹੀਆਂ ਕਾਰਵਾਈਆਂ ਨਾਲ ਜਨਤਾ ਦਾ ਭਰੋਸਾ ਵੀ ਮਜ਼ਬੂਤ ਹੁੰਦਾ ਹੈ ਅਤੇ ਪੁਲਿਸ ਪ੍ਰਸ਼ਾਸਨ ਪ੍ਰਤੀ ਸਤਿਕਾਰ ਵਧਦਾ ਹੈ। ਇਸ ਵਿਚ ਕੋਈ ਸ਼ੱਕ ਨਹੀਂ ਕਿ ਜੇ ਜਨਤਾ ਅਤੇ ਪੁਲਿਸ ਮਿਲ ਕੇ ਕੰਮ ਕਰਨ ਤਾਂ ਕਾਮਯਾਬੀ ਹੋਰ ਵੀ ਤੇਜ਼ੀ ਨਾਲ ਮਿਲ ਸਕਦੀ ਹੈ। ਪੁਲਿਸ ਵੱਲੋਂ ਇਹ ਭਰੋਸਾ ਵੀ ਦਿੱਤਾ ਜਾਂਦਾ ਹੈ ਕਿ ਘਟਨਾ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਂ ਗੁਪਤ ਰੱਖਿਆ ਜਾ ਸਕਦਾ ਹੈ। ਫਿਰ ਵੀ ਕਈ ਲੋਕ "ਸਾਨੂੰ ਕੀ ਲੋੜ ਹੈ ਵਾਲੀ ਸੋਚ ਕਾਰਨ ਪੁਲਿਸ ਦੀ ਮਦਦ ਲਈ ਅੱਗੇ ਨਹੀਂ ਆਉਂਦੇ। ਦਰਅਸਲ ਇਹ ਸੋਚ ਸਮਾਜ ਲਈ ਘਾਤਕ ਹੈ। ਭਲੇ ਕੰਮ ਵਿਚ ਅੱਗੇ ਆਉਣਾ ਹਰ ਨਾਗਰਿਕ ਦਾ ਨੈਤਿਕ ਫ਼ਰਜ਼ ਹੋਣਾ ਚਾਹੀਦਾ ਹੈ। ਇਹ ਵੀ ਸੱਚ ਹੈ ਕਿ ਪੁਲਿਸ ਅਤੇ ਜਨਤਾ ਦੇ ਰਿਸ਼ਤੇ ਦਾ ਇਹ ਸਿਰਫ਼ ਇਕ ਸਕਾਰਾਤਮਕ ਪਹਿਲੂ ਹੈ। ਸਮਾਜ ਵਿਚ ਕਈ ਵਾਰ ਅਜਿਹੀਆਂ ਘਟਨਾਵਾਂ ਵੀ ਸਾਹਮਣੇ ਆਉਂਦੀਆਂ ਹਨ ਜਿੱਥੇ ਲੋਕਾਂ ਨੂੰ ਪੁਲਿਸ ਪ੍ਰਣਾਲੀ ਪ੍ਰਤੀ ਸ਼ਿਕਾਇਤਾਂ ਹੁੰਦੀਆਂ ਹਨ। ਪਰ ਇਸ ਦੇ ਨਾਲ-ਨਾਲ ਅਨੇਕਾਂ ਉਦਾਹਰਨਾਂ ਅਜਿਹੀਆਂ ਵੀ ਹਨ ਜਿੱਥੇ ਪੁਲਿਸ ਆਪਣੀ ਇਮਾਨਦਾਰੀ, ਮਨੁੱਖਤਾ ਅਤੇ ਸਮਰਪਣ ਨਾਲ ਲੋਕਾਂ ਦਾ ਭਰੋਸਾ ਜਿੱਤਦੀ ਹੈ। ਇਸ ਲਈ ਲੋੜ ਹੈ ਕਿ ਦੋਵੇਂ ਪੱਖ ਆਪਸੀ ਵਿਸ਼ਵਾਸ, ਸਹਿਯੋਗ ਅਤੇ ਸੰਵਾਦ ਨੂੰ ਮਜ਼ਬੂਤ ਕਰਨ ਤਾਂ ਜੋ ਸਮਾਜ ਵਿਚ ਅਮਨ-ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਹੋਰ ਮਜ਼ਬੂਤ ਹੋ ਸਕੇ। ਜਦੋਂ ਜਨਤਾ ਅਤੇ ਪੁਲਿਸ ਵਿਚਕਾਰ ਭਰੋਸੇ, ਸਹਿਯੋਗ ਅਤੇ ਜ਼ਿੰਮੇਵਾਰੀ ਦੀ ਭਾਵਨਾ ਮਜ਼ਬੂਤ ਹੋਵੇਗੀ, ਤਦ ਹੀ ਸਾਡੇ ਸ਼ਹਿਰ, ਸੂਬੇ ਅਤੇ ਪੂਰੇ ਦੇਸ਼ ਨੂੰ ਤਰੱਕੀ ਅਤੇ ਅਮਨ ਦੀ ਸਹੀ ਮੰਜ਼ਿਲ ਮਿਲ ਸਕੇਗੀ।

# ਲੱਕੜ ਦੇ ਮੰਜੇ ਵੱਲ ਪਰਤ ਰਹੇ ਲੋਕ



ਇੱਕ ਸਮਾਂ ਸੀ ਜਦੋਂ ਲੱਕੜ ਦਾ ਮੰਜਾ (ਖੱਟ) ਭਾਰਤੀ ਘਰਾਂ, ਵਿਹੜਿਆਂ, ਪਿੰਡਾਂ ਦੇ ਇਕੱਠ ਸਥਾਨਾਂ (ਚੌਪਾਲ) ਅਤੇ ਖੇਤਾਂ ਵਿੱਚ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਸੀ। ਸਵੇਰ ਦੀ ਚਾਹ ਤੋਂ ਲੈ ਕੇ ਰਾਤ ਦੀ ਨੀਂਦ ਤੱਕ, ਮੰਜਾ ਸਿਰਫ਼ ਫਰਨੀਚਰ ਦਾ ਇੱਕ ਟੁਕੜਾ ਨਹੀਂ ਸੀ, ਸਗੋਂ ਸਮਾਜਿਕ, ਸੱਭਿਆਚਾਰਕ ਅਤੇ ਪਰਿਵਾਰਕ ਜੀਵਨ ਦਾ ਕੇਂਦਰ ਸੀ। ਹਾਲਾਂਕਿ, ਜਿਵੇਂ-ਜਿਵੇਂ ਆਧੁਨਿਕਤਾ ਦਾ ਪ੍ਰਭਾਵ ਵਧਦਾ ਗਿਆ, ਸ਼ਹਿਰੀਕਰਨ ਨੇ ਗਤੀ ਫੜੀ, ਅਤੇ ਬਾਜ਼ਾਰ ਨਵੇਂ ਕਿਸਮ ਦੇ ਬਿਸਤਰਿਆਂ, ਸੋਫੇ-ਕਮ-ਬਿਸਤਰਿਆਂ ਅਤੇ ਮਹਿੰਗੇ ਗੱਦਿਆਂ ਨਾਲ ਭਰ ਗਿਆ, ਮੰਜਾ ਹੌਲੀ-ਹੌਲੀ ਘਰਾਂ ਤੋਂ ਗਾਇਬ ਹੋਣ ਲੱਗਾ। ਇਸਨੂੰ ਪੁਰਾਣਤਾ, ਪੇਂਡੂ ਪਛੜੇਪਣ ਅਤੇ ਵਿਕਾਸ ਦੇ ਪ੍ਰਤੀਕ ਵਜੋਂ ਸਮਝਿਆ ਜਾਣ ਲੱਗਾ। ਫਿਰ ਵੀ, ਸਮੇਂ ਦਾ ਪਹੀਆ ਇੱਕ ਵਾਰ ਫਿਰ ਘੁੰਮ ਰਿਹਾ ਹੈ। ਅੱਜ, ਲੋਕ ਲੱਕੜ ਦੇ ਮੰਜੇ ਵੱਲ ਵਾਪਸ ਆ ਰਹੇ ਹਨ। ਇਹ ਵਾਪਸੀ ਸਿਰਫ਼ ਇੱਕ ਰਵਾਇਤੀ ਵਸਤੂ ਦੀ ਪੁਨਰ ਸੁਰਜੀਤੀ ਨਹੀਂ ਹੈ; ਇਹ ਜੀਵਨ ਪ੍ਰਤੀ ਬਦਲਦੀ ਮਾਨਸਿਕਤਾ, ਸਿਹਤ ਪ੍ਰਤੀ ਵਧਦੀ ਜਾਗਰੂਕਤਾ ਅਤੇ ਕੁਦਰਤ ਨਾਲ ਇਕਸੁਰਤਾ ਦੀ ਖੋਜ ਦਾ ਵੀ ਪ੍ਰਤੀਕ ਹੈ।

ਭਾਰਤੀ ਸਮਾਜ ਵਿੱਚ ਮੰਜੇ ਦਾ ਇਤਿਹਾਸ ਪ੍ਰਾਚੀਨ ਹੈ। ਇਸਨੂੰ ਚਾਰਪਾਈ, ਮੰਜੀ, ਜਾਂ ਖਟੀਆ ਵਰਗੇ ਕਈ ਨਾਵਾਂ ਨਾਲ ਵੀ ਜਾਣਿਆ ਜਾਂਦਾ ਹੈ। ਇੱਕ ਮਜ਼ਬੂਤ ਲੱਕੜ ਦੇ ਫਰੇਮ ਤੋਂ ਬਣਾਇਆ ਗਿਆ ਅਤੇ ਕੁਦਰਤੀ ਰੱਸੀਆਂ ਜਾਂ ਕੱਪੜੇ ਦੀਆਂ ਪੱਟੀਆਂ ਨਾਲ ਬੁਣਿਆ ਗਿਆ, ਇਹ ਢਾਂਚਾ ਸਦੀਆਂ ਤੋਂ ਭਾਰਤੀ ਜੀਵਨ ਦਾ ਅਧਾਰ ਬਣਿਆ ਰਿਹਾ ਹੈ। ਪਿੰਡਾਂ ਵਿੱਚ, ਚੌਪਾਲ-ਕੇਂਦਰੀ ਇਕੱਠ ਸਥਾਨ—ਇਨ੍ਹਾਂ ਮੰਜਿਆਂ ਦੀ ਮੌਜੂਦਗੀ ਦੁਆਰਾ ਪਰਿਭਾਸ਼ਿਤ ਕੀਤਾ ਗਿਆ ਸੀ। ਪਰਿਵਾਰ ਦੇ ਬਜ਼ੁਰਗ ਫੈਸਲੇ ਲੈਣ ਲਈ ਉਨ੍ਹਾਂ 'ਤੇ ਬੈਠਦੇ ਸਨ; ਕਿਸਾਨ ਦਿਨ ਭਰ ਦੀ ਸਖ਼ਤ ਮਿਹਨਤ ਤੋਂ ਬਾਅਦ ਉਨ੍ਹਾਂ 'ਤੇ ਆਰਾਮ ਕਰਦੇ ਸਨ; ਅਤੇ ਬੱਚੇ ਉਨ੍ਹਾਂ 'ਤੇ ਖੇਡਦੇ ਅਤੇ ਮਜ਼ਾਕ ਕਰਦੇ ਵੱਡੇ ਹੁੰਦੇ ਸਨ। ਇਹ ਸਿਰਫ਼ ਆਰਾਮ ਦਾ ਸਾਧਨ ਨਹੀਂ ਸੀ, ਸਗੋਂ ਸਮਾਜਿਕ ਆਪਸੀ ਤਾਲਮੇਲ ਲਈ ਇੱਕ ਪਲੇਟਫਾਰਮ ਵੀ ਸੀ। ਅੱਜ ਵੀ ਪੇਂਡੂ ਭਾਰਤ ਵਿੱਚ, ਮੰਜੇ 'ਤੇ ਬੈਠ ਕੇ ਹੋਣ ਵਾਲੀਆਂ ਗੱਲਬਾਤਾਂ ਨੂੰ ਲੋਕਤੰਤਰੀ ਸੰਵਾਦ ਦਾ ਸਭ ਤੋਂ ਆਸਾਨ ਅਤੇ ਕੁਦਰਤੀ ਪ੍ਰਗਟਾਵਾ ਮੰਨਿਆ ਜਾਂਦਾ ਹੈ।

ਪਿਛਲੇ ਕੁਝ ਦਹਾਕਿਆਂ ਵਿੱਚ, ਜੀਵਨ ਸ਼ੈਲੀ ਵਿੱਚ ਮਹੱਤਵਪੂਰਨ ਤਬਦੀਲੀਆਂ ਆਈਆਂ ਹਨ। ਲੋਕ ਆਧੁਨਿਕ ਫਰਨੀਚਰ ਨੂੰ ਤਰੱਕੀ ਅਤੇ ਖ਼ੁਸ਼ਹਾਲੀ ਦੇ ਪ੍ਰਤੀਕ ਵਜੋਂ ਦੇਖਣ ਲੱਗ ਪਏ। ਵੱਡੇ ਬਿਸਤਰੇ, ਮੋਟੇ ਗੱਦੇ, ਅਤੇ ਆਕਰਸ਼ਕ ਡਿਜ਼ਾਈਨ ਵਾਲੇ ਫਰਨੀਚਰ ਹਰ ਘਰ ਲਈ ਜ਼ਰੂਰੀ ਸਮਝੇ ਜਾਂਦੇ ਸਨ। ਇਸ਼ਤਿਹਾਰ ਮੁਹਿੰਮਾਂ ਨੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਕਿ ਸੱਚਾ ਆਰਾਮ ਸਿਰਫ਼ ਮਹਿੰਗੇ ਗੱਦਿਆਂ ਅਤੇ ਆਧੁਨਿਕ ਬਿਸਤਰੇ ਪ੍ਰਣਾਲੀਆਂ ਵਿੱਚ ਹੀ ਮਿਲ ਸਕਦਾ ਹੈ। ਨਤੀਜੇ ਵਜੋਂ, ਭਾਰਤੀ ਘਰਾਂ ਵਿੱਚੋਂ ਮੰਜੇ ਹੌਲੀ-ਹੌਲੀ ਖਤਮ ਹੋ ਗਏ। ਹਾਲਾਂਕਿ, ਹੁਣ ਜਦੋਂ ਲੋਕ ਸਿਹਤ ਨਾਲ ਸਬੰਧਤ ਮੁੱਦਿਆਂ, ਵਧਦੇ ਤਣਾਅ ਅਤੇ ਨਕਲੀ ਜੀਵਨ ਸ਼ੈਲੀ ਦੇ ਮਾੜੇ ਪ੍ਰਭਾਵਾਂ ਨਾਲ ਜੂਝ ਰਹੇ ਹਨ, ਤਾਂ ਉਨ੍ਹਾਂ ਨੇ - ਇੱਕ ਨਵੇਂ ਦ੍ਰਿਸ਼ਟੀਕੋਣ ਨਾਲ - ਉਨ੍ਹਾਂ ਦੇ ਬਹੁਤ ਹੀ ਰਵਾਇਤੀ ਵਿਕਲਪਾਂ ਨੂੰ ਦੇਖਣਾ ਸ਼ੁਰੂ ਕਰ ਦਿੱਤਾ ਹੈ ਜਿਨ੍ਹਾਂ ਨੂੰ ਉਨ੍ਹਾਂ ਨੇ ਕਦੇ ਛੱਡ ਦਿੱਤਾ ਸੀ।

ਲੱਕੜ ਦੇ ਖੱਟ (ਰਵਾਇਤੀ ਮੰਜੇ) ਦੀ ਪ੍ਰਸਿੱਧੀ ਵਿੱਚ ਮੁੜ ਉਭਾਰ ਦਾ ਮੁੱਖ ਕਾਰਨ ਇਸਦੇ ਸਿਹਤ ਲਾਭਾਂ ਵਿੱਚ ਹੈ। ਆਧੁਨਿਕ ਜੀਵਨ ਸ਼ੈਲੀ ਵਿੱਚ, ਪਿੱਠ ਦਰਦ, ਗਰਦਨ ਵਿੱਚ ਦਰਦ ਅਤੇ ਰੀੜ੍ਹ ਦੀ ਹੱਡੀ ਦੀਆਂ ਸਮੱਸਿਆਵਾਂ ਦੇ ਮਾਮਲੇ ਤੇਜ਼ੀ ਨਾਲ ਵਧੇ ਹਨ। ਬਹੁਤ ਸਾਰੇ ਵਿਅਕਤੀਆਂ ਲਈ ਬਹੁਤ ਜ਼ਿਆਦਾ ਨਰਮ ਗੱਦਿਆਂ 'ਤੇ ਸੌਣਾ ਬੇਆਰਾਮ ਸਾਬਤ ਹੋਇਆ ਹੈ। ਇਸਦੇ ਉਲਟ, ਖੱਟ ਦਾ ਫਰੇਮ ਸਰੀਰ ਨੂੰ ਸੰਤੁਲਿਤ ਸਹਾਇਤਾ ਪ੍ਰਦਾਨ ਕਰਦਾ ਹੈ। ਰੱਸੀਆਂ ਨਾਲ ਬੁਣਿਆ ਹੋਇਆ ਖੱਟ ਸਰੀਰ ਦੇ ਭਾਰ ਨੂੰ ਬਰਾਬਰ ਵੰਡਦਾ ਹੈ, ਜਿਸ ਨਾਲ ਰੀੜ੍ਹ ਦੀ ਹੱਡੀ 'ਤੇ ਬੇਲੋੜਾ ਦਬਾਅ ਘੱਟ ਜਾਂਦਾ ਹੈ। ਅੱਜ ਵੀ, ਪੇਂਡੂ ਖੇਤਰਾਂ ਵਿੱਚ, ਬਹੁਤ ਸਾਰੇ ਬਜ਼ੁਰਗ ਲੋਕ ਬਿਹਤਰ ਸਰੀਰਕ ਸਥਿਤੀ ਵਿੱਚ ਦਿਖਾਈ ਦਿੰਦੇ ਹਨ - ਸ਼ਾਇਦ "ਖੱਟ" 'ਤੇ ਸੌਣ ਦਾ ਨਤੀਜਾ। ਭਾਵੇਂ ਹਰ ਵਿਅਕਤੀ ਦੀਆਂ ਸਿਹਤ ਲੋੜਾਂ ਵੱਖਰੀਆਂ ਹੁੰਦੀਆਂ ਹਨ, ਪਰ ਖੱਟ ਨੂੰ ਕੁਦਰਤੀ ਅਤੇ ਸੰਤੁਲਿਤ ਆਰਾਮ ਪ੍ਰਾਪਤ ਕਰਨ ਦਾ ਇੱਕ ਸਾਧਨ ਮੰਨਿਆ ਜਾਂਦਾ ਹੈ।

ਭਾਰਤ ਵਿੱਚ, ਇਸਦੇ ਗਰਮ ਮਾਹੌਲ ਦੇ ਨਾਲ, ਖੱਟ ਦੀ ਉਪਯੋਗਤਾ ਹੋਰ ਵੀ ਸਪੱਸ਼ਟ ਹੋ ਜਾਂਦੀ ਹੈ। ਝੱਗ ਅਤੇ ਝਰਨਿਆਂ ਦੇ ਬਣੇ ਗੱਦੇ ਅਕਸਰ ਸਰੀਰ ਦੀ ਗਰਮੀ ਨੂੰ ਫਸਾਉਂਦੇ ਹਨ, ਜਿਸ ਨਾਲ ਗਰਮੀਆਂ ਦੇ ਮਹੀਨਿਆਂ ਦੌਰਾਨ ਬੇਅਰਾਮੀ ਵਧਦੀ ਹੈ। ਇਸਦੇ ਉਲਟ, ਖੱਟ ਦਾ ਡਿਜ਼ਾਇਨ ਸੌਣ ਵਾਲੀ ਸਤਹਾ ਦੇ ਹੇਠਾਂ ਅਤੇ ਉੱਪਰ ਦੋਵੇਂ ਪਾਸੇ ਨਿਰੰਤਰ ਹਵਾ ਦੇ ਪ੍ਰਵਾਹ ਦੀ ਆਗਿਆ ਦਿੰਦਾ ਹੈ। ਇਹ ਕੁਦਰਤੀ ਹਵਾਦਾਰੀ ਸਰੀਰ ਨੂੰ ਠੰਢਾ ਪ੍ਰਭਾਵ ਪ੍ਰਦਾਨ ਕਰਦੀ ਹੈ ਅਤੇ ਨੀਂਦ ਦੀ ਗੁਣਵੱਤਾ ਨੂੰ ਵਧਾਉਂਦੀ ਹੈ। ਵਧਦੀ ਬਿਜਲੀ ਦੀ ਖਪਤ ਅਤੇ ਏਅਰ ਕੰਡੀਸ਼ਨਰਾਂ 'ਤੇ ਵੱਧ ਰਹੀ ਨਿਰਭਰਤਾ ਦੇ ਯੁੱਗ ਵਿੱਚ, ਖੱਟ ਦਾ ਇਹ ਵਿਸ਼ੇਸ਼ ਗੁਣ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਬਣ ਜਾਂਦਾ ਹੈ।

ਵਾਤਾਵਰਣ ਦੇ ਦ੍ਰਿਸ਼ਟੀਕੋਣ ਤੋਂ ਵੀ, ਖੱਟ ਦੀ ਮਹੱਤਤਾ ਵੱਧ ਰਹੀ ਹੈ। ਅੱਜ, ਦੁਨੀਆ ਟਿਕਾਊ ਵਿਕਾਸ ਅਤੇ ਵਾਤਾਵਰਣ ਸੰਭਾਲ 'ਤੇ ਜ਼ਿਆਦਾ ਜ਼ੋਰ ਦੇ ਰਹੀ ਹੈ। ਆਧੁਨਿਕ ਫਰਨੀਚਰ ਉਦਯੋਗ ਪਲਾਸਟਿਕ, ਸਿੰਥੇਟਿਕ ਫੋਮ ਅਤੇ ਰਸਾਇਣਕ ਪਦਾਰਥਾਂ 'ਤੇ ਬਹੁਤ ਜ਼ਿਆਦਾ ਨਿਰਭਰ ਕਰਦਾ ਹੈ - ਉਹ ਸਮੱਗਰੀ ਜੋ ਵਾਤਾਵਰਣ 'ਤੇ ਮਾੜਾ ਪ੍ਰਭਾਵ ਪਾਉਂਦੀ ਹੈ। ਇਸਦੇ ਉਲਟ, ਲੱਕੜ ਅਤੇ ਕੁਦਰਤੀ ਰੱਸੀਆਂ ਤੋਂ ਬਣਾਇਆ ਗਿਆ ਖੱਟ ਇੱਕ ਮੁਕਾਬਲਤਨ ਵਾਤਾਵਰਣ-ਅਨੁਕੂਲ ਵਿਕਲਪ ਹੈ। ਇਹ ਟਿਕਾਊ ਹੈ, ਆਸਾਨੀ ਨਾਲ ਮੁਰੰਮਤ ਕੀਤਾ ਜਾ ਸਕਦਾ ਹੈ, ਅਤੇ ਇਸਦੇ ਜ਼ਿਆਦਾਤਰ ਹਿੱਸਿਆਂ ਨੂੰ ਕੁਦਰਤੀ ਤੌਰ 'ਤੇ ਰੀਸਾਈਕਲ ਜਾਂ ਬਾਇਓਡੀਗ੍ਰੇਡ ਕੀਤਾ ਜਾ ਸਕਦਾ ਹੈ। ਅਜਿਹੇ ਸਮੇਂ ਵਿੱਚ ਜਦੋਂ ਲੋਕ ਵਾਤਾਵਰਣ ਪ੍ਰਤੀ ਜਾਗਰੂਕ ਹੁੰਦੇ ਜਾ ਰਹੇ ਹਨ, ਖੱਟ ਉਨ੍ਹਾਂ ਦੀਆਂ ਨਜ਼ਰਾਂ ਵਿੱਚ ਇੱਕ ਟਿਕਾਊ ਵਿਕਲਪ ਵਜੋਂ ਉਭਰਨਾ ਸ਼ੁਰੂ ਹੋ ਗਿਆ ਹੈ।

ਖੱਟ ਦੀ ਵਾਪਸੀ ਵਿੱਚ ਯੋਗਦਾਨ ਪਾਉਣ ਵਾਲਾ ਇੱਕ ਹੋਰ ਕਾਰਕ ਆਰਥਿਕ ਸੁਭਾਅ ਹੈ। ਮਹਿੰਗੇ ਫਰਨੀਚਰ ਅਤੇ ਬ੍ਰਾਂਡ ਵਾਲੇ ਗੱਦਿਆਂ ਦੀਆਂ ਕੀਮਤਾਂ ਲਗਾਤਾਰ ਵੱਧ ਰਹੀਆਂ ਹਨ। ਦੂਜੇ ਪਾਸੇ, ਸਥਾਨਕ ਕਾਰੀਗਰਾਂ ਦੁਆਰਾ ਤਿਆਰ ਕੀਤੇ ਖੱਟ (ਰਵਾਇਤੀ ਬੁਣੇ ਹੋਏ ਬਿਸਤਰੇ) ਮੁਕਾਬਲਤਨ ਕਿਫਾਇਤੀ ਅਤੇ ਟਿਕਾਊ ਹਨ। ਪੇਂਡੂ ਅਤੇ ਅਰਧ-ਸ਼ਹਿਰੀ ਖੇਤਰਾਂ ਵਿੱਚ, ਖੱਟ ਅੱਜ ਵੀ ਘੱਟ ਕੀਮਤ 'ਤੇ ਉਪਲਬਧ ਰਹਿੰਦੇ ਹਨ। ਉਹ ਸਾਲਾਂ ਤੱਕ ਸੇਵਾ ਕਰ ਸਕਦੇ ਹਨ, ਅਤੇ ਜਦੋਂ ਲੋੜ ਹੋਵੇ, ਉਨ੍ਹਾਂ ਦੀਆਂ ਰੱਸੀਆਂ ਨੂੰ ਬਦਲ ਕੇ ਉਨ੍ਹਾਂ ਨੂੰ ਇੱਕ ਨਵੀਂ ਸਥਿਤੀ ਵਿੱਚ ਬਹਾਲ ਕੀਤਾ ਜਾ ਸਕਦਾ ਹੈ। ਇਸ ਤਰ੍ਹਾਂ, ਖੱਟ ਸਿਰਫ਼ ਇੱਕ ਸੱਭਿਆਚਾਰਕ ਵਿਰਾਸਤੀ ਕਲਾਕ੍ਰਿਤੀ ਨਹੀਂ ਹੈ, ਸਗੋਂ ਆਰਥਿਕ ਦ੍ਰਿਸ਼ਟੀਕੋਣ ਤੋਂ ਇੱਕ ਵਿਹਾਰਕ ਵਿਕਲਪ ਵੀ ਹੈ।

ਦਿਲਚਸਪ ਗੱਲ ਇਹ ਹੈ ਕਿ ਖੱਟ ਦਾ ਪੁਨਰ-ਉਭਾਰ ਸਿਰਫ਼ ਪੇਂਡੂ ਖੇਤਰਾਂ ਤੱਕ ਸੀਮਿਤ ਨਹੀਂ ਹੈ; ਵੱਡੇ ਸ਼ਹਿਰਾਂ ਦੇ ਲੋਕ ਵੀ ਇਸਨੂੰ ਨਵੇਂ ਅਵਤਾਰਾਂ ਵਿੱਚ ਅਪਣਾ ਰਹੇ ਹਨ। ਅੰਦਰੂਨੀ ਡਿਜ਼ਾਈਨਰਾਂ ਨੇ ਰਵਾਇਤੀ ਖੱਟ ਨੂੰ ਇੱਕ ਆਧੁਨਿਕ ਸੁਹਜ ਨਾਲ ਪੇਸ਼ ਕਰਨਾ ਸ਼ੁਰੂ ਕਰ ਦਿੱਤਾ ਹੈ। ਅੱਜ, ਬਹੁਤ ਸਾਰੇ ਘਰਾਂ ਵਿੱਚ, *ਖੱਟ* ਨੂੰ ਬਾਲਕੋਨੀਆਂ, ਬਗੀਚਿਆਂ, ਛੱਤਾਂ, ਜਾਂ ਰਹਿਣ ਵਾਲੀਆਂ ਥਾਵਾਂ ਵਿੱਚ ਸਜਾਵਟੀ ਅਤੇ ਕਾਰਜਸ਼ੀਲ ਦੋਵੇਂ ਤਰ੍ਹਾਂ ਦੇ ਤੱਤ ਵਜੋਂ ਰੱਖਿਆ ਜਾ ਰਿਹਾ ਹੈ। ਰਿਜ਼ੋਰਟ, ਕੈਫੇ ਅਤੇ ਹੋਮਸਟੇ ਵੀ ਮਹਿਮਾਨਾਂ ਨੂੰ ਇੱਕ ਪ੍ਰਮਾਣਿਕ, ਰਵਾਇਤੀ ਅਨੁਭਵ ਪ੍ਰਦਾਨ ਕਰਨ ਲਈ ਆਪਣੇ ਅਹਾਤੇ ਵਿੱਚ ਖੱਟ ਨੂੰ ਸ਼ਾਮਲ ਕਰ ਰਹੇ ਹਨ। ਇਹ ਦਰਸਾਉਂਦਾ ਹੈ ਕਿ ਪਰੰਪਰਾ ਅਤੇ ਆਧੁਨਿਕਤਾ ਦਾ ਇੱਕ ਸੁਮੇਲ ਵਾਲਾ ਮਿਸ਼ਰਣ ਅਸਲ ਵਿੱਚ ਕਿਵੇਂ ਸੰਭਵ ਹੈ।

ਸੋਸ਼ਲ ਮੀਡੀਆ ਨੇ ਵੀ ਖੱਟ (ਰਵਾਇਤੀ ਬੁਣੇ ਹੋਏ ਬਿਸਤਰੇ) ਦੀ ਪ੍ਰਸਿੱਧੀ ਨੂੰ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਅੱਜ, ਟਿਕਾਊ ਜੀਵਨ, ਧੀਮੀ ਜ਼ਿੰਦਗੀ, ਦੇਸੀ ਜੀਵਨ ਸ਼ੈਲੀ, ਅਤੇ ਆਪਣੀਆਂ ਜੜ੍ਹਾਂ ਵੱਲ ਵਾਪਸੀ ਵਰਗੇ ਥੀਮ ਨੌਜਵਾਨਾਂ ਵਿੱਚ ਖਿੱਚ ਪ੍ਰਾਪਤ ਕਰ ਰਹੇ ਹਨ। ਲੋਕ ਆਪਣੇ ਘਰਾਂ ਅਤੇ ਫਾਰਮ ਹਾਊਸਾਂ ਵਿੱਚ ਖੱਟਾਂ ਵਾਲੀਆਂ ਤਸਵੀਰਾਂ ਸਾਂਝੀਆਂ ਕਰ ਰਹੇ ਹਨ। ਬਹੁਤ ਸਾਰੇ ਨੌਜਵਾਨ - ਜੋ ਕਦੇ ਖੱਟ ਨੂੰ ਸਿਰਫ਼ ਇੱਕ ਪੇਂਡੂ ਕਲਾਕ੍ਰਿਤੀ ਵਜੋਂ ਦੇਖਦੇ ਸਨ - ਹੁਣ ਇਸਨੂੰ ਆਪਣੀ ਜੀਵਨ ਸ਼ੈਲੀ ਅਤੇ ਪਛਾਣ ਦਾ ਇੱਕ ਅਨਿੱਖੜਵਾਂ ਅੰਗ ਸਮਝਣ ਲੱਗ ਪਏ ਹਨ। ਇਹ ਤਬਦੀਲੀ ਦਰਸਾਉਂਦੀ ਹੈ ਕਿ ਨਵੀਂ ਪੀੜ੍ਹੀ ਆਪਣੀ ਸੱਭਿਆਚਾਰਕ ਵਿਰਾਸਤ ਨੂੰ ਇੱਕ ਨਵੇਂ ਲੈਂਸ ਰਾਹੀਂ ਦੇਖ ਰਹੀ ਹੈ।

ਖੱਟ ਦਾ ਸੱਭਿਆਚਾਰਕ ਮਹੱਤਵ ਵੀ ਓਨਾ ਹੀ ਡੂੰਘਾ ਹੈ। ਖੱਟ ਦੇ ਹਵਾਲੇ ਭਾਰਤੀ ਸਾਹਿਤ, ਲੋਕ ਗੀਤਾਂ ਅਤੇ ਸਿਨੇਮਾ ਵਿੱਚ ਅਕਸਰ ਦਿਖਾਈ ਦਿੰਦੇ ਹਨ। ਇਹ ਲੰਬੇ ਸਮੇਂ ਤੋਂ ਪੇਂਡੂ ਜੀਵਨ, ਨੇੜਤਾ ਅਤੇ ਭਾਈਚਾਰਕ ਭਾਵਨਾ ਦੇ ਪ੍ਰਤੀਕ ਵਜੋਂ ਖੜ੍ਹਾ ਰਿਹਾ ਹੈ। ਪੁਰਾਣੇ ਸਮਿਆਂ ਵਿੱਚ, ਜਦੋਂ ਪਰਿਵਾਰ ਦੇ ਮੈਂਬਰ ਇਕੱਠੇ ਹੁੰਦੇ ਸਨ ਅਤੇ ਇੱਕ ਖੱਟ 'ਤੇ ਇਕੱਠੇ ਬੈਠ ਕੇ ਗੱਲਬਾਤ ਕਰਦੇ ਸਨ, ਤਾਂ ਗੱਲਬਾਤ ਕੁਦਰਤੀ ਅਤੇ ਸਹਿਜਤਾ ਨਾਲ ਚਲਦੀ ਸੀ। ਅੱਜ, ਇਸ ਡਿਜੀਟਲ ਯੁੱਗ ਵਿੱਚ - ਜਿੱਥੇ ਲੋਕ ਅਕਸਰ ਇੱਕੋ ਛੱਤ ਹੇਠ ਰਹਿੰਦੇ ਹੋਏ ਵੀ ਆਪਣੀਆਂ ਮੋਬਾਈਲ ਸਕ੍ਰੀਨਾਂ ਵਿੱਚ ਮਗਨ ਰਹਿੰਦੇ ਹਨ - ਖੱਟ ਵਰਗੀਆਂ ਫਿਰਕੂ ਬੈਠਣ ਵਾਲੀਆਂ ਥਾਵਾਂ ਇੱਕ ਵਾਰ ਫਿਰ ਸਮਾਜਿਕ ਨੇੜਤਾ ਨੂੰ ਉਤਸ਼ਾਹਿਤ ਕਰਨ ਲਈ ਸਾਧਨ ਵਜੋਂ ਕੰਮ ਕਰ ਸਕਦੀਆਂ ਹਨ।

ਹਾਲਾਂਕਿ, ਖੱਟ ਦੇ ਪੁਨਰ-ਉਭਾਰ ਦਾ ਮਤਲਬ ਇਹ ਨਹੀਂ ਹੈ ਕਿ ਆਧੁਨਿਕ ਫਰਨੀਚਰ ਪੂਰੀ ਤਰ੍ਹਾਂ ਅਪ੍ਰਸੰਗਿਕ ਹੋ ਗਿਆ ਹੈ। ਆਧੁਨਿਕ ਜੀਵਨ ਦੀਆਂ ਮੰਗਾਂ ਵੱਖਰੀਆਂ ਹਨ, ਅਤੇ ਬਹੁਤ ਸਾਰੀਆਂ ਸਥਿਤੀਆਂ ਵਿੱਚ, ਆਧੁਨਿਕ ਬਿਸਤਰੇ ਸੱਚਮੁੱਚ ਵਧੇਰੇ ਸੁਵਿਧਾਜਨਕ ਸਾਬਤ ਹੋ ਸਕਦੇ ਹਨ। ਫਿਰ ਵੀ, ਖੱਟ ਦੀ ਵਧਦੀ ਪ੍ਰਸਿੱਧੀ ਨਿਸ਼ਚਤ ਤੌਰ 'ਤੇ ਇਹ ਸੰਕੇਤ ਦਿੰਦੀ ਹੈ ਕਿ ਲੋਕ ਸਿਰਫ਼ ਸਹੂਲਤ ਨੂੰ ਹੀ ਨਹੀਂ, ਸਗੋਂ ਸਿਹਤ, ਵਾਤਾਵਰਣ ਸਥਿਰਤਾ ਅਤੇ ਸੱਭਿਆਚਾਰਕ ਜੜ੍ਹਾਂ ਨੂੰ ਵੀ ਤਰਜੀਹ ਦੇਣਾ ਸ਼ੁਰੂ ਕਰ ਰਹੇ ਹਨ। ਉਹ ਸਰਗਰਮੀ ਨਾਲ ਆਪਣੇ ਜੀਵਨ ਨੂੰ ਵਧੇਰੇ ਸੰਤੁਲਿਤ ਅਤੇ ਕੁਦਰਤੀ ਬਣਾਉਣ ਦੇ ਸਮਰੱਥ ਵਿਕਲਪਾਂ ਦੀ ਭਾਲ ਕਰ ਰਹੇ ਹਨ।

ਸੰਖੇਪ ਵਿੱਚ, ਖੱਟ ਦੀ ਵਾਪਸੀ ਇੱਕ ਵਿਸ਼ਾਲ ਸਮਾਜਿਕ ਪਰਿਵਰਤਨ ਦਾ ਹਿੱਸਾ ਹੈ ਜਿਸ ਵਿੱਚ ਲੋਕ ਆਪਣੀਆਂ ਜੜ੍ਹਾਂ ਨਾਲ ਦੁਬਾਰਾ ਜੁੜਨ ਦੀ ਕੋਸ਼ਿਸ਼ ਕਰ ਰਹੇ ਹਨ। ਭਾਵੇਂ ਇਹ ਰਵਾਇਤੀ ਪਕਵਾਨ ਹੋਵੇ, ਜੈਵਿਕ ਖੇਤੀ ਹੋਵੇ, ਮਿੱਟੀ ਦੇ ਮਿੱਟੀ ਦੇ ਭਾਂਡੇ ਹੋਣ, ਜਾਂ ਲੱਕੜ ਦਾ ਖੱਟ ਹੋਵੇ - ਲੋਕ ਹੁਣ ਇਹ ਮਹਿਸੂਸ ਕਰ ਰਹੇ ਹਨ ਕਿ ਤਰੱਕੀ ਸਿਰਫ਼ ਨਵੀਆਂ ਤਕਨਾਲੋਜੀਆਂ ਨੂੰ ਅਪਣਾਉਣ ਤੋਂ ਵੱਧ ਹੈ। ਤਰੱਕੀ ਦਾ ਅਸਲ ਸਾਰ ਉਨ੍ਹਾਂ ਪਰੰਪਰਾਵਾਂ ਦੀ ਕਦਰ ਕਰਨ ਵਿੱਚ ਹੈ ਜੋ ਸਮੇਂ ਦੀ ਪਰੀਖਿਆ 'ਤੇ ਖੜ੍ਹੀਆਂ ਹੋਈਆਂ ਹਨ - ਪਰੰਪਰਾਵਾਂ ਜੋ ਜੀਵਨ ਨੂੰ ਸਰਲ, ਸਿਹਤਮੰਦ ਅਤੇ ਵਧੇਰੇ ਸੰਤੁਲਿਤ ਬਣਾਉਣ ਦੀ ਅੰਦਰੂਨੀ ਸਮਰੱਥਾ ਰੱਖਦੀਆਂ ਹਨ। ਅੱਜ, ਜਿਵੇਂ ਕਿ ਦੁਨੀਆ ਤੇਜ਼ੀ ਨਾਲ ਬਦਲਾਅ ਵਿੱਚੋਂ ਗੁਜ਼ਰ ਰਹੀ ਹੈ ਅਤੇ ਜੀਵਨ ਤੇਜ਼ੀ ਨਾਲ ਗੁੰਝਲਦਾਰ ਹੁੰਦਾ ਜਾ ਰਿਹਾ ਹੈ, ਲੱਕੜ ਦਾ ਖੱਟ ਸਾਨੂੰ ਸਾਦਗੀ ਦਾ ਇੱਕ ਸਦੀਵੀ ਸੰਦੇਸ਼ ਦਿੰਦਾ ਹੈ। ਇਹ ਇੱਕ ਯਾਦ ਦਿਵਾਉਂਦਾ ਹੈ ਕਿ ਸੱਚਾ ਆਰਾਮ ਸਿਰਫ਼ ਮਹਿੰਗੀਆਂ ਭੌਤਿਕ ਚੀਜ਼ਾਂ ਤੋਂ ਹੀ ਨਹੀਂ, ਸਗੋਂ ਇੱਕ ਅਜਿਹੀ ਜੀਵਨ ਸ਼ੈਲੀ ਤੋਂ ਵੀ ਪ੍ਰਾਪਤ ਹੁੰਦਾ ਹੈ ਜੋ ਕੁਦਰਤ ਦੇ ਅਨੁਕੂਲ ਹੈ। ਖੱਟ (ਰਵਾਇਤੀ ਬਿਸਤਰਾ) ਵੱਲ ਵਾਪਸ ਜਾਣ ਵਾਲੇ ਕਦਮ ਸੰਕੇਤ ਦਿੰਦੇ ਹਨ ਕਿ ਸਮਾਜ ਨੇ ਆਪਣੀਆਂ ਸੱਭਿਆਚਾਰਕ ਯਾਦਾਂ, ਪਰੰਪਰਾਗਤ ਬੁੱਧੀ ਅਤੇ ਵਾਤਾਵਰਣ ਚੇਤਨਾ ਨੂੰ ਮੁੜ ਤਰਜੀਹ ਦੇਣਾ ਸ਼ੁਰੂ ਕਰ ਦਿੱਤਾ ਹੈ।

ਇਹ ਸੰਭਵ ਹੈ ਕਿ ਆਉਣ ਵਾਲੇ ਸਾਲਾਂ ਵਿੱਚ, ਖੱਟ ਕਦੇ ਵੀ ਹਰ ਘਰ ਵਿੱਚ ਫਰਨੀਚਰ ਦਾ ਮੁੱਖ ਟੁਕੜਾ ਨਹੀਂ ਬਣ ਸਕਦਾ; ਫਿਰ ਵੀ, ਇਸਦਾ ਪੁਨਰ-ਉਥਾਨ ਸਪੱਸ਼ਟ ਤੌਰ 'ਤੇ ਸਾਬਤ ਕਰਦਾ ਹੈ ਕਿ ਪਰੰਪਰਾ ਕਦੇ ਵੀ ਸੱਚਮੁੱਚ ਖਤਮ ਨਹੀਂ ਹੁੰਦੀ। ਜਿਵੇਂ ਕਿ ਆਧੁਨਿਕ ਜੀਵਨ ਦੀਆਂ ਚੁਣੌਤੀਆਂ ਵਧਦੀਆਂ ਹਨ, ਸਮਾਜ ਅਕਸਰ ਆਪਣੀਆਂ ਜੜ੍ਹਾਂ ਦੇ ਅੰਦਰ ਹੱਲ ਲੱਭਦਾ ਹੈ। ਲੱਕੜ ਦੇ ਖੱਟ ਦੀ ਵਾਪਸੀ ਇਸੇ ਖੋਜ ਦੀ ਕਹਾਣੀ ਹੈ—ਇੱਕ ਬਿਰਤਾਂਤ ਜਿਸ ਵਿੱਚ ਸਿਹਤ, ਵਾਤਾਵਰਣ, ਸੱਭਿਆਚਾਰ ਅਤੇ ਜੀਵਨ ਨੂੰ ਹੋਰ ਮਨੁੱਖੀ ਬਣਾਉਣ ਦੀ ਇੱਛਾ ਸ਼ਾਮਲ ਹੈ।

ਇਹੀ ਕਾਰਨ ਹੈ ਕਿ ਅੱਜ ਲੋਕ ਲੱਕੜ ਦੇ ਖੱਟ ਵੱਲ ਵਾਪਸ ਆ ਰਹੇ ਹਨ। ਉਹ ਸਿਰਫ਼ ਪੁਰਾਣੇ ਫਰਨੀਚਰ ਨੂੰ ਅਪਣਾ ਨਹੀਂ ਰਹੇ ਹਨ; ਸਗੋਂ, ਉਹ ਸਾਦਗੀ, ਸੰਤੁਲਨ, ਨੇੜਤਾ ਅਤੇ ਕੁਦਰਤ ਨਾਲ ਇਕਸੁਰਤਾ ਵਿੱਚ ਅਧਾਰਤ ਜੀਵਨ ਦੇ ਦਰਸ਼ਨ ਨੂੰ ਮੁੜ ਸੁਰਜੀਤ ਕਰ ਰਹੇ ਹਨ। ਇਹ ਇਸ ਵਾਪਸੀ ਦੀ ਡੂੰਘੀ ਮਹੱਤਤਾ ਅਤੇ ਸਭ ਤੋਂ ਵੱਡੀ ਪ੍ਰਾਪਤੀ ਹੈ।

ਡਾ. ਸਤਿਆਵਾਨ ਸੌਰਭ, ਕਵੀ, ਸਮਾਜਿਕ ਚਿੰਤਕ, ਤੇ ਕਾਲਮਨਵੀਸ; ਏਆਈਆਰ ਅਤੇ ਟੀਵੀ ਪੈਨਲਿਸਟ, 333, ਪਰੀ ਵਾਟਿਕਾ, ਕੌਸ਼ਲਿਆ ਭਵਨ, ਬਾਰਵਾ (ਸਿਵਾਨੀ), ਭਿਵਾਨੀ, ਹਰਿਆਣਾ - 127045, ਮੋਬਾਈਲ: 9466526148



## ਭੁੱਚੋ ਮੰਡੀ ਨਗਰ ਕੌਂਸਲ ਚੋਣਾਂ 'ਚ ਵੋਟਰਾਂ ਦਾ ਜ਼ਬਰਦਸਤ ਉਤਸ਼ਾਹ, ਵੱਡੀਆਂ ਕਤਾਰਾਂ ਨਾਲ ਪੋਲਿੰਗ ਸੰਪੰਨ

**ਭੁੱਚੋ ਮੰਡੀ, 26 ਮਈ (ਚਰਨਜੀਤ ਖੁਰਮੀ):** ਭੁੱਚੋ ਮੰਡੀ ਵਿੱਚ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸੋਮਵਾਰ ਨੂੰ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਵੇਰ ਤੋਂ ਹੀ ਵੱਖ-ਵੱਖ ਪੋਲਿੰਗ ਬੂਥਾਂ 'ਤੇ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਸਨ। ਚੋਣ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਥਾਨਕ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਨੂੰ ਪੋਲਿੰਗ ਸਟੇਸ਼ਨਾਂ ਵਜੋਂ ਵਰਤਿਆ ਗਿਆ, ਜਿੱਥੇ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਪੂਰੇ ਪ੍ਰਬੰਧ ਕੀਤੇ ਗਏ ਸਨ। ਸਵੇਰੇ 8 ਵਜੇ ਸ਼ੁਰੂ ਹੋਈ ਵੋਟਿੰਗ ਦੌਰਾਨ ਮਹਿਲਾਵਾਂ, ਨੌਜਵਾਨਾਂ ਅਤੇ ਬਜ਼ੁਰਗਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ। ਦੁਪਹਿਰ ਕਰੀਬ 1:30 ਵਜੇ ਤੱਕ ਕਰੀਬ 45 ਫੀਸਦੀ ਵੋਟਿੰਗ ਸ਼ਾਂਤਮਈ ਢੰਗ ਨਾਲ ਹੋ ਚੁੱਕੀ ਸੀ। ਕਈ ਨਵੇਂ ਅਤੇ ਪਹਿਲੀ ਵਾਰ ਵੋਟ ਪਾਉਣ ਵਾਲੇ ਨੌਜਵਾਨ ਵੀ ਆਪਣੇ ਹੱਕ ਦਾ ਇਸਤੇਮਾਲ ਕਰਨ ਲਈ ਉਤਸੁਕ ਨਜ਼ਰ ਆਏ। ਪਹਿਲੀ ਵਾਰ ਵੋਟ ਪਾਉਣ ਵਾਲੇ ਵੋਟਰਾਂ ਨੇ ਲੋਕਤੰਤਰ ਦੇ ਇਸ ਤਿਉਹਾਰ ਵਿੱਚ ਭਾਗ ਲੈਣ ਨੂੰ ਮਾਣ ਵਾਲੀ ਗੱਲ ਦੱਸਿਆ। ਚੋਣਾਂ ਦੌਰਾਨ ਕਿਸੇ ਵੀ ਅਣਚਾਹੀ ਘਟਨਾ ਦੀ ਕੋਈ ਸੂਚਨਾ ਨਹੀਂ ਮਿਲੀ ਅਤੇ ਸਮੂਹ ਪੋਲਿੰਗ ਅਮਨ-ਅਮਾਨ ਨਾਲ ਸੰਪੰਨ ਹੋਈ। ਸ਼ਾਮ 5 ਵਜੇ ਤੱਕ 47 ਉਮੀਦਵਾਰਾਂ ਦੀ ਕਿਸਮਤ ਬੈਲਟ ਬਕਸਿਆਂ ਵਿੱਚ ਬੰਦ ਹੋ ਗਈ। ਹੁਣ ਸਿਆਸੀ ਧਿਰਾਂ ਅਤੇ ਉਮੀਦਵਾਰਾਂ ਦੀਆਂ ਨਜ਼ਰਾਂ 29 ਮਈ ਦਿਨ ਸ਼ੁੱਕਰਵਾਰ ਨੂੰ ਆਉਣ ਵਾਲੇ ਨਤੀਜਿਆਂ 'ਤੇ ਟਿਕੀਆਂ ਹੋਈਆਂ ਹਨ।

## ਜ਼ਿਲ੍ਹਾ ਚੋਣਕਾਰ ਅਫ਼ਸਰ ਹਰਪ੍ਰੀਤ ਸਿੰਘ ਵੱਲੋਂ ਪੋਲਿੰਗ ਬੂਥਾਂ ਦਾ ਦੌਰਾ



**ਬਰਨਾਲਾ, 26 ਮਈ (ਅਵਤਾਰ ਸਿੰਘ ਫਰਵਾਹੀ):** ਨਗਰ ਨਿਗਮ ਅਤੇ ਨਗਰ ਕੌਂਸਲ ਚੋਣਾਂ 2026 ਲਈ ਅੱਜ ਵੋਟਾਂ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਬਰਨਾਲਾ ਸਹਿਤ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਜ਼ਿਲ੍ਹਾ ਬਰਨਾਲਾ ਦੇ ਵੱਖ ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਵੋਟਿੰਗ ਅਮਲ ਦਾ ਜਾਇਜ਼ਾ ਲਿਆ।

ਓਹਨਾਂ ਨਗਰ ਨਿਗਮ ਬਰਨਾਲਾ, ਨਗਰ ਕੌਂਸਲ ਤਪਾ, ਨਗਰ ਕੌਂਸਲ ਧਨੌਲਾ, ਨਗਰ ਕੌਂਸਲ ਭਦੌੜ ਦੇ ਪੋਲਿੰਗ ਬੂਥਾਂ ਦਾ ਨਿਰੀਖਣ ਕੀਤਾ ਅਤੇ ਕਿਹਾ ਕਿ ਵੋਟਿੰਗ ਨਿਰਵਿਘਨ ਜਾਰੀ ਹੈ। ਓਹਨਾਂ ਕਿਹਾ ਕਿ ਵੋਟਰ ਗਰਮੀ ਦੇ ਬਾਵਜੂਦ ਉਤਸ਼ਾਹ ਨਾਲ ਵੋਟਾਂ ਪਾ ਰਹੇ ਹਨ ਅਤੇ ਵੋਟਰਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਓਹਨਾਂ ਦੱਸਿਆ ਕਿ ਦੁਪਹਿਰ 12 ਵਜੇ ਤੱਕ ਨਗਰ ਨਿਗਮ ਬਰਨਾਲਾ ਲਈ 35.60%, ਨਗਰ ਕੌਂਸਲ ਤਪਾ 36.54 %, ਨਗਰ ਕੌਂਸਲ ਭਦੌੜ 41.95 %, ਨਗਰ ਕੌਂਸਲ ਧਨੌਲਾ ਲਈ 36.96% ਫੀਸਦੀ ਵੋਟਿੰਗ ਹੋਈ। ਓਹਨਾਂ ਕਿਹਾ ਕਿ ਵੋਟਾਂ ਦਾ ਸਮਾਂ ਸ਼ਾਮ 5 ਵਜੇ ਤਕ ਹੈ। ਇਸੇ ਤਰ੍ਹਾਂ ਰਿਟਰਨਿੰਗ ਅਫ਼ਸਰ ਬਰਨਾਲਾ ਸ਼੍ਰੀ ਵਿਵੇਕ ਮੋਦੀ ਆਈ ਏ ਐੱਸ, ਰਿਟਰਨਿੰਗ ਅਫ਼ਸਰ ਤਪਾ ਸ਼੍ਰੀ ਆਯੂਸ਼ ਗੋਇਲ ਆਈ ਏ ਐੱਸ, ਰਿਟਰਨਿੰਗ ਅਫ਼ਸਰ ਧਨੌਲਾ ਸ਼੍ਰੀ ਅਜੀਤਪਾਲ ਸਿੰਘ ਚਹਿਲ ਪੀ ਸੀ ਐੱਸ ਤੇ ਰਿਟਰਨਿੰਗ ਅਫ਼ਸਰ ਭਦੌੜ ਸ਼੍ਰੀਮਤੀ ਕ੍ਰਿਤਿਕਾ ਗੋਇਲ ਆਈ ਏ ਐਸ ਵੱਲੋਂ ਵੀ ਆਪਣੇ ਅਧੀਨ ਪੈਂਦੇ ਪੋਲਿੰਗ ਬੂਥਾਂ ਦਾ ਦੌਰਾ ਕੀਤਾ ਗਿਆ ਅਤੇ ਵੋਟਿੰਗ ਅਮਲ ਦਾ ਜਾਇਜ਼ਾ ਲਿਆ ਗਿਆ। ਰਿਟਰਨਿੰਗ ਅਫ਼ਸਰ ਸ੍ਰੀ ਮੋਦੀ ਨੇ ਕਿਹਾ ਕਿ ਗਰਮੀ ਅਤੇ ਧੁੱਪ ਦੇ ਬਾਵਜੂਦ ਲੋਕਾਂ ਵਿੱਚ ਵੋਟ ਪਾਉਣ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਅਤੇ ਸਵੇਰ ਤੋਂ ਹੀ ਵੋਟਰ ਵੱਡੀ ਗਿਣਤੀ ਵਿੱਚ ਆਪਣੇ ਲੋਕਤੰਤਰਿਕ ਅਧਿਕਾਰ ਦੀ ਵਰਤੋਂ ਕਰਨ ਲਈ ਪਹੁੰਚ ਰਹੇ ਹਨ। ਨਗਰ ਨਿਗਮ/ ਨਗਰ ਕੌਂਸਲ ਚੋਣਾਂ 2026 ਦੇ ਮੱਦੇਨਜ਼ਰ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਬਰਨਾਲਾ ਲਈ ਚੋਣ ਆਬਜ਼ਰਵਰ ਨਿਯੁਕਤ ਪਰਨੀਤ ਸ਼ੇਰਗਿੱਲ ਆਈ ਏ ਐੱਸ ਵਲੋਂ ਜ਼ਿਲ੍ਹਾ ਬਰਨਾਲਾ ਦੇ ਵੱਖ ਵੱਖ ਬੂਥਾਂ ਦਾ ਦੌਰਾ ਕਰਕੇ ਚੋਣ ਦੀ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ। ਚੋਣ ਆਬਜ਼ਰਵਰ ਪਰਨੀਤ ਸ਼ੇਰਗਿੱਲ ਨੇ ਕਿਹਾ ਕਿ ਪੰਜਾਬ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਿੰਗ ਪ੍ਰਕਿਰਿਆ ਜਾਰੀ ਹੈ।

## ਅਰਬਨ ਅਸਟੇਟ ਦੀਆਂ ਸੜਕਾਂ ਦਾ ਸਿਹਤ ਮੰਤਰੀ ਬਲਬੀਰ ਸਿੰਘ ਨੇ ਸ਼ੁਰੂ ਕਰਵਾਇਆ



**ਪਟਿਆਲਾ, 26 ਮਈ: (ਰਾਜਿੰਦਰ ਸਿੰਘ ਥਿੰਡ):** ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦੇ ਅਰਬਨ ਅਸਟੇਟ ਫੇਜ਼-2 ਵਿੱਚ ਕਰੀਬ 5 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੀਆਂ 25 ਕਿਲੋਮੀਟਰ ਸੜਕਾਂ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸੂਬੇ ਦੇ ਹਰ ਸ਼ਹਿਰ ਤੇ ਪਿੰਡ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾ ਰਿਹਾ ਹੈ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਅਰਬਨ ਅਸਟੇਟ ਫੇਜ਼-2 ਦੀਆਂ ਸੜਕਾਂ ਦੇ ਨਵੀਨੀਕਰਨ ਨਾਲ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਆਵਾਜਾਈ ਹੋਰ ਸੁਗਮ ਬਣੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਲਾਕੇ ਦੇ ਪਾਰਕਾਂ ਦੀ ਮੁਰੰਮਤ ਅਤੇ ਸੁੰਦਰਤਾ ਵਧਾਉਣ ਲਈ ਵੀ ਵਿਸ਼ੇਸ਼ ਫੰਡ ਜਾਰੀ ਕੀਤੇ ਗਏ ਹਨ ਜੋ ਲੋਕਾਂ ਨੂੰ ਸਾਫ-ਸੁਥਰਾ ਅਤੇ ਹਰਾ-ਭਰਾ ਵਾਤਾਵਰਨ ਮਿਲ ਸਕੇ। ਸਿਹਤ ਮੰਤਰੀ ਨੇ ਇਲਾਕਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣੇ ਆਲੇ-ਦੁਆਲੇ ਦਾ ਵਾਤਾਵਰਨ ਸਾਫ-ਸੁਥਰਾ ਰੱਖਣਾ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਗ ?ਹਾ-ਜਗ ?ਹਾ ਗੰਦਗੀ ਦੇ ਢੇਰ ਨਾ ਲੱਗਣ ਦਿੱਤੇ ਜਾਣ ਅਤੇ ਲੋਕ ਆਪਣੇ ਘਰਾਂ ਅਤੇ ਮੁਹੱਲਿਆਂ ਦੀ ਸਫਾਈ ਵੱਲ ਖਾਸ ਧਿਆਨ ਦੇਣ। ਉਨ੍ਹਾਂ ਅਰਬਨ ਅਸਟੇਟ ਦੇ ਵਾਸੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਲਾਕੇ ਦੇ ਲੋਕਾਂ ਨੇ ਆਪਣੇ ਇਲਾਕੇ ਨੂੰ ਬਹੁਤ ਹੀ ਸਾਫ-ਸੁਥਰਾ ਅਤੇ ਸੁਚੱਜਾ ਬਣਾਕੇ ਇੱਕ ਮਿਸਾਲ ਕਾਇਮ ਕੀਤੀ ਹੈ। ਉਨ੍ਹਾਂ ਕਿਹਾ ਕਿ ਹੋਰ ਇਲਾਕਿਆਂ ਦੇ ਲੋਕਾਂ ਨੂੰ ਵੀ ਇਸ ਤੋਂ ਪ੍ਰੇਰਣਾ ਲੈਣੀ ਚਾਹੀਦੀ ਹੈ। ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਰੁੱਖ ਲਗਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ ਪੌਦੇ ਸਾਡੇ ਵਾਤਾਵਰਨ ਨੂੰ ਸੁੱਚਾ ਰੱਖਣ ਦੇ ਨਾਲ-ਨਾਲ ਮਨੁੱਖੀ ਜੀਵਨ ਲਈ ਆਕਸੀਜਨ ਦਾ ਮੁੱਖ ਸਰੋਤ ਹਨ। ਉਨ੍ਹਾਂ ਕਿਹਾ ਕਿ ਕੁਦਰਤ ਨਾਲ ਜੁੜ ਕੇ ਹੀ ਮਨੁੱਖ ਅਸਲ ਸੁੱਖ ਅਤੇ ਸ਼ਾਂਤੀ ਦਾ ਅਨੰਦ ਮਾਣ ਸਕਦਾ ਹੈ। ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਹਰ ਨਾਗਰਿਕ ਤੱਕ ਬਿਹਤਰ ਬੁਨਿਆਦੀ ਸਹੂਲਤਾਂ ਪਹੁੰਚਾਉਣਾ ਹੈ। ਇਸੇ ਵਚਨਬੱਧਤਾ ਨਾਲ ਸਰਕਾਰ ਪੰਜਾਬ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਦਿਨ-ਰਾਤ ਕੰਮ ਕਰ ਰਹੀ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕਾਰਜਾਂ ਦੀ ਇਹ ਲੜੀ ਲਗਾਤਾਰ ਜਾਰੀ ਰਹੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਸਿਹਤ ਮੰਤਰੀ ਦਾ ਧੰਨਵਾਦ ਕੀਤਾ ਗਿਆ ਅਤੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਪੀ ਡੀ ਏ ਦੇ ਮੁੱਖ ਪ੍ਰਸ਼ਾਸ਼ਕ ਮਿਸ ਅਪਰਨਾ, ਚੀਫ਼ ਇੰਜੀਨੀਅਰ ਅਜੇ ਗਰਗ, ਐਸ ਈ ਵਰੁਣ ਗਰਗ, ਐਕਸੀਅਨ ਇੰਜ: ਮੁਨੀਸ਼ ਮਹਿਤਾ, ਐਸ ਡੀ ਈ ਇੰਜ: ਰਾਜੀਵ ਕੁਮਾਰ, ਜੇ ਈ ਇੰਜ: ਅਵਤਾਰ ਸਿੰਘ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

## 'ਰਾਜਨੀਤਕ ਪਾਰਟੀਆਂ ਵੱਲੋਂ ਚੋਣਾਂ ਦੌਰਾਨ ਲੌਂਗੋਵਾਲ ਕਸਬੇ ਵਿੱਚ ਮਿਠਾਈਆ, ਨਸ਼ੇ ਸਰੇਆਮ ਵੰਡਣਾ ਤੇ ਕਾਫੀ ਲੋਕਾਂ ਵੱਲੋਂ ਸਹਿਜ ਹੀ ਸਵੀਕਾਰ ਕਰਨਾ ਸਮਾਜਿਕ ਨੈਤਿਕਤਾ ਦਾ ਪਤਨ'

**ਲੌਂਗੋਵਾਲ, 26 ਮਈ (ਰਵੀ ਗਰਗ):** ਮਿਊਸੀਪਲ ਕਮੇਟੀ ਦੀਆਂ ਲੌਂਗਵਾਲ ਕਸਬੇ ਵਿੱਚ ਹੋ ਰਹੀਆਂ ਚੋਣਾਂ ਦੌਰਾਨ ਵੱਖ ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਇਲਾਕੇ ਵਿੱਚ ਵੰਡੇ ਗਏ ਪਕਵਾਨ ,ਮਿਠਾਈਆਂ ,ਕੋਲਡ ਡਰਿੰਕ,ਸ਼ਰਾਬ ਅਤੇ ਹੋਰ ਨਸ਼ਿਆਂ ਦਾ ਵੰਡਣਾ ਅਤੇ ਅਵਾਮ ਵੱਲੋਂ ਸਹਿਜ ਹੀ ਸਵੀਕਾਰ ਕਰਨਾ ਸਮਾਜਿਕ ਪਤਨ ਦੀ ਇਕ ਜਿਉਂਦੀ ਜਾਗਦੀ ਮਿਸਾਲ ਹੈ। ਕੁੱਝ ਲੋਕਾਂ ਨੂੰ ਛੱਡ ਕੇ ਬਹੁਤੇ ਲੋਕਾਂ ਦੀ ਜ਼ਮੀਰ ਮਰ ਚੁੱਕੀ ਹੈ। ਇਸ ਬਣਦੀ ਜਾ ਰਹੀ ਪ੍ਰੰਪਰਾ ਜਿਸ ਨੇ ਮਾੜੇ ਮੋਟੇ ਲੋਕਤੰਤਰ ਦੇ ਬਚੇ ਅੰਸ਼ ਦਾ ਵੀ ਜਨਾਜ਼ਾ ਕੱਢ ਦਿੱਤਾ ਹੈ ਜੋਂ ਆਉਣ ਵਾਲੀ ਪੀੜ੍ਹੀ ਨੂੰ ਲੋਕਤੰਤਰ ਦੀ ਨਵੀਂ ਪਰਿਭਾਸ਼ਾ ਦੇਵੇਗੀ। ਤਰਕਸ਼ੀਲ ? ਸੁਸਾਇਟੀ ਦੇ ਸੂਬਾ ਆਗੂ ਜੁਝਾਰ ਲੌਂਗੋਵਾਲ, ਦੇਸ਼ ਭਗਤ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ, ਰਣਜੀਤ ਸਿੰਘ, ਅਨਿਲ ਸ਼ਰਮਾ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਰਣਜੀਤ ਸਿੰਘ,ਕ੍ਰਾਂਤੀਕਾਰੀ ਪੇਂਡੂ ਮਜਦੂਰ ਯੂਨੀਅਨ ਦੇ ਸੂਬਾ ਸਕੱਤਰ ਲਖਵੀਰ ਲੌਂਗੋਵਾਲ, ਡੈਮੋਕਰੇਟਿਕ ਟੀਚਰਜ਼ ਫਰੰਟ ਦੇ ਚੰਦਰ ਸ਼ੇਖਰ, ਸੰਦੀਪ ਸਿੰਘ, ਗੁਰਮੇਲ ਸਿੰਘ, ਵਿੱਕੀ ਮੰਗਲਾ, ਜਸਵਿੰਦਰ ਬੋਪਾਰਾਏ,ਰਾਮ ਗੋਪਾਲ ਲੰਬੂ,ਰਾਮ ਗੋਪਾਲ ਟੂਨਿਆਂ, ਕੇਵਲ ਸਿੰਘ ਆਦਿ ਆਗੂਆ ਨੇ ਇਸ ਵਰਤਾਰੇ ਦੀ ਚਿੰਤਾ ਕਰਦਿਆਂ ਲੋਕਾਂ ਨੂੰ ਇਸ ਤੋ ਬਚਣ ਦੀ ਅਪੀਲ ਅਤੇ ਸਲਾਹ ਦਿੱਤੀ। ਆਗੂਆ ਨੇ ਕਿਹਾ ਮੌਕੇ ਦੀਆਂ ਹਕੂਮਤਾਂ, ਸਾਮਰਾਜੀ ਤਾਕਤਾਂ, ਲੋਕਾਂ ਦੇ ਕਿਰਦਾਰ ਨੂੰ ਗੰਧਲਾ ਕਰਨ ਦੀਆਂ ਕੋਸ਼ਿਸ਼ਾਂ ਵਿੱਚ ਹਮੇਸ਼ਾ ਰਹਿੰਦੀਆਂ ਹਨ ਤਾ ਜੋਂ ਸਮੇਂ ਸਮੇਂ ਦੇ ਹੱਕੀ ਮੰਗਾਂ ਦੇ ਸੰਘਰਸਾ ਨੂੰ ਦਬਾਇਆ ਜਾ ਸਕੇ। ਆਗੂਆਂ ਨੇ ਚੋਣਾਂ ਰਾਹੀਂ ਲੋਕਾਂ ਵਿੱਚ ਵੰਡੀਆਂ ਪਾਉਣ ਤੇ ਘਰਾਂ ਦੇ ਉਮੀਦਵਾਰਾਂ ਦੇ ਪਿੱਛੇ ਲੁਕੇ ਬੈਠੇ ਆਕਾਵਾਂ ਦੀ ਸੌੜੀ ਸਿਆਸਤ ਦੀ ਨਿੰਦਿਆ ਕੀਤੀ ਗਈ।

## 31ਮਈ ਨੂੰ ਪ੍ਰੈਸ ਕਲੱਬ ਸਨੌਰ ਦੀ ਵੈਬਸਾਈਟ ਲਾਂਚ ਕੀਤੀ ਜਾਵੇਗੀ: ਸੋਖਲ



**ਸਨੌਰ, 26 ਮਈ (ਰਾਜਿੰਦਰ ਸਿੰਘ ਥਿੰਦ):** ਪ੍ਰੈਸ ਕਲੱਬ ਸਨੌਰ ਵੱਲੋਂ 31 ਮਈ ਨੂੰ ਕਰਵਾਏ ਜਾ ਰਹੇ ਖੂਨਦਾਨ ਕੈਂਪ, ਮੁਫ਼ਤ ਮੈਡੀਕਲ ਚੈਕਅੱਪ ਕੈਂਪ ਅਤੇ ਅੱਖਾਂ ਦੇ ਜਾਂਚ ਕੈਂਪ ਨੂੰ ਲੈ ਕੇ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਮੌਕੇ ਪ੍ਰੈਸ ਕਲੱਬ ਸਨੌਰ ਦੀ ਨਵੀਂ ਵੈਬਸਾਈਟ ਵੀ ਲਾਂਚ ਕੀਤੀ ਜਾ ਰਹੀ ਹੈ, ਜਿਸ ਦਾ ਮੁੱਖ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਡਿਜੀਟਲ ਮੰਚ ਰਾਹੀਂ ਪ੍ਰਸ਼ਾਸਨ ਤੱਕ ਪਹੁੰਚਾਉਣਾ ਹੈ। ਇਸ ਸਬੰਧੀ ਪ੍ਰੈਸ ਕਲੱਬ ਸਨੌਰ ਦੇ ਸਰਪਰਸਤ ਸ. ਮਨਦੀਪ ਸਿੰਘ ਜੋਸ਼ਨ ਜੀ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ ਗਈ। ਵੈਬਸਾਈਟ ਅਤੇ ਸਮਾਜਿਕ ਉਪਰਾਲਿਆਂ ਬਾਰੇ ਜਾਣਕਾਰੀ ਦੇਣ ਉਪਰੰਤ ਉਨ੍ਹਾਂ ਵੱਲੋਂ ਪ੍ਰੈਸ ਕਲੱਬ ਸਨੌਰ ਦੀ ਪੂਰੀ ਟੀਮ ਦੀ ਹੌਸਲਾ ਅਫਜ਼ਾਈ ਕੀਤੀ ਗਈ ਅਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਜਿਕ ਕਾਰਜ ਆਮ ਲੋਕਾਂ ਲਈ ਬਹੁਤ ਲਾਹੇਵੰਦ ਸਾਬਤ ਹੁੰਦੇ ਹਨ। ਇਸ ਮੌਕੇ ਸੁਰਜੀਤ ਸਿੰਘ ਗੋਗੀ, ਗੀਤਵਿੰਦਰ ਸਿੰਘ ਸੋਖਲ ਅਤੇ ਬਲਵਿੰਦਰ ਸਿੰਘ ਵੱਲੋਂ ਪ੍ਰੋਗਰਾਮ ਅਤੇ ਵੈਬਸਾਈਟ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਸਨੌਰ ਹਮੇਸ਼ਾਂ ਲੋਕ ਭਲਾਈ ਅਤੇ ਸਮਾਜ ਸੇਵਾ ਦੇ ਕੰਮਾਂ ਲਈ ਵਚਨਬੱਧ ਰਹੇਗਾ।

## ਬੀਕੇਯੂ ਏਕਤਾ ਸਿੱਧੂਪੁਰ ਵੱਲੋਂ ਪਿੰਡ ਡਸਕਾ ਵਿਖੇ ਕੀਤੀ ਗਈ ਇਕਾਈ ਦੀ ਚੋਣ



**ਲਹਿਰਾਗਾਗਾ, 26 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ):** ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਪਿੰਡ ਡਸਕਾ ਵਿਖੇ ਬਣੀ ਹੋਈ ਇਕਾਈ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਕਰਨ ਲਈ ਪਿੰਡ ਵਾਸੀਆਂ ਵੱਲੋਂ ਅਨਾਜ ਮੰਡੀ ਵਿਖੇ ਇਕੱਠ ਕੀਤਾ ਗਿਆ ਜਿਸ ਵਿੱਚ ਬਲਾਕ ਲਹਿਰਾ ਦੇ ਜਰਨਲ ਸਕੱਤਰ ਰਾਮਫਲ ਸਿੰਘ ਜਲੂਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ । ਇਸ ਮੌਕੇ ਸਰਬਸੰਮਤੀ ਨਾਲ ਗੁਰਚਰਨ ਸਿੰਘ ਨੂੰ ਪ੍ਰਧਾਨ, ਗੁਰਦੀਪ ਸਿੰਘ ਜਨਰਲ ਸਕੱਤਰ , ਅੰਗਰੇਜ਼ ਸਿੰਘ ਨੂੰ ਮੁੜ ਖਜਾਨਚੀ, ਰਣਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸਤਨਾਮ ਸਿੰਘ ਮੀਤ ਪ੍ਰਧਾਨ, ਬਰਜਿੰਦਰ ਸਿੰਘ ਸਲਾਹਕਾਰ ਤੇ ਅਮਨਦੀਪ ਸਿੰਘ ਨੂੰ ਪ੍ਰਚਾਰ ਸਕੱਤਰ ਚੁਣਿਆ ਗਿਆ । ਇਸ ਤੋਂ ਇਲਾਵਾ ਗਗਨਦੀਪ ਸਿੰਘ ,ਲਖਵਿੰਦਰ ਸਿੰਘ ਮਹਿਕਦੀਪ ਸਿੰਘ, ਦਲਵਾਰਾ ਸਿੰਘ ,ਨਛੱਤਰ ਸਿੰਘ ,ਬਲਜਿੰਦਰ ਸਿੰਘ, ਤਰਲੋਕ ਸਿੰਘ ,ਦਲਬਾਗ ਸਿੰਘ ,ਕਰਨ ਸਿੰਘ, ਸੁਖਵਿੰਦਰ ਸਿੰਘ ,ਚੰਨਾ ਸਿੰਘ ਆਦਿ ਨੂੰ ਮੈਂਬਰ ਨਿਯੁਕਤ ਕੀਤਾ ਗਿਆ । ਨਵੀਂ ਚੁਣੀ ਗਈ ਕਮੇਟੀ ਤੇ ਮੈਂਬਰਾਂ ਨੇ ਕਿਹਾ ਕਿ ਸ ਜਗਜੀਤ ਸਿੰਘ ਡੱਲੇਵਾਲ ਵੱਲੋਂ ਕਿਸਾਨਾਂ ਦੀਆਂ ਅਸਲ ਮੰਗਾਂ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਵਾਉਣ, ਐਮ ਐਸ ਪੀ ਗਰੰਟੀ ਕਾਨੂੰਨ ਬਣਾਉਣ, ਸਮੁੱਚੀ ਕਰਜ਼ਾ ਮੁਕਤੀ ਸਮੇਤ ਸਮੇਂ ਸਮੇਂ ਤੇ ਸਾਹਮਣੇ ਆਉਦੀਆਂ ਕਿਸਾਨੀ ਮੰਗਾਂ ਨੂੰ ਲੈ ਕੇ ਲੜੇ ਜਾ ਰਹੇ ਸੰਘਰਸ਼ਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹੋ ਕੇ ਉਨਾਂ ਦੀ ਅਗਵਾਈ ਚ ਚੱਲਣ ਦਾ ਫੈਸਲਾ ਕੀਤਾ ਸੀ । ਇਸ ਮੌਕੇ ਗੱਲਬਾਤ ਕਰਦਿਆਂ ਰਾਮਫਲ ਸਿੰਘ ਜਲੂਰ ਤੇ ਜਤਿੰਦਰ ਸਿੰਘ ਜਲੂਰ ਨੇ ਕਿਹਾ ਕਿ ਸਰਕਾਰਾਂ ਕਿਸਾਨਾਂ ਦੀਆਂ ਜ਼ਮੀਨਾਂ ਖੋ ਕੇ ਕਾਰਪੋਰੇਟਾਂ ਦੇ ਹਵਾਲੇ ਕਰਨ ਲਈ ਕਾਹਲੀਆਂ ਹਨ ,ਤਾਹੀਓਂ ਕਿਸਾਨ ਵਿਰੋਧੀ ਫੈਸਲੇ ਲੈ ਕੇ, ਫਸਲਾਂ ਦੇ ਉਚਿਤ ਭਾਅ ਨਾ ਦੇ ਕੇ ਤੇ ਬੀਜ, ਖਾਧਾਂ, ਤੇਲ ਆਦਿ ਦੇ ਭਾਵਾਂ ਚ ਬੇਤਹਾਸ਼ਾ ਵਧਾ ਕੇ ਕਿਸਾਨਾਂ ਦਾ ਮੂੰਹ ਖੇਤੀ ਵਾਲੇ ਪਾਸਿਓਂ ਮੋੜਨਾ ਚਾਹੁੰਦੇ ਹਨ

## ਚੁਸਪਿੰਦਰਬੀਰ ਚਹਿਲ ਅੱਜ ਸੰਭਾਲਣਗੇ ਜ਼ਿਲ੍ਹਾ ਪਰਿਸ਼ਦ ਮਾਨਸਾ ਦੇ ਚੇਅਰਮੈਨ ਵਜੋਂ ਅਹੁਦਾ



**ਭੀਖੀ, 26 ਮਈ (ਨਵੀਨ ਕੁਮਾਰ ਸਿੰਗਲਾ):** ਮਾਨਸਾ ਜ਼ਿਲ੍ਹੇ ਦੀ ਰਾਜਨੀਤੀ ਵਿੱਚ ਅੱਜ ਇੱਕ ਮਹੱਤਵਪੂਰਨ ਦਿਨ ਮੰਨਿਆ ਜਾ ਰਿਹਾ ਹੈ, ਜਦੋਂ ਆਮ ਆਦਮੀ ਪਾਰਟੀ ਦੇ ਮਿਹਨਤੀ ਅਤੇ ਨੌਜਵਾਨ ਆਗੂ ਚੁਸਪਿੰਦਰਬੀਰ ਚਹਿਲ ਜ਼ਿਲ੍ਹਾ ਪਰਿਸ਼ਦ ਮਾਨਸਾ ਦੇ ਚੇਅਰਮੈਨ ਵਜੋਂ ਅਹੁਦਾ ਸੰਭਾਲਣਗੇ। ਸਮਰਥਕਾਂ ਅਤੇ ਵਰਕਰਾਂ ਵਿੱਚ ਇਸ ਮੌਕੇ ਨੂੰ ਲੈ ਕੇ ਖਾਸ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਚੁਸਪਿੰਦਰਬੀਰ ਚਹਿਲ ਦਾ ਦਿਲਚਸਪ ਅਤੇ ਸੰਘਰਸ਼ ਭਰਿਆ ਰਿਹਾ ਹੈ। ਕਬੱਡੀ ਦੇ ਮੈਦਾਨਾਂ ਵਿੱਚ ਆਪਣੀ ਖੇਡ ਅਤੇ ਜਜ਼ਬੇ ਨਾਲ ਪਛਾਣ ਬਣਾਉਣ ਵਾਲੇ ਚਹਿਲ ਨੇ ਹੌਲੀ-ਹੌਲੀ ਸਮਾਜ ਸੇਵਾ ਅਤੇ ਲੋਕ ਮੁੱਦਿਆਂ ਨਾਲ ਜੁੜ ਕੇ ਰਾਜਨੀਤੀ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਈ। ਪਿੰਡਾਂ ਅਤੇ ਨੌਜਵਾਨਾਂ ਵਿੱਚ ਉਹਨਾਂ ਦੀ ਚੰਗੀ ਪਕੜ ਮੰਨੀ ਜਾਂਦੀ ਹੈ। ਅਧਿਆਪਕ ਪਿਤਾ ਸੁਖਦੇਵ ਸਿੰਘ ਚਹਿਲ ਦੇ ਘਰ ਮਾਤਾ ਬਲਜੀਤ ਕੌਰ ਦੀ ਕੁੱਖੋਂ ਜਨਮੇ ਚੁਸਪਿੰਦਰਬੀਰ ਚਹਿਲ ਨੇ ਜਿਥੇ ਛੋਟੀ ਉਮਰੇ ਪੜ੍ਹਾਈ ਵਿੱਚ ਮੱਲ੍ਹਾਂ ਮਾਰੀਆਂ ਉਥੇ ਖੇਡਾਂ ਵਿੱਚ ਵੀ ਕਬੱਡੀ ਦਾ ਇੰਟਰਨੈਸ਼ਨਲ ਖਿਡਾਰੀ ਰਿਹਾ। ਉਸਨੇ ਕਬੱਡੀ ਨੈਸ਼ਨਲ ਵੀ ਖੇਡੀ ਅਤੇ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਵੀ ਗੋਲਡ ਮੈਡਲ ਹਾਸਿਲ ਕੀਤਾ। ਚੁਸਪਿੰਦਰਬੀਰ ਦੇ ਪਿਤਾ ਸੁਖਦੇਵ ਸਿੰਘ ਨੇ ਜਿਥੇ ਬੱਚਿਆਂ ਨੂੰ ਵਧੀਆ ਸਿੱਖਿਆ ਦੇ ਕੇ ਰੁਜਗਾਰ ਦੇ ਲੜ ਲਾਇਆ ਉਥੇ ਖੇਡਾਂ ਨਾਲ ਜੋੜ ਕੇ ਵੀ ਉਨਾਂ ਨੂੰ ਖੇਡ ਮੈਦਾਨਾਂ ਵਿੱਚ ਜੌਹਰ ਦਿਖਾਉਣ ਦੇ ਕਾਬਲ ਬਣਾਇਆ। ਚਹਿਲ ਦੇ ਚੇਅਰਮੈਨ ਬਣਨ ਨਾਲ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ। ਵਰਕਰਾਂ ਦਾ ਕਹਿਣਾ ਹੈ ਕਿ ਇੱਕ ਖਿਡਾਰੀ ਸੋਚ ਵਾਲਾ ਨੌਜਵਾਨ ਹੁਣ ਜ਼ਿਲ੍ਹੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਵੇਗਾ। ਅੱਜ ਅਹੁਦਾ ਸੰਭਾਲਣ ਮੌਕੇ ਕਈ ਕੈਬਨਿਟ ਮੰਤਰੀਆਂ ਸਮੇਤ ਵੱਡੀ ਗਿਣਤੀ ਵਿੱਚ ਸਮਰਥਕ ਅਤੇ ਪਾਰਟੀ ਆਗੂ ਪਹੁੰਚਣ ਦੀ ਸੰਭਾਵਨਾ ਹੈ। ਚੁਸਪਿੰਦਰਬੀਰ ਚਹਿਲ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਉਹ ਪਾਰਟੀ ਅਤੇ ਲੋਕਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਮਾਨਸਾ ਜ਼ਿਲ੍ਹੇ ਦੇ ਵਿਕਾਸ ਲਈ ਤਨਦੇਹੀ ਨਾਲ ਕੰਮ ਕਰਨਗੇ।

## ਨਗਰ ਪੰਚਾਇਤ ਭਗਤਾ ਦੀ ਚੋਣ, 'ਚ ਕਰੀਬ 70% ਵੋਟ ਹੋਈ ਪੋਲ



**ਬਠਿੰਡਾ, 26 ਮਈ (ਰਾਜੀਵ ਗੋਇਲ):** ਨਗਰ ਪੰਚਾਇਤ ਭਗਤਾ ਦੇ 13 ਵਾਰਡਾਂ ਦੀ ਚੋਣ ਨੂੰ ਲੈ ਕੇ ਕਰੀਬ 70% ਵੋਟ ਪੋਲ ਹੋਣ ਦੇ ਸੰਕੇਤ ਹਨ। ਸਵੇਰੇ 8 ਵਜੇ ਤੋਂ ਸ਼ੁਰੂ ਹੋਈ ਵੋਟਿੰਗ ਵਿੱਚ ਸਵੇਰੇ-ਸਵੇਰੇ ਵੋਟਰਾਂ ਦਾ ਕਾਫੀ ਇਕੱਠ ਦੇਖਣ ਨੂੰ ਮਿਲਿਆ ਭਾਵੇਂ ਹੀ ਗਰਮੀ ਦਾ ਕਹਿਰ ਜੋਰਾਂ 'ਤੇ ਸੀ ਪਰ ਫੇਰ ਵੀ ਲੋਕਾਂ ਵੱਲੋਂ ਵੱਧ ਚੜ੍ਹ ਕੇ ਆਪਣੀ ਵੋਟ ਦਾ ਇਸਤੇਮਾਲ ਕੀਤਾ ਗਿਆ ਅਤੇ ਕਾਫੀ ਅਜਿਹੇ ਵੋਟਰ ਵੀ ਦੇਖਣ ਨੂੰ ਮਿਲੇ,ਜਿਹਨਾਂ ਵੱਲੋਂ ਪਹਿਲੀ ਵਾਰ ਆਪਣੀ ਵੋਟ ਦਾ ਇਸਤੇਮਾਲ ਕੀਤਾ ਗਿਆ ਤੇ ਵੋਟਰਾਂ,ਚ ਭਾਰੀ ਉਤਸ਼ਾਹ ਵੀ ਦੇਖਣ ਨੂੰ ਮਿਲਿਆ,ਕਿਉਂਕਿ ਇਹਨਾਂ ਵੋਟਾਂ ਵਿੱਚ ਆਪਸੀ ਭਾਈਚਾਰਾ ਭਾਰੂ ਹੋ ਜਾਂਦਾ ਹੈ ਅਤੇ ਰਾਜਨੀਤਿਕ ਦਬਾਅ ਘੱਟ ਜਾਂਦਾ ਹੈ ਇਹਨਾਂ ਵੋਟਾਂ ਦਰਮਿਆਨ ਇਹ ਵੀ ਅੰਦਰੂਨੀ ਸੰਕੇਤ ਮਿਲੇ ਹਨ ਕਿ ਕਾਂਗਰਸ ਅਤੇ ਅਕਾਲੀਦਲ ਨਾਲ ਸੰਬੰਧਤ ਉਮੀਦਵਾਰਾਂ ਦੀ ਝੰਡੀ ਰਹਿ ਸਕਦੀ ਹੈ ਅਤੇ ਆਮ ਆਦਮੀ ਪਾਰਟੀ ਮਹਿਜ ਇੱਕ ਤੋਂ ਤਿੰਨ ਸੀਟਾਂ ਤੱਕ ਸਿਮਟ ਸਕਦੀ ਹੈ ਸ਼ਹਿਰ ਦੇ ਬਹੁ-ਚਰਚਿਤ ਵਾਰਡ ਨੰਬਰ 11 ਵਿੱਚ 1090 ਵਿੱਚੋਂ ਕਰੀਬ 850 ਵੋਟਾਂ ਪੋਲ ਹੋਈਆਂ। ਇਸ ਮੌਕੇ ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧ ਕੀਤੇ ਹੋਏ ਸਨ ਅਤੇ ਐਸ.ਪੀ (ਹੈਡਕੁਆਰਟਰ) ਜਗਦੀਸ਼ ਬਿਸ਼ਨੋਈ ਸਮੇਤ ਡੀ.ਐਸ.ਪੀ ਫੂਲ ਵੱਲੋਂ ਮੌਕੇ ਦਾ ਜਾਇਜ਼ਾ ਵੀ ਲਿਆ ਗਿਆ। ਖ਼ਬਰ ਲਿਖੇ ਜਾਣ ਤੱਕ ਭਗਤਾ ਦੇ ਕਿਸੇ ਵੀ ਵਾਰਡ ਵਿੱਚ ਕਿਸੇ ਵੀ ਕਿਸਮ ਦੀ ਕੋਈ ਵੀ ਅਣਸੁਖਾਵੀਂ ਘਟਨਾ ਦੀ ਖ਼ਬਰ ਨਹੀਂ ਸੀ।

# ਆਈਪੀਐਲ 2026: ਲੀਗ ਪੜਾਅ ਤੋਂ ਬਾਅਦ ਇਸ ਸੀਜ਼ਨ ਦੇ ਸਿਖਰਲੇ 12 ਖਿਡਾਰੀਆਂ ਦੀ ਚੋਣ



**ਮੁੰਬਈ, 26 ਮਈ (ਦੇਸ਼ ਪ੍ਰਦੇਸ਼ ਬਿਊਰੋ):** ਟੀਮ ਇੰਡੀਆ ਅਤੇ ਚੇਨਈ ਸੁਪਰ ਕਿੰਗਜ਼ ਦੇ ਸਾਬਕਾ ਬੱਲੇਬਾਜ਼ ਸੁਬਰਾਮਨੀਅਮ ਬਦਰੀਨਾਥ ਨੇ ਲੀਗ ਪੜਾਅ ਤੋਂ ਬਾਅਦ ਇਸ ਸੀਜ਼ਨ ਦੇ ਸਿਖਰਲੇ 12 ਖਿਡਾਰੀਆਂ ਦੀ ਚੋਣ ਕਰ ਲਈ ਹੈ । ਬਦਰੀਨਾਥ ਨੇ ਦੋ ਤਜਰਬੇਕਾਰ ਖਿਡਾਰੀਆਂ, ਵਿਰਾਟ ਕੋਹਲੀ ਅਤੇ ਕੇਐਲ ਰਾਹੁਲ ਨੂੰ ਆਪਣੀ ਟੀਮ ਵਿੱਚੋਂ ਬਾਹਰ ਕਰ ਦਿੱਤਾ ਹੈ, ਹਾਲਾਂਕਿ ਦੋਵਾਂ ਨੇ ਲੀਗ ਪੜਾਅ ਵਿੱਚ 550 ਤੋਂ ਵੱਧ ਦੌੜਾਂ ਬਣਾਈਆਂ ਹਨ। ਉਸਨੇ ਵਿਸ਼ਵ ਦੇ ਨੰਬਰ ਇੱਕ ਟੀ-20 ਬੱਲੇਬਾਜ਼ ਅਭਿਸ਼ੇਕ ਸ਼ਰਮਾ ਨੂੰ ਵੀ ਬਾਹਰ ਕਰ ਦਿੱਤਾ ਹੈ। 12 ਖਿਡਾਰੀਆਂ ਵਿੱਚੋਂ ਨੌਂ ਉਨ੍ਹਾਂ ਟੀਮਾਂ ਦੇ ਹਨ ਜੋ ਪਲੇਆਫ ਵਿੱਚ ਪਹੁੰਚੀਆਂ ਹਨ। ਇਸ ਸੀਜ਼ਨ ਵਿੱਚ ਪਲੇਆਫ ਵਿੱਚ ਪਹੁੰਚਣ ਵਾਲੀਆਂ ਟੀਮਾਂ ਵਿੱਚ ਰਾਇਲ ਚੈਲੇਂਜਰਜ਼ ਬੰਗਲੌਰ, ਗੁਜਰਾਤ ਟਾਈਟਨਜ਼, ਸਨਰਾਈਜ਼ਰਜ਼ ਹੈਦਰਾਬਾਦ ਅਤੇ ਰਾਜਸਥਾਨ ਰਾਇਲਜ਼ ਸ਼ਾਮਲ ਹਨ। ਬਦਰੀਨਾਥ ਦੀ ਸਰਵੋਤਮ-12 ਟੀਮ ਵਿੱਚ, ਵੈਭਵ ਸੂਰਿਆਵੰਸ਼ੀ ਨੂੰ ਕੋਹਲੀ ਨਾਲੋਂ ਤਰਜੀਹ ਦਿੱਤੀ ਗਈ ਹੈ। ਸ਼ੁਭਮਨ ਗਿੱਲ ਨੂੰ ਉਨ੍ਹਾਂ ਦੇ ਓਪਨਿੰਗ ਸਾਥੀ ਵਜੋਂ ਚੁਣਿਆ ਗਿਆ ਹੈ। ਸਾਈ ਸੁਦਰਸ਼ਨ ਨੂੰ ਤੀਜੇ ਨੰਬਰ 'ਤੇ ਅਤੇ ਹੇਨਰਿਕ ਕਲਾਸੇਨ ਨੂੰ ਚੌਥੇ ਨੰਬਰ 'ਤੇ ਰੱਖਿਆ ਗਿਆ ਹੈ। ਬਦਰੀਨਾਥ ਨੇ ਆਰਸੀਬੀ ਦੇ ਕਪਤਾਨ ਰਜਤ ਪਾਟੀਦਾਰ ਨੂੰ ਪੰਜਵੇਂ ਨੰਬਰ 'ਤੇ ਰੱਖਿਆ ਹੈ। ਆਲਰਾਊਂਡਰਾਂ ਵਿੱਚ, ਬਦਰੀਨਾਥ ਨੇ ਆਪਣੀ ਟੀਮ ਵਿੱਚ ਕਰੁਣਾਲ ਪੰਡਯਾ ਅਤੇ ਕੇਕੇਆਰ ਦੇ ਸੁਨੀਲ ਨਾਰਾਇਣ ਨੂੰ ਸ਼ਾਮਲ ਕੀਤਾ ਹੈ। ਉਨ੍ਹਾਂ ਨੇ ਰਾਸ਼ਿਦ ਖਾਨ ਨੂੰ ਸ਼ਾਮਲ ਨਹੀਂ ਕੀਤਾ ਹੈ, ਜਿਨ੍ਹਾਂ ਨੇ ਇਸ ਸੀਜ਼ਨ ਵਿੱਚ ਗੁਜਰਾਤ ਟਾਈਟਨਜ਼ ਲਈ 19 ਵਿਕਟਾਂ ਲਈਆਂ ਹਨ। ਤੇਜ਼ ਗੇਂਦਬਾਜ਼ੀ ਵਿਭਾਗ ਵਿੱਚ, ਬਦਰੀਨਾਥ ਨੇ ਭੁਵਨੇਸ਼ਵਰ ਕੁਮਾਰ, ਜੋਫਰਾ ਆਰਚਰ ਅਤੇ ਕਾਗਿਸੋ ਰਬਾਡਾ ਨੂੰ ਸ਼ਾਮਲ ਕੀਤਾ ਹੈ। ਉਨ੍ਹਾਂ ਨੇ ਪ੍ਰਿੰਸ ਯਾਦਵ ਜਾਂ ਕਾਰਤਿਕ ਤਿਆਗੀ ਨੂੰ ਚੌਥੇ ਤੇਜ਼ ਗੇਂਦਬਾਜ਼ ਵਜੋਂ ਵੀ ਸ਼ਾਮਲ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਟਾਸ-ਅੱਪ ਹੋਵੇਗਾ, ਕਿਉਂਕਿ ਦੋਵੇਂ ਸ਼ਾਨਦਾਰ ਹਨ। ਜੋ ਵੀ ਸ਼ਾਮਲ ਕੀਤਾ ਜਾਵੇਗਾ ਉਹ ਚੰਗਾ ਪ੍ਰਦਰਸ਼ਨ ਕਰੇਗਾ। ਬਦਰੀਨਾਥ ਨੇ ਸੀਐਸਕੇ ਸਪਿਨਰ ਅਕੀਲ ਹੁਸੈਨ ਨੂੰ ਪ੍ਰਭਾਵਤ ਉਪ ਵਜੋਂ ਸ਼ਾਮਲ ਕੀਤਾ। ਆਈਪੀਐਲ 2026 ਲੀਗ ਪੜਾਅ ਲਈ ਐੱਸ. ਬਦਰੀਨਾਥ ਦੇ ਸਭ ਤੋਂ ਵਧੀਆ ਪਲੇਇੰਗ 12: ਵੈਭਵ ਸੂਰਿਆਵੰਸ਼ੀ, ਸ਼ੁਭਮਨ ਗਿੱਲ, ਸਾਈ ਸੁਦਰਸ਼ਨ, ਹੇਨਰਿਕ ਕਲਾਸੇਨ, ਰਜਤ ਪਾਟੀਦਾਰ, ਕਰੁਣਾਲ ਪੰਡਯਾ, ਸੁਨੀਲ ਨਾਰਾਇਣ, ਭੁਵਨੇਸ਼ਵਰ ਕੁਮਾਰ, ਜੋਫਰਾ ਆਰਚਰ, ਕਾਗਿਸੋ ਰਬਾਡਾ, ਪ੍ਰਿੰਸ ਯਾਦਵ/ਕਾਰਤਿਕ ਤਿਆਗੀ (ਪ੍ਰਭਾਵ ਖਿਡਾਰੀ - ਅਕੀਲ ਹੁਸੈਨ)। ਇਸ ਦੌਰਾਨ, ਮੌਜੂਦਾ ਚੈਂਪੀਅਨ ਰਾਇਲ ਚੈਲੇਂਜਰਜ਼ ਬੰਗਲੌਰ ਮੰਗਲਵਾਰ ਨੂੰ ਧਰਮਸ਼ਾਲਾ ਦੇ ਐਚਪੀਸੀਏ ਸਟੇਡੀਅਮ ਵਿੱਚ ਕੁਆਲੀਫਾਇਰ 1 ਵਿੱਚ ਗੁਜਰਾਤ ਟਾਈਟਨਜ਼ ਦਾ ਸਾਹਮਣਾ ਕਰੇਗਾ। ਇਸ ਹਾਈ-ਵੋਲਟੇਜ ਮੈਚ ਦਾ ਜੇਤੂ ਐਤਵਾਰ ਨੂੰ ਅਹਿਮਦਾਬਾਦ ਵਿੱਚ ਸਿੱਧੇ ਫਾਈਨਲ ਵਿੱਚ ਪਹੁੰਚ ਜਾਵੇਗਾ, ਜਦੋਂ ਕਿ ਹਾਰਨ ਵਾਲੇ ਨੂੰ ਖਿਤਾਬੀ ਮੈਚ ਵਿੱਚ ਪਹੁੰਚਣ ਲਈ ਕੁਆਲੀਫਾਇਰ 2 ਖੇਡਣਾ ਪਵੇਗਾ। ਆਰਸੀਬੀ ਦੇ ਬਹੁਤ ਸਾਰੇ ਖਿਡਾਰੀ ਸ਼ਾਨਦਾਰ ਫਾਰਮ ਵਿੱਚ ਹਨ। ਕਪਤਾਨ ਰਜਤ ਪਾਟੀਦਾਰ ਸ਼ਾਨਦਾਰ ਫਾਰਮ ਵਿੱਚ ਹਨ, ਜਦੋਂ ਕਿ ਵਿਰਾਟ ਕੋਹਲੀ, ਦੇਵਦੱਤ ਪਾਟੀਦਾਰ, ਵੈਂਕਟੇਸ਼ ਅਈਅਰ ਅਤੇ ਟਿਮ ਡੇਵਿਡ ਵੀ ਲਗਾਤਾਰ ਪ੍ਰਦਰਸ਼ਨ ਕਰ ਰਹੇ ਹਨ। ਨਵੀਂ ਗੇਂਦ ਨਾਲ, ਜੋਸ਼ ਹੇਜ਼ਲਵੁੱਡ ਅਤੇ ਭੁਵਨੇਸ਼ਵਰ ਕੁਮਾਰ ਦੀ ਜੋੜੀ ਨੇ ਲਗਾਤਾਰ ਵਿਕਟਾਂ ਲਈਆਂ ਹਨ, ਜਦੋਂ ਕਿ ਕਰੁਣਾਲ ਪੰਡਯਾ ਨੇ ਆਪਣੀ ਕਿਫਾਇਤੀ ਗੇਂਦਬਾਜ਼ੀ ਨਾਲ ਟੀਮ ਨੂੰ ਮਜ਼ਬੂਤੀ ਦਿੱਤੀ ਹੈ। ਇਸ ਦੌਰਾਨ, ਸੀਜ਼ਨ ਦੇ ਆਖਰੀ ਪੜਾਅ ਵਿੱਚ ਗੁਜਰਾਤ ਟਾਈਟਨਜ਼ ਦੀ ਸਫਲਤਾ ਉਨ੍ਹਾਂ ਦੇ ਮਜ਼ਬੂਤ ਪ੍ਰਦਰਸ਼ਨ ਕਾਰਨ ਹੈ। ਨਵੀਂ ਗੇਂਦ ਨਾਲ, ਜੋਸ਼ ਹੇਜ਼ਲਵੁੱਡ ਅਤੇ ਭੁਵਨੇਸ਼ਵਰ ਕੁਮਾਰ ਦੀ ਜੋੜੀ ਨੇ ਲਗਾਤਾਰ ਵਿਕਟਾਂ ਦਿੱਤੀਆਂ ਹਨ, ਜਦੋਂ ਕਿ ਕਰੁਣਾਲ ਪੰਡਯਾ ਨੇ ਆਪਣੀ ਕਿਫਾਇਤੀ ਗੇਂਦਬਾਜ਼ੀ ਨਾਲ ਟੀਮ ਨੂੰ ਮਜ਼ਬੂਤੀ ਦਿੱਤੀ ਹੈ। ਦੂਜੇ ਪਾਸੇ, ਸੀਜ਼ਨ ਦੇ ਆਖਰੀ ਪੜਾਵਾਂ ਵਿੱਚ ਗੁਜਰਾਤ ਟਾਈਟਨਜ਼ ਦੀ ਸਫਲਤਾ ਦਾ ਆਧਾਰ ਉਨ੍ਹਾਂ ਦਾ ਗੇਂਦਬਾਜ਼ੀ ਹਮਲਾ ਰਿਹਾ ਹੈ। ਮੁਹੰਮਦ ਸਿਰਾਜ, ਕਾਗੀਸੋ ਰਬਾਡਾ ਅਤੇ ਪ੍ਰਸਿਧ ਕ੍ਰਿਸ਼ਨਾ ਨੇ ਨਵੀਂ ਗੇਂਦ ਨਾਲ ਵਿਰੋਧੀਆਂ 'ਤੇ ਦਬਾਅ ਪਾਇਆ ਹੈ, ਜਦੋਂ ਕਿ ਰਾਸ਼ਿਦ ਖਾਨ ਅਤੇ ਜੇਸਨ ਹੋਲਡਰ ਨੇ ਵਿਚਕਾਰਲੇ ਓਵਰਾਂ ਦੌਰਾਨ ਸ਼ਾਨਦਾਰ ਕੰਟਰੋਲ ਦਾ ਪ੍ਰਦਰਸ਼ਨ ਕੀਤਾ ਹੈ।

# ਖੇਡਾਂ ਹੀ ਤੰਦਰੁਸਤ ਸਮਾਜ ਦੀ ਸਿਰਜਣਾ ਕਰ ਸਕਦੀਆਂ : ਸੁਖਜਿੰਦਰ ਬਾਜਵਾ, ਪਰਮਿੰਦਰ ਭਲਵਾਨ




**ਪਟਿਆਲਾ, 26 ਮਈ (ਰਾਜਿੰਦਰ ਸਿੰਘ ਥਿੰਦ):** ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ,ਸਪੈਸ਼ਲ ਡੀ ਜੀ ਪੀ ਕਮਾਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਉਂ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ,ਐਸ ਪੀ ਹੈਡਕੁਆਰਟਰ- ਕਮ ਜ਼ਿਲਾ ਕਮਾਊਨਟੀ ਅਫੇਅਰ ਅਫ਼ਸਰ ਵੈਭਵ ਚੌਧਰੀ ਦੀ ਅਗਵਾਈ ਹੇਠ ਜੂਡੋ ਦੇ ਅੰਤਰਰਾਸ਼ਟਰੀ, ਰਾਸ਼ਟਰੀ ਅਤੇ ਰਾਜ ਪੱਧਰੀ ਖਿਡਾਰੀਆਂ ਨੂੰ ਸਨਮਾਨਿਤ ਕਰਨ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੋਸਲਿੰਗ ਸੈਲ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ।ਇਸ ਮੌਕੇ ਸਤੀਸ਼ ਕੁਮਾਰ ਗੋਇਲ ਪ੍ਰਿੰਸੀਪਲ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਨਿਊ ਪਾਵਰ ਹਾਊਸ ਕਲੋਨੀ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਸਾਰੇ ਆਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ।ਵਿਸ਼ੇਸ਼ ਤੌਰ ਤੇ ਵਰਿੰਦਰ ਸਿੰਘ ਸੋਸਲ ਮੀਡੀਆ ਸੈਲ ਪਟਿਆਲਾ ਪੁਲਿਸ,ਸੁਰਿੰਦਰ ਕੁਮਾਰ ਇੰਚਾਰਜ ਸਾਂਝ ਕੇਂਦਰ ਸਿਟੀ 1 ਪਟਿਆਲਾ ,ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਉਪਕਾਰ ਸਿੰਘ , ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ਼ ਆਫ ਕਾਮਰਸ,ਮੈਡਮ ਈਦੂ , ਮੈਡਮ ਮੱਧੂ ,ਅਜੀਤ ਵਾਲੀਆ, ਹਰਮਨਜੀਤ ਸਿੰਘ ਰੰਧਾਵਾ, ਰਾਜ ਕੁਮਾਰ, ਭਿੰਦਰ ਜਲਵੇੜਾ ,ਇੰਦਰ ਸਿੰਘ ਵੀ ਹਾਜਰ ਸਨ। ਇਸ ਮੌਕੇ ਕੁਰਾਸ ਜੂਡੋ ਟ ?ਰੇਨਿੰਗ ਸੈਂਟਰ ਸਾਹਿਬ ਨਗਰ ਥੇੜੀ ਦੇ ਕੋਚ ਸੁਰਜੀਤ ਸਿੰਘ ਵਾਲੀਆ ਅਤੇ ਉਹਨਾਂ ਦੇ ਖਿਡਾਰੀਆਂ ਵੀਰ ਦਵਿੰਦਰ ਸਿੰਘ ਅੰਤਰਰਾਸ਼ਟਰੀ ਮੈਡਲਿਸਟ,ਟੀਨਾ ਅੰਤਰਰਾਸ਼ਟਰੀ ਖਿਡਾਰੀ, ਹਰਨੂਰ ਨਾਗਰਾ ਅੰਤਰਰਾਸ਼ਟਰੀ ਖਿਡਾਰੀ,ਨੀਲਮ ਅੰਤਰਰਾਸ਼ਟਰੀ ਮੈਡਲਿਸਟ, ਰਜਨੀ ਅੰਤਰਰਾਸ਼ਟਰੀ ਮੈਡਲਿਸਟ, ਈਸ਼ਾ ਬਰਾਲਾ ਨੈਸ਼ਨਲ ਮੈਡਲਿਸਟ,ਜੈ ਪਾਲ ਬਰਾਲਾ ਨੈਸ਼ਨਲ ਮੈਡਲਿਸਟ, ਵਰਦਾਨ, ਅਭਿਜੀਤ, ਸਾਰੇ ਨੈਸ਼ਨਲ ਮੈਡਲਿਸਟ, ਭਾਵਿਕਾ, ਰੀਤਮਾਨ,ਰਮਨੀਤ ਸਟੇਟ ਮੈਡਲਿਸਟ,ਸਿਮਰਨ,ਕਰਮਨ ਇੰਟਰਨੈਸ਼ਨਲ ਮੈਡਲਿਸਟ ਕੁਰਾਸ,ਸੁਭਦੀਪ ਆਨੰਦ,ਮਨਸੀਰਤ, ਦਰੁਵੀ,ਕੁਸਮ ਸਾਰੇ ਸਟੇਟ ਮੈਡਲਿਸਟ ਜੂਡੋ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆ ਜ਼ਿਲ੍ਹਾ ਸਾਝ ਕੇਂਦਰ ਪਟਿਆਲਾ ਪੁਲਿਸ ਦੇ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਨੇ ਜੂਡੋ ਦੇ ਅੰਤਰਰਾਸ਼ਟਰੀ, ਰਾਸ਼ਟਰੀ ਅਤੇ ਰਾਜ ਪੱਧਰੀ ਖਿਡਾਰੀਆਂ ਨੂੰ ਪਟਿਆਲਾ ਪੁਲਿਸ ਵੱਲੋਂ ਸਰਟੀਫਿਕੇਟ ਦੇ ਕੇ ਸਨਮਾਨਿਤ ਕਰਦਿਆਂ ਕਿਹਾ ਕਿ ਇਹਨਾਂ ਨੌਜਵਾਨਾਂ ਵੱਲੋਂ ਖੇਡਾਂ ਵਿੱਚ ਜਿਥੇ ਆਪਣੇ ਕੋਚ ਸੁਰਜੀਤ ਸਿੰਘ ਵਾਲੀਆ ਅਤੇ ਮਾ ਬਾਪ ਦਾ ਨਾਮ ਰੋਸ਼ਨ ਕੀਤਾ ਹੈ ਉਥੇ ਹੀ ਪਟਿਆਲਾ ਜ਼ਿਲ੍ਹੇ ਦਾ ਨਾਮ ਵੀ ਅੰਤਰਰਾਸ਼ਟਰੀ ਪੱਧਰ ਰੋਸ਼ਨ ਕੀਤਾ ਹੈ। ਉਹਨਾਂ ਕਿਹਾ ਕਿ ਖੇਡਾਂ ਹੀ ਨਿਰੋਏ ਸਮਾਜ ਦੀ ਸਿਰਜਣਾ ਕਰ ਸਕਦੀਆਂ ਹਨ ਇਸ ਲਈ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡਾਂ ਵੱਲ ਰੁਚੀ ਲੈਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਖੇਡਾਂ ਵੱਲ ਰੁਚੀ ਲੈਣ ਨਾਲ ਨਸ਼ਿਆਂ ਤੋਂ ਵੀ ਦੂਰ ਰਹਿ ਸਕਦੇ ਹਨ । ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਅਤੇ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਨੇ ਸ਼ਕਤੀ ਐਪ,ਪੀ ਪੀ ਸਾਂਝ ਐਪ ਅਤੇ ਸਾਈਬਰ ਸੁਰੱਖਿਆ, ਬੱਚਿਆਂ ਔਰਤਾਂ , ਬਜ਼ੁਰਗਾਂ ਦੀ ਸੁਰੱਖਿਆ ਲਈ ਸ਼ੁਰੂ ਕੀਤੇ 112,181,1091 ਨੰਬਰਾਂ ਬਾਰੇ ਵੀ ਖਿਡਾਰੀਆਂ ਨੂੰ ਜਾਣਕਾਰੀ ਦਿੱਤੀ। ਫੋਟੋ ਕੈਪਸਨ, ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਵੱਲੋਂ ਜੂਡੋ ਦੇ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਖਿਡਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਇੰਚਾਰਜ ਸੁਖਜਿੰਦਰ ਸਿੰਘ ਬਾਜਵਾ, ਸਤੀਸ਼ ਗੋਇਲ, ਪਰਮਿੰਦਰ ਭਲਵਾਨ ਅਤੇ ਹੋਰ ।

# ਤੇਲ ਕੀਮਤਾਂ 'ਚ ਵਾਧੇ ਖ਼ਿਲਾਫ਼ ਹਲਕਾ ਆਤਮ ਨਗਰ ਦੇ ਵਿਧਾਇਕ ਕੁਲਵੰਤ ਸਿੱਧੂ ਨੇ ਕੀਤੀ ਪ੍ਰੈਸ ਕਾਨਫਰੰਸ



**ਲੁਧਿਆਣਾ, 26 ਮਈ (ਸੂਰਜ):** ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਸੋਮਵਾਰ ਨੂੰ ਪਿਛਲੇ ਕੁਝ ਦਿਨਾਂ ਦੌਰਾਨ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧੇ 'ਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਖ਼ਤ ਆਲੋਚਨਾ ਕਰਦਿਆਂ ਕਿਹਾ ਕਿ ਤੇਲ ਦੀਆਂ ਵਧਦੀਆਂ ਕੀਮਤਾਂ ਨੇ ਆਮ ਆਦਮੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ ਅਤੇ ਘਰੇਲੂ ਬਜਟ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਦੋਸ਼ ਲਗਾਇਆ ਕਿ ਮਹਿੰਗਾਈ ਨੇ ਜਨਤਾ ਦੀ ਕਮਰ ਤੋੜ ਦਿੱਤੀ ਹੈ ਅਤੇ ਲੋਕ ਆਪਣੇ ਰੋਜ਼ਾਨਾ ਦੇ ਖਰਚਿਆਂ ਦਾ ਪ੍ਰਬੰਧਨ ਕਰਨ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁਸ਼ਕਲ ਸਮੇਂ ਵਿੱਚ ਰਾਹਤ ਦੇਣ ਦੀ ਬਜਾਏ, ਕੇਂਦਰ ਸਰਕਾਰ ਨੇ ਆਮ ਨਾਗਰਿਕਾਂ ਨੂੰ ਇੱਕਲਾ ਛੱਡ ਦਿੱਤਾ ਹੈ। ਵਿਧਾਇਕ ਸਿੱਧੂ ਨੇ ਕਿਹਾ ਕਿ ਆਰਥਿਕ ਤੰਗੀ ਦੇ ਸਮੇਂ ਵਿੱਚ ਲੋਕਾਂ ਨਾਲ ਖੜ੍ਹੇ ਹੋਣਾ ਸਰਕਾਰ ਦੀ ਜ਼ਿੰਮੇਵਾਰੀ ਹੈ, ਪਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਮਹਿੰਗਾਈ ਨੂੰ ਕੰਟਰੋਲ ਕਰਨ ਅਤੇ ਜਨਤਾ ਨੂੰ ਰਾਹਤ ਦੇਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਆਉਣ ਵਾਲੇ ਝੋਨੇ ਦੇ ਸੀਜ਼ਨ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਹੁਣ ਟਰੈਕਟਰਾਂ, ਟਿਊਬਵੈੱਲਾਂ ਅਤੇ ਹੋਰ ਖੇਤੀਬਾੜੀ ਮਸ਼ੀਨਰੀ ਲਈ ਡੀਜ਼ਲ 'ਤੇ ਵਧੇਰੇ ਖਰਚ ਕਰਨਾ ਪਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧੇ ਨਾਲ ਆਵਾਜਾਈ ਦੀਆਂ ਲਾਗਤਾਂ ਵਿੱਚ ਵੀ ਵਾਧਾ ਹੋਵੇਗਾ, ਜਿਸ ਨਾਲ ਸਬਜ਼ੀਆਂ, ਫਲ, ਅਨਾਜ ਅਤੇ ਹੋਰ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਧ ਜਾਣਗੀਆਂ। ਉਨ੍ਹਾਂ ਕਿਹਾ ਕਿ ਕਿਸਾਨ, ਮਜ਼ਦੂਰ, ਮੱਧ ਵਰਗ ਦੇ ਪਰਿਵਾਰ ਅਤੇ ਰੋਜ਼ਾਨਾ ਦਿਹਾੜੀਦਾਰ ਲੋਕ ਤੇਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧੇ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋਣਗੇ ਤੇ ਉਨ੍ਹਾਂ ਨੇ ਕੇਂਦਰ ਸਰਕਾਰ ਤੋਂ ਲੋਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਤੁਰੰਤ ਦਖਲ ਦੇਣ ਦੀ ਮੰਗ ਕੀਤੀ ਹੈ।

# ਗੋਲਡਨ ਅਰਥ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਜਿੱਤੇ ਮੈਡਲ




**ਮੁੱਲਾਂਪੁਰ ਦਾਖਾ, 26 ਮਈ (ਤਰਸੇਮ ਸਿੰਘ ਸੇਮੀ):** ਜੀ.ਐਚ.ਜੀ ਐਕਡਮੀ ਕੋਠੇ ਬੱਗੂ (ਜਗਰਾਉਂ) ਵਿਖੇ ਕਰਾਟੇ ਦੀਆਂ ਹੋਈਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਗੋਲਡਨ ਅਰਥ ਕਾਨਵੈਂਟ ਸਕੂਲ ਪੰਡੋਰੀ ਦੇ 26 ਵਿਦਿਆਰਥੀਆਂ ਨੇ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜਿਹਨਾ ਵਿੱਚੋਂ 20 ਵਿਦਿਆਰਥੀਆਂ ਨੇ ਸੋਨੇ, ਚਾਂਦੀ ਅਤੇ ਕਾਂਸੀ ਦੇ ਮੈਡਲ ਜਿੱਤਕੇ ਸਕੂਲ ਅਤੇ ਮਾਂਪਿਆਂ ਦਾ ਨਾਮ ਰੋਸ਼ ਕੀਤਾ ।ਜਤਨਜੋਤ ਕੌਰ, ਤਰਨਪ੍ਰੀਤ ਸਿੰਘ, ਅਰਾਧਿਆ, ਅਮਰਵੀਰ ਸਿੰਘ, ਪ੍ਰਭਦੀਪ ਸਿੰਘ, ਗੁਰਨੂਰ ਸਿੰਘ, ਸਹਿਜਦੀਪ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨੇ ਦੇ ਤਗਮੇ ਹਾਸਲ ਕੀਤੇ । ਸਿਮਰਨਜੋਤ ਸਿੰਘ, ਨਿਹਾਲ, ਹਰਦ੍ਰਿਸ਼ਟ, ਨਿਮਰਤ, ਦਮਨਦੀਪ ਸਿੰਘ, ਅਨੁਰੀਤ ਕੌਰ, ਜਸ਼ਕੀਰਤ ਸਿੰਘ ਅਤੇ ਹਰਕੀਰਤ ਸਿੰਘ ਨੇ ਚਾਂਦੀ ਅਤੇ ਪਰਮੀਤ ਕੌਰ, ਗੁਰਕੀਰਤ ਕੌਰ, ਗੁਰਮੀਨ ਕੌਰ, ਮਨੋਹਰਸੇਨ ਕੌਰ, ਜਸਲੀਨ ਕੌਰ ਅਤੇ ਤਨਵੀਰ ਕੌਰ ਨੇ ਕਾਂਸੀ ਦੇ ਤਗ਼ਮੇ ਹਾਸਲ ਕੀਤੇ। ਖੇਡਾਂ ਦੌਰਾਨ ਵਿਦਿਆਰਥੀਆਂ ਨਾਲ ਕੋਚ ਰਾਜ ਕੁਮਾਰ, ਤਰਨਜੀਤ ਕੌਰ ਅਤੇ ਮੈਡਮ ਸੰਧਿਆ ਹਾਜਰ ਸਨ। ਜੇਤੂਆਂ ਦਾ ਸਕੂਲ ਪੁੱਜਣ 'ਤੇ ਚੇਅਰਮੈਨ ਬਲਦੇਵ ਕ੍ਰਿਸ਼ਨ ਅਰੋੜਾ , ਵਾਈਸ ਚੇਅਰਮੈਨ ਗੁਲਸ਼ਨ ਲੂਥਰਾ, ਪ੍ਰਧਾਨ ਡਾ: ਮਨਿੰਦਰਪਾਲ ਅਰੋੜਾ, ਵਾਈਸ ਪ੍ਰਧਾਨ ਰਾਜੀਵ ਕੁਮਾਰ ਅਰੋੜਾ, ਪ੍ਰਿੰਸੀਪਲ ਗੁਰਪ੍ਰੀਤ ਕੌਰ, ਸੁਪਰਵਾਈਜ਼ਰ ਹਰਪ੍ਰੀਤ ਕੌਰ ਵਿਰਕ, ਕੋਆਰਡੀਨੇਟਰ ਮਨਜੀਤ ਕੌਰ ਅਤੇ ਸਮੂਹ ਸਟਾਫ਼ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਨਿੱਘਾ ਸਵਾਗਤ ਕੀਤਾ ।

# ਜਥੇਦਾਰ ਦਾਦੂਵਾਲ ਨੇ ਆਪਣੇ ਟਰੱਸਟ ਵੱਲੋਂ ਹਰਿਆਣਾ ਕਮੇਟੀ ਨੂੰ ਸੌਂਪਿਆ 10 ਲੱਖ ਦਾ ਚੈੱਕ ਤੇ

## ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਦਾ ਕੀਤਾ ਸਨਮਾਨ




**ਲੁਧਿਆਣਾ, 26 ਮਈ (ਸਰਬਜੀਤ ਸੂਫੀ):** ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ 24 ਮਈ ਨੂੰ ਕੀਤੇ ਗਏ ਵਿਸ਼ੇਸ਼ ਸ਼ੁਕਰਾਨਾ ਸਮਾਗਮ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ (ਰਜਿ) ਵਲੋਂ ਵਿੱਦਿਆ ਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚੇ ਬੱਚੀਆਂ ਦਾ ਹੌਸਲਾਂ ਅਫਜਾਈ ਕਰਨ ਵਾਸਤੇ ਨਕਦ ਰਾਸ਼ੀ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਦੇ ਨਾਲ ਹੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਕੇ ਲੰਗਰ ਦੀ ਸੇਵਾ ਵਿੱਚ ਜੋ 12 ਅਪ੍ਰੈਲ ਨੂੰ ਗੁਰਦੁਆਰਾ ਦਾਦੂ ਸਾਹਿਬ ਵਿਖੇ ਪੰਥਕ ਇਕੱਤਰਤਾ ਵਿੱਚ 10 ਲੱਖ ਰੁਪਏ ਹਰਿਆਣਾ ਕਮੇਟੀ ਨੂੰ ਗੁਰੂ ਕੇ ਲੰਗਰ ਸੇਵਾ ਲਈ ਭੇਟ ਕਰਨ ਦਾ ਐਲਾਨ ਕੀਤਾ ਸੀ ਦਾ ਚੈੱਕ ਕਮੇਟੀ ਦੇ ਅਹੁਦੇਦਾਰ ਮੈਂਬਰ ਸਾਹਿਬਾਨਾਂ ਨੂੰ ਭੇਂਟ ਕੀਤਾ ਗਿਆ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਆਪਣੇ ਸੁੱਖ ਸੇਵਾ ਸਿਮਰਨ ਟਰੱਸਟ ਵੱਲੋਂ ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੇ ਵਿਆਹ,ਬਿਮਾਰਾਂ ਦਾ ਇਲਾਜ,ਲੋੜਵੰਦ ਸਕੂਲੀ ਬੱਚਿਆਂ ਦੀਆਂ ਫੀਸਾਂ ਭਰਨ ਦੇ ਕਾਰਜ ਹਮੇਸ਼ਾ ਕਰਦੇ ਰਹਿੰਦੇ ਹਨ ਅਤੇ ਹੁਣ ਉਨਾਂ ਨੇ ਵਿੱਦਿਆ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਹੈ ਕੋਚ ਅਧਿਆਪਕ ਰਾਜਪਾਲ ਸਿੰਘ ਲੱਕੜਵਾਲੀ ਵੱਲੋਂ ਤਿਆਰ ਕੀਤੀ ਲੜਕੀਆਂ ਦੀ ਕਬੱਡੀ ਟੀਮ ਜਿਸ ਨੇ ਪਿਛਲੇ ਦਿਨੀ ਫਿਰੋਜ਼ਪੁਰ ਤੋਂ ਕਬੱਡੀ ਕੱਪ ਜਿੱਤਿਆ ਅਤੇ ਪੰਜਾਬ ਵਿੱਚੋਂ ਵੀ ਦੋ ਵਾਰ ਗੋਲਡ ਮੈਡਲ ਜਿੱਤਣਾ ਕੀਤਾ ਸੀ ਜਥੇਦਾਰ ਦਾਦੂਵਾਲ ਜੀ ਨੇ ਕੋਚ ਰਾਜਪਾਲ ਸਮੇਤ 12 ਬੱਚੀਆਂ ਨੂੰ ਪੰਜ ਪੰਜ ਕਿਲੋ ਬਦਾਮਾਂ ਦੀਆਂ ਟੋਕਰੀਆਂ ਭੇਂਟ ਕੀਤੀਆਂ ਇਸ ਦੇ ਨਾਲ ਹੀ ਪਿੰਡ ਦਾਦੂ ਸਾਹਿਬ ਦੇ ਸਰਕਾਰੀ ਸਕੂਲ ਵਿੱਚ ਦਸਵੀਂ ਕਲਾਸ ਚੋਂ 92% ਨੰਬਰ ਲੈ ਕੇ ਅੱਵਲ ਆਈ ਬੱਚੀ ਰੁਪਿੰਦਰਜੀਤ ਕੌਰ ਪਿੰਡ ਦਾਦੂ ਸਾਹਿਬ ਅਤੇ ਪਲੱਸ ਟੂ ਵਿੱਚੋਂ 87% ਨੰਬਰ ਲੈ ਕੇ ਅੱਵਲ ਰਹਿਣ ਵਾਲੀ ਪਿੰਡ ਦਾਦੂ ਸਾਹਿਬ ਦੀ ਬੱਚੀ ਰਮਨਦੀਪ ਕੌਰ ਅਤੇ ਪਿੰਡ ਤਿਲੋਕੇਵਾਲਾ ਦੀ ਬੱਚੀ ਪਰਵਿੰਦਰ ਕੌਰ ਜੋ ਗੱਤਕੇ ਵਿੱਚ ਗੋਲਡ ਮੈਡਲ ਜਿੱਤੀ ਹੈ ਨੂੰ 2100 - 2100 ਦੇ ਵਿਸ਼ੇਸ਼ ਇਨਾਮ ਦਿੱਤੇ ਇਸ ਦੇ ਨਾਲ ਹੀ ਸਰਕਾਰੀ ਸਕੂਲ ਦਾਦੂ ਸਾਹਿਬ ਦੇ ਪ੍ਰਿੰਸੀਪਲ ਡਾਕਟਰ ਵਿਨੋਦ ਪ੍ਰਕਾਸ਼ ਪਿੰਡ ਝੋਰੜ ਰੋਹੀ ਦੇ ਪ੍ਰਿੰਸੀਪਲ ਮਨੋਜ ਕੁਮਾਰ,ਅਧਿਆਪਕ ਅਵਤਾਰ ਸਿੰਘ,ਅਧਿਆਪਕ ਕੁਲਵਿੰਦਰ ਸਿੰਘ ਸਮੇਤ ਸਮੂੰਹ ਅਧਿਆਪਕਾਂ ਨੂੰ ਸਿਰਪਾਉ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਅਤੇ ਸਰਕਾਰੀ ਸਕੂਲ ਪਿੰਡ ਦਾਦੂ ਸਾਹਿਬ ਲਈ ਇੱਕ ਕੰਪਿਊਟਰ ਸੈਟ ਭੇਂਟ ਕੀਤਾ ਭਾਈ ਬਰਾੜ ਨੇ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਵੱਲੋਂ ਬੱਚੇ ਬੱਚੀਆਂ ਨੂੰ ਧਰਮ ਖੇਡਾਂ ਅਤੇ ਪੜਾਈ-ਲਿਖਾਈ ਵੱਲ ਪ੍ਰੇਰਿਤ ਕਰਨ ਵਾਸਤੇ ਹੌਸਲਾ ਅਫਜਾਈ ਲਈ ਵੱਡੇ ਕਾਰਜ ਕੀਤੇ ਜਾਂਦੇ ਹਨ।

# ਵਾਰਡ ਨੰਬਰ 11 ਦੀਆਂ ਮਹਿਲਾ ਉਮੀਦਵਾਰਾਂ ਨੇ ਦਿੱਤੀ ਭਾਈਚਾਰੇ ਦੀ ਮਿਸਾਲ



**ਲੌਂਗੋਵਾਲ, 26 ਮਈ (ਰਵੀ ਗਰਗ):** ਨਗਰ ਕੌਂਸਲ ਲੌਂਗੋਵਾਲ ਦੀਆਂ ਚੋਣਾਂ ਦੌਰਾਨ ਵਾਰਡ ਨੰਬਰ 11 ਵਿੱਚ ਚੋਣ ਮੈਦਾਨ ਵਿੱਚ ਉਤਰੀਆਂ ਤਿੰਨ ਮਹਿਲਾ ਉਮੀਦਵਾਰਾਂ ਰਛਪਾਲ ਕੌਰ, ਸਰਬਜੀਤ ਕੌਰ ਅਤੇ ਸੁਸ਼ੀਲ ਰਾਣੀ ਨੇ ਆਪਸੀ ਸਾਂਝ ਅਤੇ ਭਾਈਚਾਰੇ ਦੀ ਸੁੰਦਰ ਮਿਸਾਲ ਪੇਸ਼ ਕੀਤੀ। ਵੋਟਿੰਗ ਦੌਰਾਨ ਤਿੰਨਾਂ ਉਮੀਦਵਾਰਾਂ ਨੇ ਕਿਸੇ ਵੀ ਤਰ੍ਹਾਂ ਦੇ ਮੱਤਭੇਦ ਤੋਂ ਉੱਪਰ ਉੱਠਦਿਆਂ ਬੂਥ 'ਤੇ ਅਮਨ-ਸ਼ਾਂਤੀ ਦਾ ਮਾਹੌਲ ਬਣਾਈ ਰੱਖਿਆ ਅਤੇ ਇਕੱਠੇ ਬੈਠ ਕੇ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦਾ ਨਿਰਭੀਕ ਹੋ ਕੇ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੌਜੂਦ ਲੋਕਾਂ ਨੇ ਕਿਹਾ ਕਿ ਲੋਕਤੰਤਰ ਵਿੱਚ ਇਸ ਤਰ੍ਹਾਂ ਦੀ ਸਾਂਝ ਅਤੇ ਸਦਭਾਵਨਾ ਹੋਰ ਉਮੀਦਵਾਰਾਂ ਲਈ ਵੀ ਪ੍ਰੇਰਨਾ ਸਰੂਪ ਹੈ।

# ਵੜਿੰਗ ਦੀ ਭਵਿੱਖਬਾਣੀ 'ਤੇ ਕਾਕਾ ਬਰਾੜ ਦਾ ਪਲਟਵਾਰ



**ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼):** ਮੁਕਤਸਰ 'ਚ ਨਗਰ ਕੌਂਸਲ ਚੋਣਾਂ ਲਈ ਵੋਟਿੰਗ ਦੌਰਾਨ ਸਿਆਸਤ ਪੂਰੀ ਤਰ੍ਹਾਂ ਗਰਮਾ ਗਈ ਹੈ। ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਵੋਟ ਪਾਉਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁਕਤਸਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ 'ਤੇ ਤਿੱਖਾ ਨਿਸ਼ਾਨਾ ਸਾਧਿਆ। ਵੜਿੰਗ ਨੇ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਆਪ ਪਾਰਟੀ ਕਾਕਾ ਬਰਾੜ ਨੂੰ ਟਿਕਟ ਨਹੀਂ ਦੇਵੇਗੀ। ਉਨ੍ਹਾਂ ਕਿਹਾ, 'ਮੇਰੀ ਭਵਿੱਖਬਾਣੀ ਹੈ ਕਿ ਮੁਕਤਸਰ ਤੋਂ ਕਾਕਾ ਬਰਾੜ ਦੀ ਟਿਕਟ ਕੱਟੀ ਜਾਵੇਗੀ, ਇਸ ਲਈ ਮੁਕਤਸਰ ਦੇ ਲੋਕ ਸੋਚ-ਸਮਝ ਕੇ ਵੋਟ ਪਾਉਣ।' ਵਿਕਾਸ ਦੇ ਮੁੱਦੇ 'ਤੇ ਬਰਾੜ ਨੂੰ ਘੇਰਦਿਆਂ ਵੜਿੰਗ ਨੇ ਕਿਹਾ ਕਿ ਸਾਢੇ ਚਾਰ ਸਾਲ ਵਿਧਾਇਕ ਰਹਿੰਦਿਆਂ ਜੋ ਵਿਅਕਤੀ ਕੁਝ ਨਹੀਂ ਕਰ ਸਕਿਆ, ਉਹ ਨਗਰ ਕੌਂਸਲ ਚੋਣਾਂ ਜਿੱਤ ਕੇ ਵੀ ਕੁਝ ਨਹੀਂ ਕਰੇਗਾ। ਹਾਲਾਂਕਿ, ਉਨ੍ਹਾਂ ਇਹ ਵੀ ਕਿਹਾ ਕਿ ਉਹ ਕਾਕਾ ਬਰਾੜ ਦੀ ਇੱਜ਼ਤ ਕਰਦੇ ਹਨ ਕਿਉਂਕਿ ਉਹ ਚੰਗੇ ਇਨਸਾਨ ਹਨ, ਪਰ ਮੁਕਤਸਰ 'ਚ ਕੰਮ ਨਹੀਂ ਹੋਇਆ। ਇਸ ਬਿਆਨ 'ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਤਿੱਖਾ ਪਲਟਵਾਰ ਕੀਤਾ। ਉਨ੍ਹਾਂ ਵੜਿੰਗ ਨੂੰ ਨਸੀਹਤ ਦਿੱਤੀ ਕਿ ਉਹ ਉਨ੍ਹਾਂ (ਬਰਾੜ) ਦੀ ਟਿਕਟ ਦੀ ਫ਼ਿਕਰ ਛੱਡਣ ਅਤੇ ਆਪਣੀ ਸੂਬਾ ਪ੍ਰਧਾਨ ਦੀ ਕੁਰਸੀ ਸੰਭਾਲਣ। ਬਰਾੜ ਨੇ ਕਿਹਾ, ਰਾਜਾ ਵੜਿੰਗ ਆਪਣੀ ਪ੍ਰਧਾਨਗੀ ਦੀ ਕੁਰਸੀ ਫੜ ਕੇ ਰੱਖਣ, ਜੋ ਕੁਝ ਸਮੇਂ ਬਾਅਦ ਉਨ੍ਹਾਂ ਦੇ ਹੱਥੋਂ ਨਿਕਲਣ ਵਾਲੀ ਹੈ। ਵਿਕਾਸ ਦੇ ਦਾਅਵਿਆਂ ਨੂੰ ਲੈ ਕੇ ਬਰਾੜ ਨੇ ਵੜਿੰਗ ਨੂੰ ਉਨ੍ਹਾਂ ਦੇ ਤਿੰਨ ਕਾਰਜਕਾਲਾਂ ਦੀ ਯਾਦ ਦਿਵਾਈ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਖ਼ੁਦ ਤਿੰਨ ਵਾਰ ਗਿੱਦੜਬਾਹਾ ਤੋਂ ਵਿਧਾਇਕ ਰਹੇ ਹਨ। ਉਹ ਮੁਕਤਸਰ ਵਿੱਚ ਹੋਏ ਵਿਕਾਸ ਕਾਰਜਾਂ ਦੀ ਤੁਲਨਾ ਆਪਣੀ ਤਿੰਨ ਵਾਰ ਦੀ ਟਰਮ ਨਾਲ ਕਰ ਲੈਣ, ਮੁਕਤਸਰ ਵਿੱਚ ਜ਼ਿਆਦਾ ਵਿਕਾਸ ਹੋਇਆ ਹੈ। ਬਰਾੜ ਨੇ ਚੋਣਵੀਂ ਚੁਣੌਤੀ ਵੀ ਦਿੱਤੀ ਅਤੇ ਕਿਹਾ ਕਿ ਜੇਕਰ ਰਾਜਾ ਵੜਿੰਗ ਉਨ੍ਹਾਂ ਦੇ ਮੁਕਾਬਲੇ ਚੋਣ ਲੜਨਾ ਚਾਹੁੰਦੇ ਹਨ ਤਾਂ ਉਹ ਤਿਆਰ ਹਨ।

# ਗੱਡੇ 'ਤੇ ਸਵਾਰ ਹੋ ਕੇ ਰਾਜਾ ਵੜਿੰਗ ਪਤਨੀ ਨਾਲ ਪਹੁੰਚੇ ਵੋਟ ਪਾਉਣ



**ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼):** ਨਗਰ ਕੌਂਸਲ ਚੋਣਾਂ ਦੌਰਾਨ ਸ਼ ?ਰੀ ਮੁਕਤਸਰ ਸਾਹਿਬ ਦੇ ਵਾਰਡ ਨੰ: 26 ਵਿੱਚ ਬਣੇ ਬੂਥ ਨੰ: 70 'ਤੇ ਜਾਅਲੀ ਵੋਟ ਪੈਣ ਦਾ ਮਾਮਲਾ ਸਾਹਮਣੇ ਆਉਣ ਨਾਲ ਮਾਹੌਲ ਤਣਾਅਪੂਰਨ ਹੋ ਗਿਆ। ਸ਼ਹਿਰ ਦੀ ਇੱਕ ਗਊਸ਼ਾਲਾ ਦੇ ਪ੍ਰਧਾਨ ਅਮ੍ਰਿਤ ਲਾਲ ਖੁਰਾਣਾ ਉਸ ਵੇਲੇ ਹੈਰਾਨ ਰਹਿ ਗਏ ਜਦੋਂ ਉਹ ਆਪਣੀ ਵੋਟ ਪਾਉਣ ਲਈ ਬੂਥ 'ਤੇ ਪੁੱਜੇ ਤਾਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਉਨ੍ਹਾਂ ਦੀ ਵੋਟ ਪਹਿਲਾਂ ਹੀ ਕੋਈ ਹੋਰ ਨੀਰਜ਼ ਨਾਮ ਦਾ ਵਿਅਕਤੀ ਪਾ ਚੁੱਕਾ ਹੈ ਤੇ ਆਪਣੇ ਨਾਮ ਦੇ ਦਸਤਖ਼ਤ ਵੀ ਕਰ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਅਮ੍ਰਿਤ ਲਾਲ ਖੁਰਾਣਾ ਨੇ ਕਿਹਾ ਕਿ ਇਹ ਲੋਕਤੰਤਰਿਕ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਉਨ੍ਹਾਂ ਨੂੰ ਆਪਣੀ ਵੋਟ ਪਾਉਣ ਦਾ ਅਧਿਕਾਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਜਾਅਲੀ ਵੋਟ ਪਾਉਣ ਵਾਲੇ ਵਿਅਕਤੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਇਸ ਵਿੱਚ ਲਾਪਰਵਾਹੀ ਕਰਨ ਵਾਲੇ ਸੰਬੰਧਿਤ ਅਧਿਕਾਰੀਆਂ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਜਾਵੇ। ਉਨ੍ਹਾਂ ਚੋਣ ਕਮਿਸ਼ਨ ਨੂੰ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਦੀ ਅਪੀਲ ਕੀਤੀ। ਜਾਣਕਾਰੀ ਅਨੁਸਾਰ ਪ੍ਰੀਜ਼ਾਈਡਿੰਗ ਅਫ਼ਸਰ ਦੀਪਕ ਕੁਮਾਰ ਵੱਲੋਂ ਜਾਅਲੀ ਪਾਈ ਗਈ ਵੋਟ ਨੂੰ ਰੱਦ ਕਰਨ ਦੀ ਗੱਲ ਆਖੀ ਗਈ ਸੀ, ਪਰ ਦੁਪਹਿਰ 3:30 ਵਜੇ ਤੱਕ ਵੀ ਵੋਟ ਰੱਦ ਨਹੀਂ ਕੀਤੀ ਗਈ। ਇਸ ਤੋਂ ਬਾਅਦ ਸ਼ਾਮ 5 ਵਜੇ ਤੱਕ ਇਸੇ ਬੂਥ 'ਤੇ ਹੋਰ 3 ਤੋਂ 4 ਜਾਅਲੀ ਵੋਟਾਂ ਪੈਣ ਦੀਆਂ ਖ਼ਬਰਾਂ ਵੀ ਸਾਹਮਣੇ ਆਈਆਂ ਤੇ ਉਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕਰਨੀ ਵੀ ਜਰੂਰੀ ਨਹੀਂ ਸਮਝੀ, ਜਿਸ ਕਾਰਨ ਪ੍ਰਬੰਧਾਂ 'ਤੇ ਸਵਾਲੀਆਂ ਨਿਸ਼ਾਨ ਲੱਗ ਰਹੇ ਹਨ। ਮਾਮਲਾ ਗਰਮਾਉਣ 'ਤੇ ਥਾਣਾ ਸਿਟੀ ਦੇ ਇੰਚਾਰਜ ਮੈਡਮ ਰਵਿੰਦਰ ਕੌਰ ਬਰਾੜ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਸੰਭਾਲਿਆ ਅਤੇ ਸੁਰੱਖਿਆ ਪ੍ਰਬੰਧ ਕੜੇ ਕੀਤੇ। ਭਾਵੇਂ ਬਾਅਦ ਵਿੱਚ ਹਾਲਾਤ ਕਾਬੂ ਵਿੱਚ ਰਹੇ, ਪਰ ਕੁਝ ਸਮੇਂ ਲਈ ਬੂਥ 'ਤੇ ਤਣਾਅ ਵਾਲਾ ਮਾਹੌਲ ਬਣਿਆ ਰਿਹਾ।

# ਵਾਰਡ ਨੰ: 26 ਦੇ ਬੂਥ ਨੰ: 70 'ਤੇ ਜਾਅਲੀ ਵੋਟ ਪੈਣ ਦਾ ਮਾਮਲਾ ਗਰਮਾਇਆ



**ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼):** ਨਗਰ ਕੌਂਸਲ ਚੋਣਾਂ ਦੌਰਾਨ ਸ਼ ?ਰੀ ਮੁਕਤਸਰ ਸਾਹਿਬ ਦੇ ਵਾਰਡ ਨੰ: 26 ਵਿੱਚ ਬਣੇ ਬੂਥ ਨੰ: 70 'ਤੇ ਜਾਅਲੀ ਵੋਟ ਪੈਣ ਦਾ ਮਾਮਲਾ ਸਾਹਮਣੇ ਆਉਣ ਨਾਲ ਮਾਹੌਲ ਤਣਾਅਪੂਰਨ ਹੋ ਗਿਆ। ਸ਼ਹਿਰ ਦੀ ਇੱਕ ਗਊਸ਼ਾਲਾ ਦੇ ਪ੍ਰਧਾਨ ਅਮ੍ਰਿਤ ਲਾਲ ਖੁਰਾਣਾ ਉਸ ਵੇਲੇ ਹੈਰਾਨ ਰਹਿ ਗਏ ਜਦੋਂ ਉਹ ਆਪਣੀ ਵੋਟ ਪਾਉਣ ਲਈ ਬੂਥ 'ਤੇ ਪੁੱਜੇ ਤਾਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਉਨ੍ਹਾਂ ਦੀ ਵੋਟ ਪਹਿਲਾਂ ਹੀ ਕੋਈ ਹੋਰ ਨੀਰਜ਼ ਨਾਮ ਦਾ ਵਿਅਕਤੀ ਪਾ ਚੁੱਕਾ ਹੈ ਤੇ ਆਪਣੇ ਨਾਮ ਦੇ ਦਸਤਖ਼ਤ ਵੀ ਕਰ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਅਮ੍ਰਿਤ ਲਾਲ ਖੁਰਾਣਾ ਨੇ ਕਿਹਾ ਕਿ ਇਹ ਲੋਕਤੰਤਰਿਕ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਉਨ੍ਹਾਂ ਨੂੰ ਆਪਣੀ ਵੋਟ ਪਾਉਣ ਦਾ ਅਧਿਕਾਰ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਜਾਅਲੀ ਵੋਟ ਪਾਉਣ ਵਾਲੇ ਵਿਅਕਤੀ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਨਾਲ ਹੀ ਇਸ ਵਿੱਚ ਲਾਪਰਵਾਹੀ ਕਰਨ ਵਾਲੇ ਸੰਬੰਧਿਤ ਅਧਿਕਾਰੀਆਂ ਨੂੰ ਵੀ ਜ਼ਿੰਮੇਵਾਰ ਠਹਿਰਾਇਆ ਜਾਵੇ। ਉਨ੍ਹਾਂ ਚੋਣ ਕਮਿਸ਼ਨ ਨੂੰ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਦੀ ਅਪੀਲ ਕੀਤੀ। ਜਾਣਕਾਰੀ ਅਨੁਸਾਰ ਪ੍ਰੀਜ਼ਾਈਡਿੰਗ ਅਫ਼ਸਰ ਦੀਪਕ ਕੁਮਾਰ ਵੱਲੋਂ ਜਾਅਲੀ ਪਾਈ ਗਈ ਵੋਟ ਨੂੰ ਰੱਦ ਕਰਨ ਦੀ ਗੱਲ ਆਖੀ ਗਈ ਸੀ, ਪਰ ਦੁਪਹਿਰ 3:30 ਵਜੇ ਤੱਕ ਵੀ ਵੋਟ ਰੱਦ ਨਹੀਂ ਕੀਤੀ ਗਈ। ਇਸ ਤੋਂ ਬਾਅਦ ਸ਼ਾਮ 5 ਵਜੇ ਤੱਕ ਇਸੇ ਬੂਥ 'ਤੇ ਹੋਰ 3 ਤੋਂ 4 ਜਾਅਲੀ ਵੋਟਾਂ ਪੈਣ ਦੀਆਂ ਖ਼ਬਰਾਂ ਵੀ ਸਾਹਮਣੇ ਆਈਆਂ ਤੇ ਉਨ੍ਹਾਂ ਨੇ ਮੀਡੀਆ ਨਾਲ ਗੱਲਬਾਤ ਕਰਨੀ ਵੀ ਜਰੂਰੀ ਨਹੀਂ ਸਮਝੀ, ਜਿਸ ਕਾਰਨ ਪ੍ਰਬੰਧਾਂ 'ਤੇ ਸਵਾਲੀਆਂ ਨਿਸ਼ਾਨ ਲੱਗ ਰਹੇ ਹਨ। ਮਾਮਲਾ ਗਰਮਾਉਣ 'ਤੇ ਥਾਣਾ ਸਿਟੀ ਦੇ ਇੰਚਾਰਜ ਮੈਡਮ ਰਵਿੰਦਰ ਕੌਰ ਬਰਾੜ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਨੂੰ ਸੰਭਾਲਿਆ ਅਤੇ ਸੁਰੱਖਿਆ ਪ੍ਰਬੰਧ ਕੜੇ ਕੀਤੇ। ਭਾਵੇਂ ਬਾਅਦ ਵਿੱਚ ਹਾਲਾਤ ਕਾਬੂ ਵਿੱਚ ਰਹੇ, ਪਰ ਕੁਝ ਸਮੇਂ ਲਈ ਬੂਥ 'ਤੇ ਤਣਾਅ ਵਾਲਾ ਮਾਹੌਲ ਬਣਿਆ ਰਿਹਾ।

# ਡੀਐਮਓ ਦਫ਼ਤਰ 'ਚ ਬਣੇ ਇੱਕ ਬੂਥ 'ਤੇ ਉਲਟਾ ਲਿਖਿਆ ਹੋਇਆ ਨਜ਼ਰ ਆਇਆ ਭਾਰਤ ਚੋਣ ਕਮਿਸ਼ਨ



**ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼):** ਨਗਰ ਕੌਂਸਲ ਚੋਣਾਂ ਦੌਰਾਨ ਨਵੀਂ ਦਾਣਾ ਮੰਡੀ ਡੀਐਮਓ ਦਫ਼ਤਰ ਵਿਖੇ ਬਣੇ ਪੋਲਿੰਗ ਬੂਥ 'ਤੇ ਉਸ ਵੇਲੇ ਚਰਚਾ ਦਾ ਮਾਹੌਲ ਬਣ ਗਿਆ ਜਦੋਂ ਇੱਕ ਵੋਟਿੰਗ ਬਕਸਾ ਦੇ ਉਪਰ ਰੱਖਿਆ ਬਕਸਾ ਉਲਟਾ ਰੱਖਿਆ ਹੋਇਆ ਨਜ਼ਰ ਆਇਆ, ਜਿਸ 'ਤੇ ਭਾਰਤ ਚੋਣ ਕਮਿਸ਼ਨ ਉਲਟਾ ਲਿਖਿਆ ਹੋਇਆ ਨਜ਼ਰ ਆਇਆ। ਇਹ ਮਾਮਲਾ ਮੰਡੀ 'ਚ ਮੌਜੂਦ ਡੀਐਮਓ ਦਫ਼ਤਰ 'ਚ ਬਣੇ ਇੱਕ ਬੂਥ ਨਾਲ ਸੰਬੰਧਿਤ ਦੱਸਿਆ ਜਾ ਰਿਹਾ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਚੋਣਾਂ ਵਰਗੇ ਸੰਵੇਦਨਸ਼ੀਲ ਮੌਕੇ 'ਤੇ ਇਸ ਤਰ੍ਹਾਂ ਦੀ ਲਾਪਰਵਾਹੀ ਸਵਾਲ ਖੜੇ ਕਰਦੀ ਹੈ। ਹਾਲਾਂਕਿ ਚੋਣ ਅਧਿਕਾਰੀਆਂ ਵੱਲੋਂ ਇਸ ਮਾਮਲੇ ਨੂੰ ਸਿਰਫ਼ ਤਕਨੀਕੀ ਗਲਤੀ ਕਰਾਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਵੋਟਿੰਗ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਸੁਰੱਖਿਅਤ ਢੰਗ ਨਾਲ ਕਰਵਾਈ ਜਾ ਰਹੀ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਗੜਬੜ ਦੀ ਕੋਈ ਗੁੰਜਾਇਸ਼ ਨਹੀਂ। ਇਸ ਘਟਨਾ ਤੋਂ ਬਾਅਦ ਵਿਰੋਧੀ ਧਿਰਾਂ ਨੇ ਵੀ ਚੋਣ ਪ੍ਰਬੰਧਾਂ 'ਤੇ ਸਵਾਲ ਚੁੱਕਣੇ ਸ਼ੁਰੂ ਕਰ ਦਿੱਤੇ ਹਨ। ਫਿਲਹਾਲ ਮਾਮਲਾ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਅਤੇ ਲੋਕ ਚੋਣ ਕਮਿਸ਼ਨ ਤੋਂ ਸਪਸ਼ਟੀਕਰਨ ਦੀ ਮੰਗ ਕਰ ਰਹੇ ਹਨ।

# ਪੰਜਾਬ ਐਸ.ਸੀ. ਕਮਿਸ਼ਨ ਨੇ ਰਾਜਾ ਵੜਿੰਗ ਦੇ ਵਾਇਰਲ ਆਡੀਓ ਮਾਮਲੇ 'ਚ ਲਿਆ ਸੂ-ਮੋਟੋ ਨੋਟਿਸ



**ਸ਼੍ਰੀ ਮੁਕਤਸਰ ਸਾਹਿਬ, 26 ਮਈ (ਆਦੇਸ਼):** ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨਾਲ ਜੁੜੀ ਇੱਕ ਕਥਿਤ ਆਡੀਓ ਕਲਿੱਪ ਨੂੰ ਲੈ ਕੇ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਵਾਇਰਲ ਆਡੀਓ 'ਚ "ਇੱਕ ਹਜ਼ਾਰ ਵਿੱਚ ਢੇਡ, ਦੋ ਹਜ਼ਾਰ ਵਿੱਚ ਭੇਡ ਵਰਗੀ ਇਤਰਾਜ਼ਯੋਗ ਟਿੱਪਣੀ ਸੁਣਾਈ ਦੇਣ ਦਾ ਦਾਅਵਾ ਕੀਤਾ ਜਾ ਰਿਹਾ ਹੈ। ਮਾਮਲੇ ਦਾ ਖ਼ੁਦ ਨੋਟਿਸ ਲੈਂਦਿਆਂ ਕਮਿਸ਼ਨ ਨੇ ਮੁਕਤਸਰ ਦੇ ਐੱਸਐੱਸਪੀ ਨੂੰ 29 ਮਈ ਸਵੇਰੇ 9 ਵਜੇ ਨਿੱਜੀ ਤੌਰ 'ਤੇ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨ ਦੀ ਇਹ ਕਾਰਵਾਈ ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ ਵੱਲੋਂ ਭੇਜੇ ਗਏ ਸੰਦੇਸ਼ ਦੇ ਆਧਾਰ 'ਤੇ ਹੋਈ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਐਕਟ-2004 ਦੀ ਧਾਰਾ 10 ਤਹਿਤ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਕਮਿਸ਼ਨ ਨੇ ਪੁਲਿਸ ਨੂੰ ਆਡੀਓ ਸੈਂਪਲ ਦੀ ਫੋਰੈਂਸਿਕ ਜਾਂਚ ਕਰਵਾਉਣ ਅਤੇ ਪੂਰੀ ਤੱਥਾਂ ਅਧਾਰਤ ਰਿਪੋਰਟ ਸੌਂਪਣ ਲਈ ਕਿਹਾ ਹੈ। ਨੋਟਿਸ 'ਚ ਸਪੱਸ਼ਟ ਕੀਤਾ ਗਿਆ ਹੈ ਕਿ ਹੁਕਮ ਨਾ ਮੰਨਣ ਦੀ ਸੂਰਤ ਵਿੱਚ ਕਮਿਸ਼ਨ ਸਿਵਲ ਅਦਾਲਤ ਵਰਗੀਆਂ ਸ਼ਕਤੀਆਂ ਦੀ ਵਰਤੋਂ ਕਰ ਸਕਦਾ ਹੈ। ਦੂਜੇ ਪਾਸੇ, ਰਾਜਾ ਵੜਿੰਗ ਨੇ 'ਐਕਸ' (ਟਵਿੱਟਰ) 'ਤੇ ਪੋਸਟ ਪਾ ਕੇ ਇਸ ਆਡੀਓ ਨੂੰ ਫਰਜ਼ੀ ਦੱਸਿਆ ਹੈ। ਉਨ੍ਹਾਂ ਕਿਹਾ ਕਿ ਕਰੀਬ ਸੱਤ ਸਾਲ ਪੁਰਾਣੀ ਫਰਜ਼ੀ ਆਡੀਓ ਹੁਣ ਐੱਸਸੀ ਕਮਿਸ਼ਨ ਰਾਹੀਂ ਉਨ੍ਹਾਂ ਨੂੰ ਬਦਨਾਮ ਕਰਨ ਲਈ ਵਰਤੀ ਜਾ ਰਹੀ ਹੈ। ਵੜਿੰਗ ਦਾ ਦਾਅਵਾ ਹੈ ਕਿ ਇੱਕ ਬੱਚਾ ਵੀ ਦੱਸ ਸਕਦਾ ਹੈ ਕਿ ਉਹ ਆਵਾਜ਼ ਉਨ੍ਹਾਂ ਦੀ ਨਹੀਂ ਹੈ। ਉਨ੍ਹਾਂ ਨੇ 'ਆਪ' ਸਰਕਾਰ 'ਤੇ ਸੰਸਥਾਵਾਂ ਦੀ ਦੁਰਵਰਤੋਂ ਅਤੇ ਸਿਆਸੀ ਬਦਲਾਖੋਰੀ ਦਾ ਦੋਸ਼ ਲਗਾਇਆ। ਨਾਲ ਹੀ ਫਰਜ਼ੀ ਸਮੱਗਰੀ ਫੈਲਾਉਣ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੀ ਚਿਤਾਵਨੀ ਦਿੱਤੀ ਹੈ। ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋਈ ਇਸ ਕਲਿੱਪ ਤੋਂ ਬਾਅਦ ਸਿਆਸੀ ਮਾਹੌਲ ਗਰਮਾ ਗਿਆ ਹੈ। ਫਿਲਹਾਲ ਪੁਲਿਸ ਆਡੀਓ ਦੀ ਸੱਚਾਈ ਅਤੇ ਆਵਾਜ਼ ਦੇ ਮਿਲਾਨ ਦੀ ਜਾਂਚ ਵਿੱਚ ਜੁਟੀ ਹੋਈ ਹੈ।

# ਫਿਰੋਜ਼ਪੁਰ 'ਚ 5 ਗਲੌਕ ਪਿਸਤੌਲ ਸਮੇਤ ਹਥਿਆਰ ਸਪਲਾਇਰ ਕਾਬੂ, ਸਰਹੱਦ ਪਾਰੋਂ ਚੈਨਲਾਂ ਰਾਹੀਂ ਭਾਰਤ 'ਚ ਤਸਕਰੀ ਕੀਤੇ ਹਥਿਆਰ ਬਰਾਮਦ: ਯਾਦਵ




**ਫਿਰੋਜ਼ਪੁਰ, 26 ਮਈ (ਪਰੇਸ਼ ਕੁਮਾਰ ਡਿੰਪੀ):** ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਵਿੱਚ ਕਾਊਂਟਰ ਇੰਟੈਲੀਜੈਂਸ (ਸੀਆਈ) ਫਿਰੋਜ਼ਪੁਰ ਨੇ ਇੱਕ ਹਥਿਆਰ ਸਪਲਾਇਰ ਨੂੰ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ ਅਤੇ ਉਸ ਦੇ ਕਬਜ਼ੇ ਵਿੱਚੋਂ ਪੰਜ .30 ਬੋਰ ਗਲੌਕ ਪਿਸਤੌਲ ਨਾਲ ਚਾਰ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਲਖਵਿੰਦਰ ਸਿੰਘ ਵਾਸੀ ਪਿੰਡ ਖੇੜਾ ਕੇ ਉੱਤਰ, ਫਿਰੋਜ਼ਪੁਰ ਵਜੋਂ ਹੋਈ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦਾ ਪੁਰਾਣਾ ਅਪਰਾਧਿਕ ਰਿਕਾਰਡ ਹੈ ਅਤੇ ਉਹ ਇੱਕ ਮਹੀਨਾ ਹੀ ਪਹਿਲਾਂ ਜੇਲ੍ਹ ਤੋਂ ਰਿਹਾਅ ਹੋਇਆ ਸੀ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਿਆ ਹੈ ਕਿ ਬਰਾਮਦ ਕੀਤੇ ਗਏ ਹਥਿਆਰ ਕਥਿਤ ਤੌਰ 'ਤੇ ਸਰਹੱਦ ਪਾਰੋਂ ਚੈਨਲਾਂ ਰਾਹੀਂ ਭਾਰਤ ਵਿੱਚ ਤਸਕਰੀ ਕੀਤੇ ਗਏ ਸਨ ਅਤੇ ਇਨ੍ਹਾਂ ਹਥਿਆਰਾਂ ਨੂੰ ਨੈੱਟਵਰਕ ਰਾਹੀਂ ਅੱਗੇ ਭੇਜਣ ਦਾ ਇਰਾਦਾ ਸੀ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਮਾਡਿਊਲ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਪਛਾਣ ਕੀਤੀ ਜਾ ਸਕੇ। ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਏਆਈਜੀ ਸੀਆਈ ਫਿਰੋਜ਼ਪੁਰ ਗੁਰਸੇਵਕ ਸਿੰਘ ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਸ਼ੱਕੀ ਲਖਵਿੰਦਰ ਸਿੰਘ ਦੇ ਖੇਤਰ ਵਿੱਚ ਹਥਿਆਰ ਸਪਲਾਈ ਕਰਨ ਬਾਰੇ ਭਰੋਸੇਯੋਗ ਜਾਣਕਾਰੀ ਮਿਲੀ ਸੀ। ਤੇਜ਼ੀ ਨਾਲ ਕਾਰਵਾਈ ਕਰਦਿਆਂ ਸੀਆਈ ਫਿਰੋਜ਼ਪੁਰ ਦੀ ਪੁਲਿਸ ਟੀਮ ਨੇ ਫਿਰੋਜ਼ਪੁਰ ਦੇ ਕੁਲਗੜ੍ਹੀ ਖੇਤਰ ਵਿੱਚ ਗੁਪਤ ਕਾਰਵਾਈ ਕਰਕੇ ਲਖਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਅੱਗੇ ਦੱਸਿਆ ਕਿ ਉਸਦੀ ਤਲਾਸ਼ੀ ਦੌਰਾਨ ਪੁਲਿਸ ਪਾਰਟੀ ਨੇ ਪੰਜ ਆਧੁਨਿਕ ਹਥਿਆਰਾਂ ਦੀ ਖੇਪ ਬਰਾਮਦ ਕੀਤੀ। ਏਆਈਜੀ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਇਹ ਹਥਿਆਰ ਆਪਣੇ ਹੈਂਡਲਰ ਦੇ ਨਿਰਦੇਸ਼ਾਂ 'ਤੇ ਅਪਰਾਧਿਕ ਸਮੂਹਾਂ ਦੇ ਕਾਰਕੁੰਨਾਂ ਨੂੰ ਸਪਲਾਈ ਕਰਨੇ ਸਨ। ਉਨ੍ਹਾਂ ਕਿਹਾ ਕਿ ਜਾਂਚ ਅੱਗੇ ਵਧਣ ਨਾਲ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਅਤੇ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ। ਇਸ ਸਬੰਧੀ ਕੇਸ ਥਾਣਾ ਕੁਲਗੜ੍ਹੀ, ਫਿਰੋਜ਼ਪੁਰ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫਆਈਆਰ ਨੰਬਰ 103 ਮਿਤੀ 25-05-2026 ਦਰਜ ਕੀਤਾ ਗਿਆ ਹੈ।

# ਸਿਹਤ ਵਿਭਾਗ ਆਇਆ ਹਰਕਤ ਵਿੱਚ, ਲੋਕਾਂ ਨੂੰ ਜਾਗਰੂਕ ਕਰਨ ਲਈ ਸ਼ੁਰੂ ਕੀਤੇ ਜਾਗਰੂਕਤਾ ਕੈਂਪ



**ਨੂਰਪੁਰਬੇਦੀ, 26 ਮਈ (ਮਨਦੀਪ ਬਾਲੀ):** ਬਲਾਕ ਨੂਰਪੁਰਬੇਦੀ ਦੇ ਪਿੰਡਾਂ ਵਿੱਚ ਐਚਪੀਵੀ ਟੀਕਾਕਰਨ ਮੁਹਿੰਮ ਸਬੰਧੀ ਜਾਗਰੂਕਤਾ ਦੀ ਕਮੀ ਨੂੰ ਲੈ ਕੇ ਅਦਾਰਾ ਦੇਸ਼ ਪ੍ਰਦੇਸ਼ ਵੱਲੋਂ ਮੁੱਦਾ ਪ੍ਰਮੁੱਖਤਾ ਨਾਲ ਉਠਾਏ ਜਾਣ ਤੋਂ ਬਾਅਦ ਹੁਣ ਸਿਹਤ ਵਿਭਾਗ ਹਰਕਤ ਵਿੱਚ ਆ ਗਿਆ ਹੈ। ਵਿਭਾਗ ਵੱਲੋਂ ਪਿੰਡ ਪੱਧਰ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਕੈਂਪ ਲਗਾਉਣ ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਤਹਿਤ ਜ਼ਿਲ੍ਹਾ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਪ੍ਰੀਤ ਕੌਰ ਦੇ ਹੁਕਮਾਂ ਅਨੁਸਾਰ ਮੁਹੱਲਾ ਕਲੀਨਿਕ ਅਬਿਆਣਾ ਵਿਖੇ ਐਚਪੀਵੀ ਟੀਕਾਕਰਨ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਮੈਡੀਕਲ ਅਫਸਰ ਡਾਕਟਰ ਜੋਤਵੰਸ਼ ਸਿੰਘ ਵੱਲੋਂ ਵੱਖ-ਵੱਖ ਪਿੰਡਾਂ ਤੋਂ ਪਹੁੰਚੇ 50 ਤੋਂ ਵੱਧ ਨਾਗਰਿਕਾਂ ਨੂੰ ਸਰਵਾਈਕਲ ਕੈਂਸਰ ਅਤੇ ਇਸ ਤੋਂ ਬਚਾਅ ਲਈ ਲਗਾਏ ਜਾਣ ਵਾਲੇ ਐਚਪੀਵੀ ਟੀਕੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ 16 ਤੋਂ 18 ਸਾਲ ਦੀਆਂ ਲੜਕੀਆਂ ਦਾ ਸਮੇਂ ਸਿਰ ਟੀਕਾਕਰਨ ਕਰਵਾਉਣ ਤਾਂ ਜੋ ਭਵਿੱਖ ਵਿੱਚ ਇਸ ਗੰਭੀਰ ਅਤੇ ਜਾਨਲੇਵਾ ਬਿਮਾਰੀ ਤੋਂ ਬਚਿਆ ਜਾ ਸਕੇ। ਡਾਕਟਰ ਜੋਤਵੰਸ਼ ਸਿੰਘ ਨੇ ਕਿਹਾ ਕਿ ਐਚਪੀਵੀ ਟੀਕਾ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਬਹੁਤ ਪ੍ਰਭਾਵਸ਼ਾਲੀ ਮੰਨਿਆ ਜਾਂਦਾ ਹੈ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਜਾਂ ਗਲਤ ਧਾਰਣਾਵਾਂ ਤੋਂ ਦੂਰ ਰਹਿਣਾ ਚਾਹੀਦਾ ਹੈ। ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਹੁਣ ਵਿਭਾਗ ਵੱਲੋਂ ਸਿਰਫ ਹਸਪਤਾਲਾਂ ਤੱਕ ਸੀਮਤ ਰਹਿਣ ਦੀ ਬਜਾਏ ਪਿੰਡ ਪੱਧਰ ਤੇ ਲਗਾਤਾਰ ਜਾਗਰੂਕਤਾ ਕੈਂਪ ਲਗਾਏ ਜਾਣਗੇ। ਕਰੋਨਾ ਕਾਲ ਵਾਂਗ ਸਿਹਤ ਿ ਪੇਂਡੂ ਡਿਸਪੈਂਸਰੀਆਂ ਅਤੇ ਸਬ ਸੈਂਟਰਾਂ ਤੇ ਵੀ ਲੱਗਣੇ ਚਾਹੀਦੇ ਹਨ ਇਹ ਟੀਕੇ: ਜਾਣਕਾਰੀ ਮੁਤਾਬਿਕ ਸਰਕਾਰ ਅਤੇ ਸਿਹਤ ਵਿਭਾਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਟੀਕਾਕਰਨ ਸਿਰਫ ਵੱਡੇ ਸਰਕਾਰੀ ਹਸਪਤਾਲ ਸਿੰਘਪੁਰ ਵਿਖੇ ਹੀ ਕੀਤਾ ਜਾਵੇਗਾ। ਜਿਸ ਦੇ ਚਲਦਿਆਂ ਵੱਖ ਵੱਖ ਪਿੰਡਾਂ ਤੋਂ ਲੋਕਾਂ ਨੂੰ ਉੱਥੇ ਪਹੁੰਚਕੇ ਇਹ ਟੀਕੇ ਲਗਵਾਉਣ ਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਸ ਲਈ ਵਿਭਾਗ ਨੂੰ ਇਸ ਟੀਕਾਕਰਨ ਦੀ ਦਰ ਨੂੰ ਹੋਰ ਵਧਾਉਣ ਲਈ ਹੋਰਨਾ ਵੈਕਸੀਨੇਸ਼ਨਾਂ ਵਾਂਗ ਇਹ ਟੀਕਾਕਰਨ ਵੀ ਪੇਂਡੂ ਡਿਸਪੈਂਸਰੀਆਂ ਅਤੇ ਸਬ ਸੈਂਟਰ ਅਤੇ ਲਗਾਉਣੇ ਚਾਹੀਦੇ ਹਨ ਤਾਂ ਜੋ ਲੋਕ ਆਪਣੇ ਘਰ ਦੀ ਨਜ਼ਦੀਕ ਹੀ ਇਸ ਸੁਵਿਧਾ ਦਾ ਲਾਭ ਪ੍ਰਾਪਤ ਕਰ ਸਕਣ।

